@Qpatrika | @qaumipatrika punjabi | instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

ਦਿੱਲੀ, ਹਿਮਾਚਲ, ਹਰਿਆਣਾ, ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖਣਡ ਸੇ ਪ੍ਰਸਾਰਿਤ। — दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Wednesday, 11 February 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਬੁੱਧਵਾਰ 11 ਫਰਵਰੀ 2026, 29 ਮਾਘ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 98, qpatrika@gmail.com ਫੋਨ : 9971359517 www.qaumipatrika.org

## ਕਿਤਾਬ ਵਿਵਾਦ 'ਚ ਜਨਰਲ ਨਰਵਣੇ ਦਾ ਪਹਿਲਾ ਬਿਆਨ

ਨਵੀਂ ਦਿੱਲੀ 10 ਫਰਵਰੀ। ਭਾਰਤ ਦੇ ਸਾਬਕਾ ਫ਼ੌਜ ਮੁਖੀ ਜਨਰਲ ਮਨੋਜ ਮੁਕੁੰਦ ਨਰਵਣੇ ਦੀ ਚਰਚਿਤ ਕਿਤਾਬ 'ਫੋਰ ਸਟਾਰਸ ਆਫ ਡੈਸਟੀਨੀ' ਨੂੰ ਲੈ ਕੇ ਚੱਲ ਰਹੇ ਵਿਵਾਦ ਦੇ ਵਿਚਕਾਰ, ਉਨ੍ਹਾਂ ਨੇ ਪਹਿਲੀ ਵਾਰ ਆਪਣੀ ਚੁੱਪੀ ਤੋੜੀ ਹੈ। ਜਨਰਲ ਨਰਵਣੇ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਪੋਸਟ ਰਾਹੀਂ ਕਿਤਾਬ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਸਾਂਝੀ ਕੀਤੀ ਹੈ। ਜਨਰਲ ਨਰਵਣੇ ਨੇ ਆਪਣੀ ਪੋਸਟ ਵਿੱਚ ਸਿਰਫ਼ 7 ਸ਼ਬਦਾਂ ਦੀ ਪ੍ਰਤੀਕਿਰਿਆ ਦਿੰਦਿਆਂ ਲਿਖਿਆ, ਕਿਤਾਬ ਦਾ ਤਾਜ਼ਾ ਸਟੇਟਸ ਇਹ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਕਿਤਾਬ ਦੇ



ਪ੍ਰਕਾਸ਼ਕ ਪੈਂਗੁਇਨ ਇੰਡੀਆ ਦੀ ਇੱਕ ਪੋਸਟ ਨੂੰ ਰੀ-ਪੋਸਟ ਕੀਤਾ ਹੈ। ਇਸ ਰਾਹੀਂ ਉਨ੍ਹਾਂ ਨੇ ਅਸਿੱਧੇ ਤੌਰ 'ਤੇ ਇਹ ਮੰਨ ਲਿਆ ਹੈ ਕਿ ਉਨ੍ਹਾਂ ਦੀ ਇਹ ਸਵੈ-ਜੀਵਨੀ ਅਜੇ ਤੱਕ ਪ੍ਰਕਾਸ਼ਿਤ ਨਹੀਂ ਹੋਈ ਹੈ। ਕਿਤਾਬ ਦੇ ਪ੍ਰਕਾਸ਼ਕ 'ਪੈਂਗੁਇਨ ਰੈਂਡਮ ਹਾਊਸ ਇੰਡੀਆ' ਨੇ ਸਪੱਸ਼ਟ ਕੀਤਾ ਹੈ ਕਿ ਇਸ ਕਿਤਾਬ ਦੇ ਪ੍ਰਕਾਸ਼ਨ ਦੇ ਸਾਰੇ ਅਧਿਕਾਰ ਉਨ੍ਹਾਂ ਕੋਲ ਹਨ, ਪਰ ਇਹ ਕਿਤਾਬ ਅਜੇ ਤੱਕ ਪ੍ਰਕਾਸ਼ਿਤ ਨਹੀਂ ਹੋਈ ਹੈ। ਉਨ੍ਹਾਂ ਕਿਹਾ ਕਿ ਕਿਤਾਬ ਦੀ ਕੋਈ ਵੀ ਕਾਪੀ, ਚਾਹੇ ਉਹ ਡਿਜੀਟਲ ਹੋਵੇ ਜਾਂ ਪ੍ਰਿੰਟ ਫਾਰਮੈਟ ਵਿੱਚ, ਅਜੇ ਤੱਕ ਨਾ ਤਾਂ ਛਪੀ ਹੈ, ਨਾ ਵੇਚੀ ਗਈ ਹੈ ਅਤੇ ਨਾ ਹੀ ਵੰਡੀ ਗਈ ਹੈ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਸੰਸਦ ਭਵਨ ਦੇ ਸਾਹਮਣੇ ਇਸ ਕਿਤਾਬ ਨੂੰ ਲਹਿਰਾਇਆ ਸੀ, ਜਿਸ ਤੋਂ ਬਾਅਦ ਵਿਵਾਦ ਹੋਰ ਗਰਮਾ ਗਿਆ ਸੀ। ਪ੍ਰਕਾਸ਼ਕ ਨੇ ਚੇਤਾਵਨੀ ਦਿੱਤੀ ਹੈ ਕਿ ਕਿਸੇ ਵੀ ਪਲੇਟਫਾਰਮ 'ਤੇ ਕਿਤਾਬ ਦੀ ਮੌਜੂਦਗੀ (ਪੀ.ਡੀ.ਐੱਫ. ਜਾਂ ਹੋਰ ਫਾਰਮੈਟ ਵਿੱਚ) ਕਾਪੀਰਾਈਟ ਦਾ ਉਲੰਘਣ ਹੈ। ਉਨ੍ਹਾਂ ਨੇ ਕਿਹਾ ਕਿ ਕਿਤਾਬ ਦੇ ਗੈਰ-ਕਾਨੂੰਨੀ ਅਤੇ ਬਿਨਾਂ ਇਜਾਜ਼ਤ ਦੇ ਬਟਵਾਰੇ ਦੇ ਖਿਲਾਫ਼ ਉਹ ਕਾਨੂੰਨੀ ਕਾਰਵਾਈ ਦਾ ਸਹਾਰਾ ਲੈਣਗੇ।

### ਪੈਂਗੁਇਨ ਇੰਡੀਆ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਕਿਤਾਬ ਦੇ ਕਿਸੇ ਵੀ ਅਣਅਧਿਕਾਰਤ ਸਰਕੂਲੇਸ਼ਨ ਨੂੰ ਤੁਰੰਤ ਬੰਦ ਕੀਤਾ ਜਾਵੇ

ਸ੍ਰੀ ਕੀਰਤਪੁਰ ਸਾਹਿਬ 10 ਫਰਵਰੀ। ਥਾਣਾ ਕੀਰਤਪੁਰ ਸਾਹਿਬ ਦੀ ਪੁਲਸ ਟੀਮ ਕੀਰਤਪੁਰ ਸਾਹਿਬ ਤੋਂ ਪਿੰਡ ਦਬੂੜ ਵੱਲ ਗਸ਼ਤ ਕਰ ਰਹੇ ਸਨ। ਇਸ ਦੌਰਾਨ ਜਦੋਂ ਉਹ ਪਿੰਡ ਦਬੂੜ ਟੀ-ਪੁਆਇੰਟ ਨੇੜੇ ਪਹੁੰਚੇ ਤਾਂ ਸਾਹਮਣੇ ਤੋਂ ਇਕ ਨੌਜਵਾਨ ਆਉਂਦਾ ਵਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਅਤੇ ਅਚਾਨਕ ਪਿੱਛੇ ਵੱਲ ਨੂੰ ਮੁੜਨ ਲੱਗ ਪਿਆ। ਏ. ਐੱਸ. ਆਈ. ਸੁਰਜੀਤ ਸਿੰਘ ਨੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਉਸ ਨੌਜਵਾਨ ਨੂੰ ਕਾਬੂ ਕਰਕੇ ਉਸ ਦਾ ਨਾਮ-ਪਤਾ ਪੁੱਛਿਆ। ਦੋਸ਼ੀ ਦੀ ਪਛਾਣ ਸੰਜੀਵ ਕੁਮਾਰ ਉਰਫ਼ ਸੰਜੂ ਵਾਸੀ ਪਿੰਡ ਮੌੜਾ, ਥਾਣਾ ਕੀਰਤਪੁਰ ਸਾਹਿਬ ਵਜੋਂ ਹੋਈ। ਤਲਾਸ਼ੀ ਦੌਰਾਨ ਪੁਲਸ ਨੇ ਉਸ ਨੌਜਵਾਨ ਕੋਲੋਂ 5.15 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਕੀਤਾ। ਇਸ ਸਬੰਧੀ ਥਾਣਾ ਕੀਰਤਪੁਰ ਸਾਹਿਬ ਵਿੱਚ ਸੰਜੀਵ ਕੁਮਾਰ ਦੇ ਖ਼?ਲਾਫ਼ ਐੱਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਥਾਣਾ ਮੁਖੀ ਇੰਸਪੈਕਟਰ ਜਤਿਨ ਕਪੂਰ ਨੇ ਦੱਸਿਆ ਕਿ ਅੱਜ ਦੋਸ਼ੀ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਇਕ ਦਿਨ ਦਾ ਪੁਲਸ ਰਿਮਾਂਡ ਲਿਆ ਗਿਆ ਹੈ।

# 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਕੈਸ਼ਲੈੱਸ ਇਲਾਜ ਦੇਣ ਦੀ ਵਿਵਸਥਾ: ਮੁੱਖ ਮੰਤਰੀ ਮਾਨ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਚੰਡੀਗੜ੍ਹ, 10 ਫਰਵਰੀ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਸੂਬਾ ਸਰਕਾਰ ਵੱਲੋਂ ਹਰੇਕ ਪਰਿਵਾਰ ਲਈ ਸ਼ੁਰੂ ਕੀਤੀ 'ਮੁੱਖ ਮੰਤਰੀ ਸਿਹਤ ਯੋਜਨਾ' ਬਾਰੇ ਪੰਜਾਬ ਵਿਰੋਧੀ ਤਾਕਤਾਂ ਦੁਆਰਾ ਕੀਤੇ ਜਾ ਰਹੇ ਕੂੜ ਪ੍ਰਚਾਰ ਤੋਂ ਗੁੰਮਰਾਹ ਨਾ ਹੋਣ। ਇਕ ਵੀਡੀਓ ਸੰਦੇਸ਼ ਰਾਹੀਂ ਲੋਕਾਂ ਨੂੰ ਮੁਖਾਤਬ ਹੁੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਨੇ ਲੋਕ ਭਲਾਈ ਵਾਲੀ ਇਸ ਪ੍ਰਮੁੱਖ ਸਕੀਮ ਦੀ ਸ਼ੁਰੂਆਤ ਕੀਤੀ ਹੈ ਤਾਂ ਕਿ ਪੰਜਾਬ ਦੇ ਹਰੇਕ ਨਾਗਰਿਕ ਖਾਸ ਤੌਰ ਉਤੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਕੈਸ਼ਲੈੱਸ ਇਲਾਜ ਕਰਵਾਉਣ ਤੱਕ ਸਿੱਧੀ ਪਹੁੰਚ ਹੋ ਸਕੇ। ਇਸ ਪਹਿਲਕਦਮੀ ਬਾਰੇ ਦੱਸਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, "ਲੋਕਾਂ ਨੂੰ ਵਿਆਪਕ ਸਿਹਤ ਸੰਭਾਲ ਪ੍ਰਦਾਨ ਕਰਨ ਲਈ ਸੂਬਾ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਸ਼ੁਰੂ ਕੀਤੀ ਹੈ, ਜੋ ਕਿ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਯੋਜਨਾ ਹੈ, ਜਿਸ ਦੇ ਤਹਿਤ ਪੰਜਾਬ ਦਾ ਹਰ ਪਰਿਵਾਰ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਕਰਵਾਉਣ ਦਾ ਹੱਕਦਾਰ ਹੈ। ਇਸ ਨੂੰ ਇਤਿਹਾਸਕ ਪ੍ਰਾਪਤੀ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, ਇਹ ਬਹੁਤ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ ਪੰਜਾਬ ਵਿਆਪਕ ਪੱਧਰ



'ਤੇ ਮੁਫ਼ਤ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਵਾਲਾ ਪਹਿਲਾ ਭਾਰਤੀ ਸੂਬਾ ਬਣ ਗਿਆ ਹੈ। ਇਹ ਸਕੀਮ ਲੋਕਾਂ 'ਤੇ ਵਿੱਤੀ ਬੋਝ ਨੂੰ ਕਾਫ਼ੀ ਘਟਾਏਗੀ ਅਤੇ ਨਾਲ ਹੀ ਮਿਆਰੀ ਸਿਹਤ ਸੇਵਾਵਾਂ ਤੱਕ ਪਹੁੰਚ ਨੂੰ ਯਕੀਨੀ ਬਣਾਏਗੀ। ਇਸ ਸਕੀਮ ਤਹਿਤ ਰਜਿਸਟਰ ਹੋਣ ਬਾਰੇ ਜਾਣਕਾਰੀ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਇਤਿਹਾਸਕ ਕਦਮ ਦਾ ਉਦੇਸ਼ ਸੂਬੇ ਦੇ ਸਾਰੇ ਪਰਿਵਾਰਾਂ ਨੂੰ ਕੈਸ਼ਲੈੱਸ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ। ਸਾਰੇ ਸਰਕਾਰੀ ਕਰਮਚਾਰੀ, ਪੈਨਸ਼ਨਰ ਅਤੇ ਹੋਰ ਨਾਗਰਿਕ ਸਿਹਤ ਕਾਰਡ ਲਈ ਯੋਗ ਹਨ ਅਤੇ ਇਹ ਸਿਹਤ ਕਾਰਡ ਸੁਵਿਧਾ ਕੇਂਦਰਾਂ ਅਤੇ ਕਾਮਨ ਸਰਵਿਸ ਸੈਂਟਰਾਂ ਤੋਂ ਜਾਂ ਆਧਾਰ ਕਾਰਡ ਜਾਂ ਵੋਟਰ ਕਾਰਡ ਦੀ ਵਰਤੋਂ ਕਰਕੇ ਆਨਲਾਈਨ ਰਜਿਸਟ?ਰੇਸ਼ਨ ਰਾਹੀਂ ਪ੍ਰਾਪਤ ਕੀਤਾ ਜਾ ਸਕਦਾ ਹੈ। ਲੋਕਾਂ ਵੱਲੋਂ ਮਿਲ ਰਹੇ ਹੁੰਗਾਰੇ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਪੰਜਾਬ ਦੇ ਲੋਕਾਂ ਨੇ ਭਰਵਾਂ ਸਵਾਗਤ ਕੀਤਾ ਹੈ ਅਤੇ ਲੋਕ ਇਸ ਸਕੀਮ ਦਾ ਲਾਭ ਲੈਣ ਲਈ ਵੱਡੀ ਗਿਣਤੀ ਵਿੱਚ ਅੱਗੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਨੇ ਉਨ੍ਹਾਂ ਪਰਿਵਾਰਾਂ ਨੂੰ ਵੱਡੀ ਰਾਹਤ ਪਹੁੰਚਾਈ ਹੈ, ਜਿਨ੍ਹਾਂ ਨੂੰ ਪਹਿਲਾਂ ਬਿਮਾਰੀ ਦੇ ਇਲਾਜ ਦਾ ਭਾਰੀ ਖ਼ਰਚਾ ਆਪਣੀਆਂ ਜੇਬਾਂ ਵਿੱਚੋਂ ਅਦਾ ਕਰਨਾ ਪੈਂਦਾ ਸੀ। ਮੁੱਖ ਮੰਤਰੀ ਨੇ ਗੁੰਮਰਾਹਕੁੰਨ ਜਾਣਕਾਰੀ ਫੈਲਾਉਣ ਵਿਰੁੱਧ ਚੇਤਾਵਨੀ ਦਿੰਦਿਆਂ ਕਿਹਾ ਕਿ ਕੁਝ ਪੰਜਾਬ ਵਿਰੋਧੀ ਤਾਕਤਾਂ, ਜੋ ਨਹੀਂ ਚਾਹੁੰਦੀਆਂ ਕਿ ਸੂਬੇ ਦੇ ਲੋਕਾਂ ਨੂੰ ਅਜਿਹੀਆਂ ਸਹੂਲਤਾਂ ਦਾ ਲਾਭ ਮਿਲੇ, ਜਾਣ-ਬੁੱਝ ਕੇ ਇਸ ਪ੍ਰਮੁੱਖ ਯੋਜਨਾ ਬਾਰੇ ਝੂਠ ਫੈਲਾ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿਰੋਧੀਆਂ ਵੱਲੋਂ ਯੋਜਨਾ ਨੂੰ ਲੈ ਕੇ ਕੀਤੀ ਜਾ ਰਹੀ ਬੇਹੂਦਾ ਬਿਆਨਬਾਜ਼ੀ ਲੋਕਾਂ ਨੂੰ ਇਸ ਯੋਜਨਾ ਪ੍ਰਤੀ ਸਿਰਫ਼ ਨਿਰਾਸ਼ ਕਰਨ ਦੇ ਇਰਾਦੇ ਨਾਲ ਹੈ, ਜੋ ਕਿ ਪੂਰੀ ਤਰ੍ਹਾਂ ਗੈਰ-ਵਾਜਬ ਅਤੇ ਅਣਉਚਿਤ ਹੈ ਹਸਪਤਾਲਾਂ ਨੂੰ ਪੈਨਲ ਵਿੱਚ ਸ਼ਾਮਲ ਕਰਨ ਦੀ ਪ੍ਰਕਿਰਿਆ ਨੂੰ ਸਪੱਸ਼ਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਸੂਬਾ ਸਰਕਾਰ ਨੇ ਇਸ ਯੋਜਨਾ ਤਹਿਤ ਵੱਧ ਤੋਂ ਵੱਧ ਨਿੱਜੀ ਹਸਪਤਾਲਾਂ ਨੂੰ ਸੂਚੀਬੱਧ ਕੀਤਾ ਹੈ ਅਤੇ ਇਸ ਯੋਜਨਾ ਤਹਿਤ ਸਰਕਾਰ ਵੱਲੋਂ ਲਗਭਗ 2,600 ਬਿਮਾਰੀਆਂ ਅਤੇ ਇਲਾਜ ਸੇਵਾਵਾਂ ਲਈ ਦਰਾਂ ਨਿਰਧਾਰਤ ਕੀਤੀਆਂ ਗਈਆਂ ਹਨ।

Contd..........page-3

## ਪ੍ਰਧਾਨ ਮੰਤਰੀ ਮੋਦੀ ਸਦਨ 'ਚ ਆਉਣ ਤੋਂ ਡਰੇ ਹੋਏ ਹਨ : ਰਾਹੁਲ ਗਾਂਧੀ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 10 ਫਰਵਰੀ। ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਸੋਮਵਾਰ ਨੂੰ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਦਨ 'ਚ ਆਉਣ ਤੋਂ ਡਰੇ ਹੋਏ ਹਨ ਕਿਉਂਕਿ ਉਹ ਉਸ ਸੱਚਾਈ ਦਾ ਸਾਹਮਣਾ ਨਹੀਂ ਕਰ ਸਕਦੇ ਜਿਸ ਨੂੰ ਉਹ (ਰਾਹੁਲ) ਸਾਬਕਾ ਫ਼ੌਜ ਮੁਖੀ ਐੱਮ. ਐੱਮ. ਨਰਵਣੇ ਦੀ ਕਿਤਾਬ ਦੇ ਇਕ ਅੰਸ਼ ਦਾ ਹਵਾਲਾ ਦਿੰਦੇ ਹੋਏ ਸਾਹਮਣੇ ਰੱਖਣਾ ਚਾਹੁੰਦੇ ਸਨ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਦੇ ਨਾਲ ਸਦਨ 'ਚ ਕਿਸੇ ਵਿਰੋਧੀ ਮੈਂਬਰ ਵੱਲੋਂ 'ਹਮਲਾ ਕਰਨ' ਦਾ ਕੋਈ ਸਵਾਲ ਹੀ ਨਹੀਂ ਪੈਦਾ ਹੁੰਦਾ ਅਤੇ ਜੇਕਰ ਕੋਈ ਅਜਿਹੀ ਹਰਕਤ ਕਰ ਦੇਵੇ ਤਾਂ ਐੱਫ. ਆਈ. ਆਰ. ਦਰਜ ਕਰ ਕੇ ਉਸ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਬੀਤੇ ਵੀਰਵਾਰ ਨੂੰ ਕਿਹਾ ਸੀ ਕਿ ਇਸ ਤੋਂ ਇਕ ਦਿਨ ਪਹਿਲਾਂ ਕਾਂਗਰਸ ਦੇ ਕਈ ਮੈਂਬਰ ਸਦਨ ਦੇ ਨੇਤਾ (ਪ੍ਰਧਾਨ ਮੰਤਰੀ) ਦੀ ਚੇਅਰ ਨੇੜੇ ਪਹੁੰਚ ਕੇ ਕਿਸੇ ਅਣਸੁਖਾਵੀਂ ਘਟਨਾ ਨੂੰ ਅੰਜਾਮ ਦੇਣਾ ਚਾਹੁੰਦੇ ਸਨ, ਇਸ ਲਈ ਉਨ੍ਹਾਂ ਦੇ ਕਹਿਣ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਦਨ 'ਚ ਨਹੀਂ ਆਏ। ਰਾਹੁਲ ਗਾਂਧੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਇਹ ਗੱਲ ਕੁਝ ਦਿਨ ਪਹਿਲਾਂ ਸ਼ੁਰੂ ਹੋਈ ਜਦੋਂ



ਨਰਵਣੇ ਦੀ ਕਿਤਾਬ ਦਾ ਮੁੱਦਾ ਆਇਆ ਅਤੇ ਸਰਕਾਰ ਨਹੀਂ ਚਾਹੁੰਦੀ ਸੀ ਕਿ ਮੈਂ ਉਸ 'ਤੇ ਕੋਈ ਵੀ ਚਰਚਾ ਕਰਾਂ। ਇਸ ਲਈ ਉਨ੍ਹਾਂ ਨੇ ਸਦਨ ਦੀ ਕਾਰਵਾਈ ਨਹੀਂ ਚੱਲਣ ਦਿੱਤੀ। ਉਨ੍ਹਾਂ ਨੇ ਮੈਨੂੰ ਬੋਲਣ ਨਹੀਂ ਦਿੱਤਾ। ਅਜਿਹਾ ਤਿੰਨ-ਚਾਰ ਵਾਰ ਹੋਇਆ। ਉਨ੍ਹਾਂ ਦਾ ਕਹਿਣਾ ਸੀ ਕਿ ਪਹਿਲਾਂ ਉਨ੍ਹਾਂ ਨੇ ਕਿਹਾ ਕਿ ਮੈਂ ਕਿਸੇ ਕਿਤਾਬ ਦਾ ਹਵਾਲਾ ਨਹੀਂ ਦੇ ਸਕਦਾ। ਫਿਰ ਮੈਂ ਕਿਹਾ ਕਿ ਮੈਂ ਕਿਤਾਬ ਦਾ ਨਹੀਂ, ਇਕ ਮੈਗਜ਼ੀਨ ਦਾ ਹਵਾਲਾ ਦੇ ਰਿਹਾ ਹਾਂ। ਓਦੋਂ ਉਨ੍ਹਾਂ ਨੇ ਕਿਹਾ ਕਿ ਤੁਸੀਂ ਮੈਗਜ਼ੀਨ ਦਾ ਵੀ ਹਵਾਲਾ ਨਹੀਂ ਦੇ ਸਕਦੇ। ਫਿਰ ਮੈਂ ਕਿਹਾ ਕਿ ਮੈਂ ਉਸ 'ਤੇ ਬੋਲਾਂਗਾ। ਓਦੋਂ ਉਨ੍ਹਾਂ ਨੇ ਕਿਹਾ ਕਿ ਤੁਸੀਂ ਉਸ 'ਤੇ ਬੋਲ ਵੀ ਨਹੀਂ ਸਕਦੇ। ਰੱਖਿਆ ਮੰਤਰੀ ਨੇ ਗਲਤ ਤਰੀਕੇ ਨਾਲ ਕਿਹਾ ਕਿ ਉਹ ਕਿਤਾਬ ਪ੍ਰਕਾਸ਼ਿਤ ਹੀ ਨਹੀਂ ਹੋਈ ਹੈ, ਜਦਕਿ ਸੱਚਾਈ ਇਹ ਹੈ ਕਿ ਉਹ ਕਿਤਾਬ ਪ੍ਰਕਾਸ਼ਿਤ ਹੋ ਚੁੱਕੀ ਹੈ ਅਤੇ ਸਾਡੇ ਕੋਲ ਉਸ ਦੀ ਇਕ ਕਾਪੀ ਵੀ ਹੈ। ਰਾਹੁਲ ਗਾਂਧੀ ਦਾ ਕਹਿਣਾ ਸੀ ਕਿ ਇਹ ਵੱਡਾ ਮੁੱਦਾ ਹੈ ਕਿ ਰਾਸ਼ਟਰਪਤੀ ਦੇ ਭਾਸ਼ਣ 'ਤੇ ਵਿਰੋਧੀ ਧਿਰ ਦੇ ਨੇਤਾ ਅਤੇ ਪੂਰੀ ਧਿਰ ਨੂੰ ਬੋਲਣ ਨਹੀਂ ਦਿੱਤਾ ਗਿਆ। ਉਨ੍ਹਾਂ ਨੇ ਕਿਹਾ ਕਿ ਦੂਜਾ ਮੁੱਦਾ ਇਹ ਹੈ ਕਿ ਉਨ੍ਹਾਂ ਦੇ ਇਕ ਮੈਂਬਰ (ਨਿਸ਼ੀਕਾਂਤ ਦੂਬੇ) ਨੇ ਕਈ ਕਿਤਾਬਾਂ ਦਾ ਹਵਾਲਾ ਦਿੰਦੇ ਹੋਏ ਬਹੁਤ ਹੀ ਇਤਰਾਜ਼ਯੋਗ ਗੱਲਾਂ ਕਹੀਆਂ ਅਤੇ ਉਸ 'ਤੇ ਕੁਝ ਵੀ ਨਹੀਂ ਕਿਹਾ ਗਿਆ। ਉਹ ਜੋ ਚਾਹੁਣ, ਜਦੋਂ ਚਾਹੁਣ ਕਹਿ ਸਕਦੇ ਹਨ ਅਤੇ ਵਿਰੋਧੀ ਧਿਰ ਨੂੰ ਬੋਲਣ ਤੱਕ ਦੀ ਇਜਾਜ਼ਤ ਨਹੀਂ ਹੈ?

## ਮਹਾਰਾਸ਼ਟਰ ਦੀ ਡਿਪਟੀ ਮੁੱਖ ਮੰਤਰੀ ਸੁਨੇਤਰਾ ਪਵਾਰ ਨੇ ਅਹੁਦਾ ਸੰਭਾਲਿਆ

ਮੁੰਬਈ 10 ਫਰਵਰੀ। ਮਹਾਰਾਸ਼ਟਰ ਦੀ ਉੱਪ ਮੁੱਖ ਮੰਤਰੀ ਸੁਨੇਤਰਾ ਪਵਾਰ ਨੇ ਆਪਣੇ ਪਤੀ ਅਤੇ ਉੱਪ ਮੁੱਖ ਮੰਤਰੀ ਅਜੀਤ ਪਵਾਰ ਦੇ ਦਿਹਾਂਤ ਦੇ 13 ਦਿਨਾਂ ਬਾਅਦ ਮੰਗਲਵਾਰ ਨੂੰ ਰਾਜ ਸਕੱਤਰੇਤ ਮੰਤਰਾਲਾ 'ਚ ਆਪਣਾ ਅਹੁਦਾ ਸੰਭਾਲਿਆ। ਉੱਪ ਮੁੱਖ ਮੰਤਰੀ ਦਫ਼ਤਰ 'ਚ ਆਪਣੀ ਸੀਟ ਸੰਭਾਲਦੇ ਸਮੇਂ ਉਨ੍ਹਾਂ ਨਾਲ ਰਾਸ਼ਟਰਵਾਦੀ ਕਾਂਗਰਸ ਪਾਰਟੀ (ਰਾਕਾਂਪਾ) ਦੇ ਸੀਨੀਅਰ ਨੇਤਾਵਾਂ ਪ੍ਰਫ਼ੁੱਲ ਪਟੇਲ, ਸੁਨੀਲ ਤਟਕਰੇ, ਛਗਨ ਭੁਜਬਲ ਅਤੇ ਧਨੰਜਯ ਮੁੰਡੇ ਤੋਂ ਇਲਾਵਾ ਉਨ੍ਹਾਂ ਦੇ ਬੇਟੇ ਪਾਰਥ ਪਵਾਰ ਵੀ ਮੌਜੂਦ ਸਨ। ਇਹ ਪਲ ਸੂਬਾ ਲੀਡਰਸ਼ਿਪ ਲਈ ਇਕ ਪਰਿਵਰਤਨ ਵਾਲਾ ਸੀ। ਸੁਨੇਤਰਾ ਪਵਾਰ ਮੰਗਲਵਾਰ ਨੂੰ ਹੋਣ ਵਾਲੀ ਕੈਬਨਿਟ ਦੀ ਬੈਠਕ 'ਚ ਸ਼ਾਮਲ ਹੋਵੇਗੀ। ਇਹ ਅਜੀਤ ਪਵਾਰ ਦੇ ਦਿਹਾਂਤ ਮਗਰੋਂ ਕੈਬਨਿਟ ਦੀ ਪਹਿਲੀ ਬੈਠਕ ਹੈ। ਉਹ 23 ਫਰਵਰੀ ਨੂੰ ਹੋਣ ਵਾਲੇ ਬਜਟ ਸੈਸ਼ਨ ਲਈ ਕਾਰਜ ਮੰਤਰਨਾ ਕਮੇਟੀ ਦੀ ਬੈਠਕ 'ਚ ਹੀ ਹਿੱਸਾ ਲਵੇਗੀ। ਰਾਕਾਂਪਾ ਨੇਤਾ ਅਜੀਤ ਪਵਾਰ ਦਾ 28 ਜਨਵਰੀ ਨੂੰ ਪੁਣੇ ਜ਼ਿਲ੍ਹੇ ਦੇ ਬਾਰਾਮਤੀ 'ਚ ਇਕ ਜਹਾਜ਼ ਹਾਦਸੇ 'ਚ ਦਿਹਾਂਤ ਹੋ ਗਿਆ ਸੀ। ਸੁਨੇਤਰਾ ਪਵਾਰ ਨੇ 31 ਜਨਵਰੀ ਨੂੰ ਰਾਜ ਦੀ ਪਹਿਲੀ ਉੱਪ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਉਨ੍ਹਾਂ ਨੂੰ ਆਬਕਾਰੀ, ਖੇਡ, ਘੱਟ ਗਿਣਤੀ ਕਲਿਆਣ ਅਤੇ ਔਕਾਫ਼ ਵਿਭਾਗਾਂ ਦਾ ਚਾਰਜ ਦਿੱਤਾ ਗਿਆ ਹੈ ਅਤੇ ਨਾਲ ਹੀ ਉਨ੍ਹਾਂ ਨੂੰ ਬੀਡ ਅਤੇ ਪੁਣੇ ਦਾ ਸਰਪ੍ਰਸਤ ਮੰਤਰੀ ਵੀ ਨਿਯੁਕਤ ਕੀਤਾ ਗਿਆ ਹੈ। ਉਹ ਮੰਗਲਵਾਰ ਤੜਕੇ ਪੁਣੇ ਤੋਂ ਮੁੰਬਈ ਪਹੁੰਚੀ ਅਤੇ ਦਾਦਰ ਖੇਤਰ ਦੇ ਚੈਤਯਭੂਮੀ ਸਥਿਤ ਸਿੱਧੀਵਿਨਾਇਕ ਮੰਦਰ ਅਤੇ ਬੀਆਰ ਅੰਬੇਡਕਰ ਸਮਾਰਕ 'ਤੇ ਪ੍ਰਾਰਥਨਾ ਕੀਤੀ।

## ਬਾਲ ਜੋਗੀ ਪਰਗਟ ਨਾਥ ਦੀ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਦੇ ਸ਼ਰਾਈਨ ਬੋਰਡ ਦੇ ਸਲਾਹਕਾਰ ਬੋਰਡ ਦੇ ਚੇਅਰਮੈਨ ਵਜੋਂ ਨਿਯੁਕਤੀ

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਚੰਡੀਗੜ੍ਹ, 10 ਫਰਵਰੀ: ਭਗਵਾਨ ਵਾਲਮੀਕਿ ਜੀ ਤੀਰਥ ਸਥਲ ਨੂੰ ਵੱਡੇ ਅਤੇ ਕੌਮਾਂਤਰੀ ਕੇਂਦਰ ਵਜੋਂ ਵਿਕਸਤ ਕਰਨ ਦੇ ਸਪਸ਼ਟ ਵਿਜ਼ਨ ਦੇ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸ੍ਰੀ ਬਾਲ ਜੋਗੀ ਪਰਗਟ ਨਾਥ ਨੂੰ ਦੇ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਦੇ ਸ਼ਰਾਈਨ ਬੋਰਡ ਦੇ ਸਲਾਹਕਾਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਨੂੰ ਦਲਿਤ ਆਸਥਾ, ਵਿਰਾਸਤ ਅਤੇ ਅਧਿਆਤਮਿਕ ਫਲਸਫੇ ਦੇ ਵਿਸ਼ਵ ਪੱਧਰੀ ਮਾਨਤਾ ਪ੍ਰਾਪਤ ਕੇਂਦਰ ਵਜੋਂ ਉਭਾਰਨ ਦੀ ਭਗਵੰਤ ਮਾਨ ਸਰਕਾਰ ਦੀ ਨੀਅਤ ਨੂੰ ਦਰਸਾਉਂਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਬਾਲ ਜੋਗੀ ਪਰਗਟ ਨਾਥ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਨੂੰ ਦਲਿਤ ਆਸਥਾ ਦੇ ਕੌਮਾਂਤਰੀ ਕੇਂਦਰ ਵਜੋਂ ਵਿਕਸਤ ਕੀਤਾ ਜਾਵੇਗਾ, ਜੋ ਦੁਨੀਆ ਭਰ ਦੇ ਸ਼ਰਧਾਲੂਆਂ, ਵਿਦਵਾਨਾਂ ਅਤੇ ਸੈਲਾਨੀਆਂ ਨੂੰ ਆਪਣੇ ਵੱਲ ਖਿੱਚੇਗਾ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਾਰਤ ਦੇ ਵਿਕਾਸ ਵਿੱਚ ਦਲਿਤ ਭਾਈਚਾਰੇ ਦਾ ਵੱਡਾ ਯੋਗਦਾਨ ਰਿਹਾ ਹੈ ਅਤੇ ਭਗਵੰਤ ਮਾਨ ਸਰਕਾਰ ਇਸ ਯੋਗਦਾਨ ਦਾ ਸਤਿਕਾਰ ਕਰਨ ਅਤੇ ਇਸ ਨੂੰ ਘਰ-ਘਰ ਪਹੁੰਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਅੱਗੇ ਕਿਹਾ, ਭਗਵਾਨ ਵਾਲਮੀਕਿ ਜੀ ਤੀਰਥ ਸਥਲ ਨਾ ਸਿਰਫ਼ ਆਸਥਾ ਦਾ ਪਵਿੱਤਰ ਸਥਾਨ ਹੈ, ਸਗੋਂ ਬਹੁਤ ਵੱਡੀ ਸੱਭਿਅਤਾ ਵਾਲਾ ਮਹੱਤਵਪੂਰਨ ਸਥਾਨ ਵੀ ਹੈ। ਇਸ ਦਾ ਕੌਮਾਂਤਰੀ ਪੱਧਰ ਦਾ ਵਿਕਾਸ ਭਗਵਾਨ ਵਾਲਮੀਕਿ ਜੀ ਨਾਲ ਦੇ ਬਰਾਬਰੀ, ਮਾਣ-ਸਤਿਕਾਰ ਅਤੇ ਸਮਾਜਿਕ ਨਿਆਂ ਦੀਆਂ ਸਿਖਿਆਵਾਂ ਵਿਸ਼ਵ ਦੇ ਕੋਨੇ-ਕੋਨੇ ਤੱਕ ਪਹੁੰਚਾਉਣ ਵਿੱਚ ਸਹਾਈ ਹੋਵੇਗਾ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਨੂੰ ਅਜਿਹੇ ਤਰੀਕੇ ਨਾਲ ਵਿਕਸਤ ਕਰਨ ਦੇ ਲੰਬੇ ਸਮੇਂ ਦੇ ਵਿਜ਼ਨ ਨਾਲ ਕੰਮ ਕਰ ਰਹੀ ਹੈ ਕਿ ਭਗਵਾਨ ਵਾਲਮੀਕਿ ਜੀ ਦੇ ਜੀਵਨ, ਫਲਸਫੇ ਅਤੇ ਸਦੀਵੀ ਯੋਗਦਾਨ ਨੂੰ ਵਿਸ਼ਵ ਮੰਚ 'ਤੇ ਪੇਸ਼ ਕੀਤਾ ਜਾ ਸਕੇ। ਉਨ੍ਹਾਂ ਕਿਹਾ, ਕੋਸ਼ਿਸ਼ ਇਹ ਹੈ ਕਿ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਨੂੰ ਕੌਮਾਂਤਰੀ ਪ੍ਰਸਿੱਧੀ ਵਾਲੇ ਅਜਿਹੇ ਸਥਾਨ ਵਜੋਂ ਵਿਕਸਿਤ ਕੀਤਾ ਜਾਵੇ, ਜਿੱਥੇ ਆਸਥਾ, ਇਤਿਹਾਸ ਅਤੇ ਸਿੱਖਿਆ ਦਾ ਸੁਮੇਲ ਹੋਵੇ, ਜਿਸ ਨਾਲ ਵੱਖ-ਵੱਖ ਦੇਸ਼ਾਂ ਦੇ ਲੋਕ ਆਦਿ ਕਵੀ ਭਗਵਾਨ ਵਾਲਮੀਕਿ ਜੀ ਦੀ ਅਧਿਆਤਮਿਕ ਅਤੇ ਬੌਧਿਕ ਵਿਰਾਸਤ ਨਾਲ ਜੁੜ ਸਕਣ। ਪੰਜਾਬ ਦੇ ਵਿੱਤ ਮੰਤਰੀ ਨੇ ਕਿਹਾ, ਦਲਿਤ ਆਸਥਾ ਅਤੇ ਵਿਰਾਸਤ ਨੂੰ ਵਿਸ਼ਵ ਪੱਧਰੀ ਮਾਨਤਾ ਦੇਣਾ ਮਾਣ ਅਤੇ ਨਿਆਂ ਦਾ ਵਿਸ਼ਾ ਹੈ। ਭਗਵਾਨ ਵਾਲਮੀਕਿ ਜੀ ਤੀਰਥ ਸਥਲ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਵਿਕਸਤ ਕਰਨਾ ਸਰਕਾਰ ਇਸ ਸੰਕਲਪ ਨੂੰ ਦਰਸਾਉਂਦਾ ਹੈ ਕਿ ਇਸ ਵਿਰਾਸਤ ਨੂੰ ਉਹ ਸਤਿਕਾਰ ਅਤੇ ਮਾਨਤਾ ਮਿਲੇ ਜਿਸਦੀ ਇਹ ਦੁਨੀਆ ਭਰ ਵਿੱਚ ਹੱਕਦਾਰ ਹੈ।

**ਭਗਵਾਨ ਵਾਲਮੀਕਿ ਜੀ ਤੀਰਥ ਸਥਲ: ਆਸਥਾ, ਇਤਿਹਾਸ ਅਤੇ ਅਧਿਆਤਮਿਕ ਵਿਰਾਸਤ ਦਾ ਪ੍ਰਤੀਕ**

ਅੰਮ੍ਰਿਤਸਰ ਦੇ ਨੇੜੇ ਸਥਿਤ ਭਗਵਾਨ ਵਾਲਮੀਕਿ ਜੀ ਦਾ ਇਹ ਪਵਿੱਤਰ ਅਸਥਾਨ ਆਸਥਾ, ਇਤਿਹਾਸ ਅਤੇ ਅਧਿਆਤਮਿਕ ਵਿਰਾਸਤ ਦਾ ਇੱਕ ਸਦੀਵੀ ਪ੍ਰਤੀਕ ਹੈ। ਅੰਮ੍ਰਿਤਸਰ ਤੋਂ ਲਗਭਗ 12 ਕਿਲੋਮੀਟਰ ਪੱਛਮ ਵਿੱਚ ਚੋਗਾਵਾਂ ਰੋਡ 'ਤੇ ਸਥਿਤ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਰਾਮਾਇਣ ਕਾਲ ਦਾ ਹੈ ਅਤੇ ਮਹਾਰਿਸ਼ੀ ਵਾਲਮੀਕਿ ਜੀ ਦੇ ਆਸ਼ਰਮ ਵਜੋਂ ਪੂਜਿਆ ਜਾਂਦਾ ਹੈ। ਇਸ ਪਵਿੱਤਰ ਸਥਾਨ 'ਤੇ ਇੱਕ ਪ੍ਰਾਚੀਨ ਸਰੋਵਰ ਅਤੇ ਕਈ ਮੰਦਰ ਹਨ। ਇੱਥੇ ਇੱਕ ਕੁਟੀਆ ਵੀ ਹੈ ਜੋ ਉਸ ਸਥਾਨ ਦੀ ਨਿਸ਼ਾਨਦੇਹੀ ਕਰਦੀ ਹੈ ਜਿੱਥੇ ਮਾਤਾ ਸੀਤਾ ਜੀ ਨੇ ਆਪਣੇ ਦੋ ਪੁੱਤਰਾਂ ਲਵ ਅਤੇ ਕੁਸ਼ ਨੂੰ ਜਨਮ ਦਿੱਤਾ ਸੀ। ਇਸ ਤੀਰਥ 'ਤੇ ਭਗਵਾਨ ਵਾਲਮੀਕਿ ਜੀ ਦੀ ਕੁਟੀਆ ਵੀ ਮੌਜੂਦ ਹੈ। ਇੱਥੇ ਪੁਰਾਤਨ ਸਮੇਂ ਤੋਂ ਨਵੰਬਰ ਵਿੱਚ ਪੂਰਨਮਾਸ਼ੀ ਦੀ ਰਾਤ ਤੋਂ ਚਾਰ ਰੋਜ਼ਾ ਮੇਲਾ ਲੱਗਦਾ ਆ ਰਿਹਾ ਹੈ। ਚੋਗਾਵਾਂ ਰੋਡ 'ਤੇ ਸਥਿਤ ਇਹ ਅਸਥਾਨ ਮਹਾਰਿਸ਼ੀ ਵਾਲਮੀਕਿ ਜੀ ਦੀ ਮਹਾਨ ਵਿਰਾਸਤ ਨੂੰ ਯਾਦ ਕਰਵਾਉਂਦਾ ਹੈ।

**ਭਗਵਾਨ ਵਾਲਮੀਕਿ ਜੀ ਪੈਨੋਰਾਮਾ: ਆਸਥਾ ਅਤੇ ਸਤਿਕਾਰ ਦੀ ਮਿਸਾਲ**

ਭਗਵੰਤ ਮਾਨ ਸਰਕਾਰ ਨੇ ਦਲਿਤ ਆਸਥਾ ਪ੍ਰਤੀ ਸਤਿਕਾਰ ਨੂੰ ਅਮਲੀ ਰੂਪ ਦਿੱਤਾ ਹੈ। ਅਕਤੂਬਰ 2024 ਵਿੱਚ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੰਮ੍ਰਿਤਸਰ ਵਿਖੇ ਅਤਿ-ਆਧੁਨਿਕ 'ਭਗਵਾਨ ਵਾਲਮੀਕਿ ਜੀ ਪੈਨੋਰਾਮਾ' ਲੋਕਾਂ ਨੂੰ ਸਮਰਪਿਤ ਕੀਤਾ ਸੀ। ਉਨ੍ਹਾਂ ਨੇ ਇਸ ਨੂੰ ਦੁਨੀਆ ਦੇ ਪਹਿਲੇ ਮਹਾਂਕਾਵਿ ਰਾਮਾਇਣ ਦੇ ਰਚੇਤਾ ਆਦਿ ਕਵੀ ਭਗਵਾਨ ਵਾਲਮੀਕਿ ਜੀ ਨੂੰ ਇੱਕ ਨਿਮਰ ਸ਼ਰਧਾਂਜਲੀ ਦੱਸਿਆ ਸੀ।

## ਸਪੀਕਰ ਓਮ ਬਿਰਲਾ ਦਾ ਵੱਡਾ ਫ਼ੈਸਲਾ

ਨਵੀਂ ਦਿੱਲੀ 10 ਫਰਵਰੀ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਇਕ ਅਹਿਮ ਫੈਸਲਾ ਲੈਂਦਿਆਂ ਐਲਾਨ ਕੀਤਾ ਹੈ ਕਿ ਜਦੋਂ ਤੱਕ ਵਿਰੋਧੀ ਧਿਰ ਵੱਲੋਂ ਉਨ੍ਹਾਂ ਦੇ ਖਿਲਾਫ ਲਿਆਂਦੇ ਗਏ ਬੇਭਰੋਸਗੀ ਮਤੇ (ਹਟਾਉਣ ਦੇ ਪ੍ਰਸਤਾਵ) 'ਤੇ ਕੋਈ ਫੈਸਲਾ ਨਹੀਂ ਹੋ ਜਾਂਦਾ, ਉਹ ਸਦਨ 'ਚ ਨਹੀਂ ਜਾਣਗੇ। ਸੂਤਰਾਂ ਅਨੁਸਾਰ, ਉਨ੍ਹਾਂ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਇਸ ਪ੍ਰਸਤਾਵ 'ਤੇ ਸਦਨ 'ਚ ਚਰਚਾ ਅਤੇ ਫੈਸਲਾ ਨਹੀਂ ਹੁੰਦਾ, ਉਹ ਲੋਕ ਸਭਾ ਦੀ ਕਾਰਵਾਈ 'ਚ ਹਿੱਸਾ ਨਹੀਂ ਲੈਣਗੇ। ਸੂਤਰਾਂ ਅਨੁਸਾਰ, ਹਾਲਾਂਕਿ ਸੰਸਦੀ ਨਿਯਮਾਂ 'ਚ ਅਜਿਹੀ ਕੋਈ ਕਾਨੂੰਨੀ ਪਾਬੰਦੀ ਜਾਂ ਮਜ਼ਬੂਰੀ ਨਹੀਂ ਹੈ, ਫਿਰ ਵੀ ਓਮ ਬਿਰਲਾ ਨੇ ਨੈਤਿਕਤਾ ਦੇ ਆਧਾਰ 'ਤੇ ਖੁਦ ਹੀ ਇਹ ਫੈਸਲਾ ਲਿਆ ਹੈ। ਹਾਲਾਂਕਿ ਸਰਕਾਰ ਜਾਂ ਵਿਰੋਧੀ ਧਿਰ ਵੱਲੋਂ ਉਨ੍ਹਾਂ ਨੂੰ ਮਨਾਉਣ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ, ਪਰ ਉਨ੍ਹਾਂ ਨੇ ਆਪਣਾ ਰੁਖ ਸਪੱਸ਼ਟ ਕਰ ਦਿੱਤਾ ਹੈ। ਵਿਰੋਧੀ ਧਿਰ ਦੇ ਬੇਭਰੋਸਗੀ ਮਤੇ 'ਤੇ 9 ਮਾਰਚ ਨੂੰ ਚਰਚਾ ਹੋ ਸਕਦੀ ਹੈ। 13 ਫਰਵਰੀ ਨੂੰ ਬਜਟ ਸੈਸ਼ਨ ਦੇ ਮੌਜੂਦਾ ਸੈਸ਼ਨ ਦਾ ਆਖ਼ਰੀ ਦਿਨ ਹੈ। ਇਸ ਤੋਂ ਬਾਅਦ 8 ਮਾਰਚ ਤੱਕ ਸਦਨ ਦੀ ਕਾਰਵਾਈ ਮੁਲਤਵੀ ਰਹੇਗੀ। ਇਸ ਪ੍ਰਕਿਰਿਆ ਦੇ ਤਹਿਤ, ਸਦਨ 'ਚ ਘੱਟੋ-ਘੱਟ 50 ਸੰਸਦ ਮੈਂਬਰਾਂ ਦਾ ਖੜ੍ਹੇ ਹੋ ਕੇ ਸਮਰਥਨ ਕਰਨਾ ਲਾਜ਼ਮੀ ਹੈ। ਜੇਕਰ ਇੰਨੇ ਮੈਂਬਰਾਂ ਦਾ ਸਮਰਥਨ ਮਿਲ ਜਾਂਦਾ ਹੈ, ਤਾਂ ਉਸੇ ਦਿਨ ਚਰਚਾ ਕਰਵਾਈ ਜਾ ਸਕਦੀ ਹੈ। ਦੱਸਣਯੋਗ ਹੈ ਕਿ ਕਾਂਗਰਸ ਨੇ ਅੱਜ ਯਾਨੀ ਮੰਗਲਵਾਰ ਨੂੰ ਲੋਕ ਸਭਾ ਸਪੀਕਰ ਓਮ ਬਿਰਲਾ ਵਿਰੁੱਧ ਅਵਿਸ਼ਵਾਸ ਮਤੇ ਦਾ ਨੋਟਿਸ ਪੇਸ਼ ਕੀਤਾ ਹੈ। ਇਸ 'ਤੇ 118 ਸੰਸਦ ਮੈਂਬਰਾਂ ਨੇ ਦਸਤਖਤ ਕੀਤੇ ਹਨ। ਕਾਂਗਰਸ ਸੰਸਦ ਮੈਂਬਰ ਗੌਰਵ ਗੋਗੋਈ ਨੇ ਦੱਸਿਆ ਕਿ ਨੋਟਿਸ ਮੰਗਲਵਾਰ ਦੁਪਹਿਰ 1.14 ਵਜੇ ਪੇਸ਼ ਕੀਤਾ ਗਿਆ। ਹੇਠਲੇ ਸਦਨ ਵਿੱਚ ਕਾਂਗਰਸ ਦੇ ਡਿਪਟੀ ਲੀਡਰ ਗੌਰਵ ਗੋਗੋਈ, ਕਾਂਗਰਸ ਦੇ ਚੀਫ਼ ਵ?ਹਿਪ ਕੋਡਿਕੁਨਿਲ ਸੁਰੇਸ਼, ਐਮਪੀ ਮੁਹੰਮਦ ਜਾਵੇਦ ਅਤੇ ਹੋਰਾਂ ਨੇ ਲੋਕ ਸਭਾ ਸਕੱਤਰੇਤ ਨੂੰ ਨੋਟਿਸ ਸੌਂਪਿਆ ਹੈ।

## ਪੰਜਾਬ 'ਚ ਲਾਏ ਜਾਣਗੇ 2 ਡਿਪਟੀ ਮੁੱਖ ਮੰਤਰੀ ! ਚੋਣਾਂ ਤੋਂ ਪਹਿਲਾਂ 'ਆਪ' 'ਚ ਵੱਡੀ ਹਲਚਲ

ਚੰਡੀਗੜ੍ਹ 10 ਫਰਵਰੀ। ਪੰਜਾਬ ਦੀ ਸਿਆਸਤ ਵਿਚ ਇਕ ਵੱਡੀ ਹਲਚਲ ਦੇਖਣ ਨੂੰ ਮਿਲ ਰਹੀ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਪਣਾ ਵੋਟ ਬੈਂਕ ਖਿਸਕਦਾ ਵੇਖ ਕੇ ਆਮ ਆਦਮੀ ਪਾਰਟੀ ਸੂਬੇ ਵਿਚ ਇਕ ਨਵਾਂ ਕਰਨ ਜਾ ਰਹੀ ਹੈ। ਮੀਡੀਆ ਰਿਪੋਰਟਾਂ ਅਨੁਸਾਰ, ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਜਲਦੀ ਹੀ ਦੋ ਡਿਪਟੀ ਮੁੱਖ ਮੰਤਰੀ ਲਗਾਏ



ਜਾ ਸਕਦੇ ਹਨ, ਜਿਨ੍ਹਾਂ ਵਿਚੋਂ ਇਕ ਦਲਿਤ ਭਾਈਚਾਰੇ ਤੋਂ ਹੋ ਸਕਦਾ ਹੈ। ਇਸ ਕਦਮ ਰਾਹੀਂ ਪਾਰਟੀ ਅਰਵਿੰਦ ਕੇਜਰੀਵਾਲ ਵੱਲੋਂ 2017 ਦੀਆਂ ਚੋਣਾਂ ਦੌਰਾਨ ਕੀਤੇ ਗਏ ਉਸ ਵਾਅਦੇ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਵਿਚ ਉਨ੍ਹਾਂ ਨੇ ਸੂਬੇ ਵਿਚ ਇਕ ਦਲਿਤ ਉਪ-ਮੁੱਖ ਮੰਤਰੀ ਨਿਯੁਕਤ ਕਰਨ ਦੀ ਗੱਲ ਕਹੀ ਸੀ। ਪਾਰਟੀ ਦੇ ਸੂਤਰਾਂ ਅਨੁਸਾਰ, ਇਸ ਵੇਲੇ ਦੋ ਪ੍ਰਮੁੱਖ ਮੰਤਰੀ ਇਸ ਅਹੁਦੇ ਦੀ ਦੌੜ ਵਿਚ ਸਭ ਤੋਂ ਅੱਗੇ ਹਨ: ਹਰਪਾਲ ਸਿੰਘ ਚੀਮਾ ਅਤੇ ਸੰਜੀਵ ਅਰੋੜਾ। ਹਰਪਾਲ ਸਿੰਘ ਚੀਮਾ ਮੌਜੂਦਾ ਵਿੱਤ ਮੰਤਰੀ ਅਤੇ ਪਾਰਟੀ ਦਾ ਪ੍ਰਮੁੱਖ ਦਲਿਤ ਚਿਹਰਾ ਹਨ। ਉੱਥੇ ਹੀ ਉਦਯੋਗ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਸੰਜੀਵ ਅਰੋੜਾ ਇਕ ਪ੍ਰਭਾਵਸ਼ਾਲੀ ਹਿੰਦੂ ਚਿਹਰੇ ਵਜੋਂ ਜਾਣੇ ਜਾਂਦੇ ਹਨ। ਸੂਤਰਾਂ ਦਾ ਕਹਿਣਾ ਹੈ ਕਿ ਪਾਰਟੀ ਹਿੰਦੂ ਅਤੇ ਦਲਿਤ ਵੋਟਰਾਂ ਨੂੰ ਇੱਕੋ ਸਮੇਂ ਸਾਧਣ ਲਈ ਦੋ ਉਪ ਮੁੱਖ ਮੰਤਰੀ ਬਣਾਉਣ ਬਾਰੇ ਵੀ ਵਿਚਾਰ ਕਰ ਸਕਦੀ ਹੈ। ਪੰਜਾਬ ਵਿਚ ਦਲਿਤ ਭਾਈਚਾਰੇ ਦੀ ਆਬਾਦੀ 32 ਫੀਸਦੀ ਤੋਂ ਵੱਧ ਹੈ, ਅਤੇ ਭਾਰਤੀ ਜਨਤਾ ਪਾਰਟੀ ਵੱਲੋਂ ਇਸ ਵੋਟ ਬੈਂਕ ਨੂੰ ਖਿੱਚਣ ਦੀ ਤਿਆਰੀ ਤੋਂ 'ਆਪ' ਦੀ ਚਿੰਤਾ ਵਧਾ ਦਿੱਤੀ ਹੈ।

## ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਭ ਦੀ ਸਾਂਝੀ ਜ਼ਿੰਮੇਵਾਰੀ : ਰਾਜਪਾਲ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਫਿਰੋਜ਼ਪੁਰ 10 ਫਰਵਰੀ। ਪੰਜਾਬ ਨੂੰ ਨਸ਼ਾ ਮੁਕਤ ਅਤੇ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਦੇ ਉਦੇਸ਼ ਨਾਲ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਹੇਠ ਫਿਰੋਜ਼ਪੁਰ ਜ਼ਿਲ੍ਹੇ 'ਚ ਨਸ਼ਿਆਂ ਖ਼?ਲਾਫ਼ ਵਿਸ਼ਾਲ ਪੈਦਲ ਯਾਤਰਾ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਤੋਂ ਸਕੂਲ ਆਫ਼ ਐਮੀਨੈਂਸ ਫ਼ਿਰੋਜ਼ਪੁਰ ਸ਼ਹਿਰ ਤੱਕ ਕੱਢੀ ਗਈ। ਇਸ ਪੈਦਲ ਯਾਤਰਾ 'ਚ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਸਮੇਤ ਸੂਬੇ ਦੀਆਂ ਕਈ ਯੂਨਵਰਸਿਟੀਆਂ ਦੇ ਉਪ ਕੁਲਪਤੀ, ਸਕੂਲਾਂ ਅਤੇ ਕਾਲਜਾਂ ਦੇ ਮੁਖੀ, ਕਈ ਰਾਜਸੀ ਪਾਰਟੀਆਂ ਦੇ ਆਗੂ ਵੀ ਸ਼ਾਮਲ ਹੋਏ। ਇਸ ਯਾਤਰਾ 'ਚ ਸੂਬੇ ਭਰ ਤੋਂ ਹਜ਼ਾਰਾਂ ਵਿਦਿਆਰਥੀਆਂ, ਐੱਨ. ਜੀ. ਓਜ਼., ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਉੱਘੀਆਂ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ 'ਚ ਸ਼ਿਰੱਕਤ ਕਰਦਿਆਂ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਸੰਕਲਪ ਲਿਆ। ਇਸ ਮੌਕੇ ਰਾਜਪਾਲ ਜੀ ਵੱਲੋਂ ਸਭ ਤੋਂ ਪਹਿਲਾਂ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕ ਕੇ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਜੇ ਗੇੜ ਦੀ ਸ਼ੁਰੂਆਤ ਕੀਤੀ ਗਈ। ਰਾਜਪਾਲ ਪੰਜਾਬ ਨੇ ਖ਼ੁਦ ਇਸ ਪੈਦਲ ਯਾਤਰਾ ਦੀ ਅਗਵਾਈ ਕਰਦਿਆਂ ਨਸ਼ਿਆਂ ਵਿਰੁੱਧ ਸੂਬੇ ਪੱਧਰ 'ਤੇ ਸਭ ਵਰਗਾਂ ਨੂੰ ਇਕਜੁੱਟ ਹੋ ਕੇ ਲੜਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਸਿਰਫ਼ ਵਿਅਕਤੀ ਦਾ ਹੀ ਨਹੀਂ, ਸਗੋਂ ਪੂਰੇ ਸਮਾਜ ਦਾ ਭਾਰੀ ਨੁਕਸਾਨ ਹੁੰਦਾ ਹੈ, ਇਸ ਲਈ ਇਸ ਬੁਰਾਈ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਾਂਝੀ ਕੋਸ਼ਿਸ਼ ਲਾਜ਼ਮੀ ਹੈ। ਯਾਤਰਾ ਉਪਰੰਤ ਸਕੂਲ ਆਫ਼ ਐਮੀਨੈਂਸ ਵਿਖੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਸਭ ਤੋਂ ਪਹਿਲਾਂ ਸਿੱਖਿਆ ਸੰਸਥਾਵਾਂ ਨੂੰ ਨਸ਼ਾ ਮੁਕਤ ਬਣਾਉਣ ਦੀ ਲੋੜ ਹੈ ਕਿਉਂਕਿ ਨੌਜਵਾਨੀ ਦੇ ਸਹੀ ਰਾਹ 'ਤੇ ਪੈਣ ਨਾਲ ਹੀ ਸੂਬੇ ਦਾ ਭਵਿੱਖ ਸੁਰੱਖਿਅਤ ਹੋ ਸਕਦਾ ਹੈ। ਰਾਜਪਾਲ ਨੇ ਖ਼ਾਸ ਤੌਰ 'ਤੇ ਔਰਤਾਂ ਨੂੰ ਅੱਗੇ ਆ ਕੇ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਦੀ ਅਗਵਾਈ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਮਾਂ, ਭੈਣ ਅਤੇ ਧੀ ਦੇ ਰੂਪ 'ਚ ਔਰਤਾਂ ਸਮਾਜ ਨੂੰ



ਸਹੀ ਦਿਸ਼ਾ ਦੇ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਗੁਰੂਆਂ ਦੇ ਬਲੀਦਾਨਾਂ ਤੋਂ ਸਿੱਖਿਆ ਲੈਣੀ ਚਾਹੀਦੀ ਹੈ। ਸਾਡੇ ਬਜ਼ੁਰਗਾਂ ਨੇ ਸਾਡੀ ਸੰਸਕ੍ਰਿਤੀ ਅਤੇ ਸ਼ਾਨ ਨੂੰ ਬਚਾਉਣ ਲਈ ਆਪਣੀਆਂ ਜਾਨਾਂ ਤੱਕ ਕੁਰਬਾਨ ਕਰ ਦਿੱਤੀਆਂ ਤਾਂ ਜੋ ਅਸੀਂ ਇਕ ਛੋਟੀ ਜਿਹੀ ਨਸ਼ਿਆਂ ਦੀ ਅਲਾਮਤ ਨੂੰ ਖ਼ਤਮ ਨਹੀਂ ਕਰ ਸਕਦੇ? ਇਹ ਸਾਡਾ ਧਾਰਮਿਕ ਅਤੇ ਨੈਤਿਕ ਫ਼ਰਜ਼ ਬਣਦਾ ਹੈ ਕਿ ਅਸੀਂ ਇਸ ਬਿਮਾਰੀ ਨੂੰ ਜੜ੍ਹੋਂ ਮਿਟਾਈਏ। ਉਨ੍ਹਾਂ ਕਿਹਾ ਕਿ ਸਾਡਾ ਗੁਆਂਢੀ ਦੁਸ਼ਮਣ ਦੇਸ਼ ਡਰੋਨਾਂ ਰਾਹੀਂ ਨਸ਼ਿਆਂ ਦੀ ਸਪਲਾਈ ਕਰਕੇ ਸਾਡੀ ਨੌਜਵਾਨ ਪੀੜ੍ਹੀ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਸਰਕਾਰ ਵੱਲੋਂ ਐਂਟੀ-ਡਰੋਨ ਸਿਸਟਮ ਸਮੇਤ ਕਈ ਕੜੇ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਇਸ ਸਾਜ਼ਿਸ਼ ਨੂੰ ਨਾਕਾਮ ਬਣਾਇਆ ਜਾ ਸਕੇ। ਅਖ਼ੀਰ 'ਚ ਰਾਜਪਾਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਸਾਂਝੇ ਤੌਰ 'ਤੇ ਹੀ ਜਿੱਤੀ ਜਾ ਸਕਦੀ ਹੈ ਅਤੇ ਸਮੂਹ ਪੰਜਾਬ ਵਾਸੀਆਂ ਦੇ ਸਹਿਯੋਗ ਨਾਲ ਇਸ ਮਿਸ਼ਨ 'ਚ ਜਲਦੀ ਸਫ਼ਲਤਾ ਮਿਲੇਗੀ। ਸਮਾਗਮ ਦੇ ਅਖ਼ੀਰ 'ਚ ਰਾਜਪਾਲ ਜੀ ਵੱਲੋਂ ਲੋੜਵੰਦਾਂ ਨੂੰ ਕੰਬਲਾਂ ਦੀ ਵੰਡ ਕੀਤੀ ਗਈ।

# ਬਿਹਾਰ ਵਿੱਚ ਵਿਸ਼ੇਸ਼ ਤੀਬਰ ਤਸਦੀਕ ਮੁਹਿੰਮ - ਬਾਕੀ ਵੋਟਰਾਂ ਤੋਂ 25 ਜੁਲਾਈ ਤੱਕ ਗਿਣਤੀ ਫ਼ਾਰਮ ਭਰਨ ਅਤੇ ਜਰੂਰੀ ਦਸਤਾਵੇਜ ਉਪਲਬਧ ਕਰਾਉਣ ਦੀ ਅਪੀਲ

**ਕੌਮੀ ਪਤ੍ਰਿਕਾ**

ਚੰਡੀਗੜ੍ਹ, 10 ਫਰਵਰੀ। ਬਿਹਾਰ ਵਿੱਚ ਵਿਸ਼ੇਸ਼ ਤੀਬਰ ਤਸਦੀਕ ਮੁਹਿੰਮ ਮੁਹਿੰਮ ਤਹਿਤ 24 ਜੂਨ, 2025 ਦੀ ਸਥਿਤੀ ਵਿੱਚ ਕੁੱਲ 7,89,69,844 ਵੋਟਰਾਂ ਵਿੱਚੋਂ ਹੁਣ ਤੱਕ 6,99,92,926 ਵੋਟਰਾਂ (88.65%) ਤੋਂ ਗਿਣਤੀ ਪੱਤਰ ਪ੍ਰਾਪਤ ਕੀਤੇ ਜਾ ਚੁੱਕੇ ਹਨ। ਭਾਰਤ ਚੋਣ ਕਮਿਸ਼ਨ ਦੀ ਮਿਤੀ 16.07.2025 ਦੇ ਪ੍ਰੈਸ ਰਿਲੀਜ਼ ਦੇ ਮੁਤਾਬਿਕ ਵਿਸ਼ੇਸ਼ ਤੀਬਰ ਤਸਦੀਕ ਮੁਹਿੰਮ ਵਿੱਚ ਸਿਰਫ 6.85% (54,07,483) ਵੋਟਰ ਬਾਕੀ ਹਨ, ਜਿਨ੍ਹਾਂ ਤੋਂ ਅਗਲੇ 9 ਦਿਨਾਂ ਦੇ ਅੰਦਰ, ਯਾਨੀ 25 ਜੁਲਾਈ, 2025 ਤੱਕ, ਗਿਣਤੀ ਫਾਰਮ ਪ੍ਰਾਪਤ ਕੀਤੇ ਜਾਣੇ ਹਨ। ਇਹ ਸੰਭਵ ਹੈ ਕਿ ਇਨ੍ਹਾਂ ਵਿੱਚੋਂ ਕਈ ਵੋਟਰ ਅਸਥਾਈ ਰੂਪ ਨਾਲ ਬਿਹਾਰ ਦੇ ਬਾਹਰ ਰਹਿ ਰਹੇ ਹਨ ਜੋ ਆਨਲਾਇਨ ਰਾਹੀਂ ਅਤੇ ਪਰਿਵਾਰ ਦੇ ਮੈਂਬਰਾਂ ਦੇ ਸਹਿਯੋਗ ਨਾਲ ਗਿਣਤੀ ਫਾਰਮ ਭਰ ਸਕਦੇ ਹਨ। ਹੁਣ ਤੱਕ 6,47,27,300 (81.96%) ਫਾਰਮ ਅਪਲੋਡ ਵੀ ਕੀਤੇ ਜਾ ਚੁੱਕੇ ਹਨ। ਵੋਟਰ ਸੂਚੀ ਦਾ ਖਰੜਾ 1 ਅਗਸਤ, 2025 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ ਅਤੇ ਦਾਵਾ-ਇਤਰਾਜ਼ ਦੀ ਅਮਿਾਦ 1 ਅਗਸਤ, 2025 ਤੋਂ 1 ਸਤੰਬਰ, 2025 ਤੱਕ ਨਿਰਧਾਰਿਤ ਹੈ। ਬਿਹਾਰ ਤੋਂ ਬਾਹਰ ਅਸਥਾਈ ਤੌਰ 'ਤੇ ਰਹਿ ਰਹੇ ਵੋਟਰ ਵੀ ਆਪਣੇ ਮੋਬਾਇਲ ਫੋਨ, ਵੈਬਸਾਇਟ ਰਾਹੀਂ ਆਨਲਾਇਨ ਗਿਣਤੀ ਫਾਰਮ ਖੁਦ ਭਰ ਸਕਦੇ ਹਨ। ਇਸ ਤੋਂ ਇਲਾਵਾ ਉਹ ਪ੍ਰੀ-ਫਿਲਡ ਫਾਰਮ ਡਾਊਨਲੋਡ ਕਰ ਦਸਤਖ਼ਤ ਕੀਤੀ ਹੋਈ ਕਾਪੀ ਵਾਟਸਐਪ, ਈਮੇਲ ਜਾਂ ਹੋਰ ਸਰੋਤ ਨਾਲ ਬੀਐਲਓ ਤੱਕ ਭੇਜ ਸਕਦੇ ਹਨ, ਜਾਂ ਪਰਿਵਾਰ ਦੇ ਮੈਂਬਰ ਰਾਹੀਂ ਬੀਐਲਓ ਨੂੰ ਭੇਜ ਸਕਦੇ ਹਨ। ਵਿਸ਼ੇਸ਼ ਤੀਬਰ ਤਸਦੀਕ ਵਿੱਚ ਗਿਣਤੀ ਫਾਰਮ ਭਰਨ ਤਹਿਤ ਹੇਠਾਂ ਲਿਖੇ 11 ਦਸਤਾਵੇਜ਼ਾਂ ਵਿੱਚੋਂ ਕੋਈ ਵੀ ਨੱਥੀ ਕੀਤਾ ਜਾ ਸਕਦਾ ਹੈ। ਇਨ੍ਹਾਂ ਵਿੱਚ ਕਿਸੇ ਵੀ ਕੇਂਦਰੀ/ਸੂਬਾ ਸਰਕਾਰ ਦੇ ਨਿਯਮਤ ਕਰਮਚਾਰੀ/ਪੈਂਸ਼ਨਧਾਰੀ ਨੂੰ ਜਾਰੀ ਪਹਿਚਾਣ ਪੱਤਰ ਜਾਂ ਪੀਪੀਓ, 01.07.1987 ਤੋਂ ਪਹਿਲਾਂ ਭਾਰਤ ਵਿੱਚ ਕਿਸੇ ਸਰਕਾਰੀ/ਸਥਾਨਕ ਨਿਗਮ/ਬੈਂਕ/ਡਾਕਘਰ/ਐਲਆਈਸੀ/ਪੀਐਨਯੂ ਵੱਲੋਂ ਜਾਰੀ ਕੋਈ ਦਸਤਾਵੇਜ, ਸਮਰੱਥ ਅਧਿਕਾਰੀ ਵੱਲੋਂ ਜਾਰੀ ਜਨ ਸਰਟੀਫਿਕੇਟ, ਪਾਸਪੋਰਟ, ਮਾਨਤਾ ਪ੍ਰਾਪਤ ਬੋਰਡ/ਯੂਨੀਵਰਸਿਟੀ ਵੱਲੋਂ ਜਾਰੀ ਵਿਦਿਅਕ ਸਰਟੀਫਿਕੇਟ, ਸਮਰੱਥ ਸੂਬਾ ਅਧਿਕਾਰੀ ਵੱਲੋਂ ਜਾਰੀ ਸਥਾਈ ਨਿਵਾਸ ਸਰਟੀਫਿਕੇਟ, ਜੰਗਲਾਤ ਅਧਿਕਾਰੀ ਸਰਟੀਫਿਕੇਟ, ਸਮਰੱਥ ਅਧਿਕਾਰੀ ਵੱਲੋਂ ਜਾਰੀ ਪ੍ਰਮਾਣ ਪੱਤਰ, ਨਾਗਰਿਕਾਂ ਦਾ ਰਾਸ਼ਟਰੀ ਰਜਿਸਟਰ (ਜਿੱਥੇ ਉਪਲਧਬ ਹੈ), ਰਾਜ/ਸਥਾਨਕ ਅਧਿਕਾਰੀ ਵੱਲੋਂ ਤਿਆਰ ਪਰਿਵਾਰਕ ਰਜਿਸਟਰ, ਸਰਕਾਰ ਵੱਲੋਂ ਜਾਰੀ ਭੂਮੀ ਜਾਂ ਮਕਾਨ ਅਲਾਟਮੈਂਅ ਸਰਟੀਫਿਕੇਟ ਸ਼ਾਮਿਲ ਹਨ। ਜੇਕਰ ਇਨ੍ਹਾਂ ਵਿੱਚੋਂ ਕੋਈ ਵੀ ਦਸਤਾਵੇਜ਼ਾਂ ਵਿੱਚੋਂ ਕੋਈ ਇੱਕ ਵੀ ਗਿਣਤੀ ਫਾਰਮ ਨਾਲ ਨੱਥੀ ਕਰ ਦਿੱਤਾ ਜਾਵੇ, ਤਾਂ ਚੋਣਕਾਰ ਰਜਿਸਟਰੇਸ਼ਨ ਅਧਿਕਾਰੀ ਨੂੰ ਨਾਮ ਜੋੜਨ ਦੀ ਪ੍ਰਕ੍ਰਿਆ ਵਿੱਚ ਸਹੂਲਤ ਹੁੰਦੀ ਹੈ। ਜੇਕਰ ਦਸਤਾਵੇਜ਼ ਤੁਰੰਤ ਉਪਲਬਧ ਨਾ ਹੋਵੇ ਤਾਂ ਦਸਤਾਵੇਜ਼ ਬਾਅਦ ਵਿੱਚ 25 ਜੁਲਾਈ, 2025 ਤੱਕ ਅਤੇ ਦਾਵਾ-ਇਤਰਾਜ ਸਮੇਤ (01 ਅਗਸਤ, 2025 ਤੋਂ 01 ਸਤੰਬਰ, 2025) ਵਿੱਚ ਵੀ ਪੇਸ਼ ਕੀਤੇ ਜਾ ਸਕਦੇ ਹਨ। ਡਰਾਫਟ ਵੋਟਰ ਸੂਚੀ ਵਿੱਚ ਵੋਟਰ ਦਾ ਨਾਮ ਸ਼ਾਮਿਲ ਹੋਣ ਤਹਿਤ ਗਿਣਤੀ ਫਾਰਮ 25 ਜੁਲਾਈ, 2025 ਤੱਕ ਉਪਲਬਧ ਕਰਾਇਆ ਜਾਣਾ ਜਰੂਰੀ ਹੈ। ਜਾ ਕੇ ਆਪਣੇ ਫਾਰਮ ਦੀ ਸਥਿਤੀ ਦੀ ਵੀ ਜਾਂਚ ਕਰ ਸਕਦੇ ਹਨ।

## ਪੰਜਾਬ 'ਚ ਰੂਹ ਕੰਬਾਊ ਹਾਦਸਾ ! ਪਤੀ-ਪਤਨੀ ਦੀ ਇਕੱਠਿਆਂ ਹੋਈ ਮੌਤ

ਮੁਕੇਰੀਆਂ 10 ਫਰਵਰੀ। ਜਲੰਧਰ-ਪਠਾਨਕੋਟ ਹਾਈਵੇਅ 'ਤੇ ਪੈਂਦੇ ਕਸਬਾ ਮੁਸਾਹਿਬਪੁਰ ਨੇੜੇ ਦਰਦਨਾਕ ਹਾਦਸਾ ਵਾਪਰਨ ਦੀ ਖ਼ਬਰ ਮਿਲੀ ਹੈ। ਇਸ ਹਾਦਸੇ ਵਿਚ ਪਤੀ-ਪਤਨੀ ਦੀ ਮੌਤ ਹੋ ਗਈ ਅਤੇ ਇਕ ਚਾਰ ਸਾਲਾ ਬੱਚਾ ਜ਼ਖ਼ਮੀ ਹੋ ਗਿਆ। ਹਾਦਸਾ ਟਰੱਕ ਅਤੇ ਸਕੂਟਰੀ ਵਿਚਾਲੇ ਟੱਕਰ ਹੋਣ ਕਾਰਨ ਵਾਪਰਿਆ। ਇਸ ਹਾਦਸੇ ਸਬੰਧੀ ਜਾਣਕਾਰੀ ਦਿੰਦੇ ਹੋਏ ਚੌਂਕੀ ਇੰਚਾਰਜ ਭੰਗਾਲਾ ਐੱਸ. ਆਈ. ਪ੍ਰਿੰਸਪਾਲ ਸਿੰਘ ਨੇ ਦੱਸਿਆ ਕਿ ਅੱਜ ਸਵੇਰੇ 6 ਵਜੇ ਦੇ ਕਰੀਬ ਰਾਕੇਸ਼ ਕੁਮਾਰ (32) ਪੁੱਤਰ ਮਦਨ ਲਾਲ ਵਾਸੀ ਭੱਟੀਆਂ ਰਾਜਪੂਤਾ, ਆਪਣੀ ਪਤਨੀ ਅੰਜੂ ਬਾਲਾ ਅਤੇ ਪੁੱਤਰ ਮਨਪ੍ਰੀਤ (4) ਨਾਲ ਆਪਣੀ ਸਕੂਟਰੀ 'ਤੇ ਸਵਾਰ ਹੋ ਕੇ ਪਠਾਨਕੋਟ ਤੋਂ ਆਪਣੇ ਪਿੰਡ ਆ ਰਿਹਾ ਸੀ। ਜਿਵੇਂ ਹੀ ਉਹ ਮੁਸਾਫ਼ਿਰ ਸ਼ਹਿਨਾਈ ਗ੍ਰੈਂਡ ਵਿਲਾ ਦੇ ਸਾਹਮਣੇ ਪਹੁੰਚੇ ਤਾਂ ਪਿੱਛੇ ਤੋਂ ਆ ਰਹੇ ਇਕ ਟਰੱਕ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਤਿੰਨੋਂ ਸੜਕ 'ਤੇ ਬੁਰੀ ਤਰ੍ਹਾਂ ਡਿੱਗ ਗਏ। ਇਸ ਹਾਦਸੇ ਵਿਚ ਸਕੂਟਰੀ ਸਵਾਰ ਜੋੜੇ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਉਨ੍ਹਾਂ ਦਾ ਬੱਚਾ ਗੰਭੀਰ ਜ਼ਖ਼ਮੀ ਹੋ ਗਿਆ। ਟਰੱਕ ਡਰਾਈਵਰ ਨੇ ਸਥਿਤੀ ਦਾ ਫਾਇਦਾ ਉਠਾਇਆ ਅਤੇ ਟਰੱਕ ਲੈ ਕੇ ਭੱਜਣ ਵਿੱਚ ਕਾਮਯਾਬ ਹੋ ਗਿਆ। ਉੱਥੇ ਇਕੱਠੇ ਹੋਏ ਲੋਕਾਂ ਨੇ ਤਿੰਨਾਂ ਨੂੰ ਸਿਵਲ ਹਸਪਤਾਲ ਮੁਕੇਰੀਆਂ ਪਹੁੰਚਾਇਆ। ਮ੍ਰਿਤਕ ਜੋੜੇ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਮੁਰਦਾਘਰ ਵਿੱਚ ਰੱਖਿਆ ਗਿਆ ਹੈ ਅਤੇ ਬੱਚੇ ਨੂੰ ਇਲਾਜ ਲਈ ਵਾਰਡ ਵਿੱਚ ਦਾਖ਼ਲ ਕਰਵਾਇਆ ਗਿਆ ਹੈ ਪਰ ਬੱਚੇ ਦੀ ਨਾਜ਼ੁਕ ਹਾਲਤ ਨੂੰ ਵੇਖਦਿਆਂ ਹੋਇਆ ਐਮਰਜੈਂਸੀ ਡਿਊਟੀ 'ਤੇ ਮੌਜੂਦ ਡਾਕਟਰ ਨੇ ਉਸ ਨੂੰ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਰੈਫਰ ਕਰ ਦਿੱਤਾ। ਪੁਲਸ ਨੇ ਮੌਕੇ ''ਤੇ ਪਹੁੰਚ ਕੇ ਆਪਣੀ ਕਾਰਵਾਈ ਸ਼ੁਰੂ ਕਰ ਦਿੱਤੀ।

## ਬਰਸਾਤੀ ਮੌਸਮ ਦੌਰਾਨ ਖਾਣ-ਪੀਣ ਦੀਆਂ ਵਸਤਾਂ ਦੀ ਵਰਤੋਂ ਧਿਆਨ ਨਾਲ ਕੀਤੀ ਜਾਵੇ :- ਡਾ ਕੁੰਦਰਾ

**ਕੌਮੀ ਪਤ੍ਰਿਕਾ**

ਫਗਵਾੜਾ 10 ਫਰਵਰੀ। ਬਰਸਾਤੀ ਮੌਸਮ ਦੌਰਾਨ ਖਾਣ-ਪੀਣ ਦੀਆਂ ਵਸਤਾਂ ਦੀ ਵਰਤੋਂ ਧਿਆਨ ਨਾਲ ਕਰਕੇ ਅਸੀਂ ਬਹੁਤ ਸਾਰੀਆਂ ਬਿਮਾਰੀਆਂ ਤੋਂ ਸਹਿਜੇ ਹੀ ਬਚ ਸਕਦੇ ਹਾਂ ਇਸ ਗੱਲ ਦਾ ਪ੍ਰਗਟਾਵਾ ਸਿਵਲ ਹਸਪਤਾਲ ਫਗਵਾੜਾ ਵਿਖੇ ਤੈਨਾਤ ਬੱਚਿਆਂ ਦੀਆ ਬਿਮਾਰੀਆਂ ਦੇ ਮਾਹਿਰ ਡਾ ਨਰੇਸ਼ ਕੁੰਦਰਾ ਨੇ ਕੀਤਾ ਉਨ੍ਹਾਂ ਦੱਸਿਆ ਕਿ ਇਸ ਮੌਸਮ ਵਿੱਚ ਛੋਟੇ ਬੱਚਿਆਂ ਵਿੱਚ ਉਲਟੀਆਂ ਟੱਟੀਆਂ ਲੱਗਣ ਦਾ ਡਰ ਰਹਿੰਦਾ ਹੈ, ਜਿਸ ਨਾਲ ਉਨਾਂ ਦੇ ਸਰੀਰ ਵਿੱਚ ਪਾਣੀ ਦੀ ਕਮੀ ਹੋ ਜਾਂਦੀ ਹੈ ਅਤੇ ਬੱਚਾ ਮੌਤ ਦੇ ਮੂੰਹ ਵਿੱਚ ਜਾ ਸਕਦਾ ਹੈ ਉਨ੍ਹਾਂ ਕਿਹਾ ਕਿ ਦਸਤ ਰੋਗ ਦਾ ਸਹੀ ਇਲਾਜ ਓ ਆਰ ਐੱਸ ਅਤੇ ਜ਼ਿੰਕ ਦੀਆਂ ਗੋਲੀਆਂ ਹਨ ਅਤੇ ਲੋੜ ਪੈਣ 'ਤੇ ਬੱਚੇ ਨੂੰ ਦਿੱਤੀਆਂ ਜਾ ਸਕਦੀਆਂ ਹਨ ਜਿਸ ਨਾਲ ਬੱਚੇ ਦੇ ਸਰੀਰ ਵਿੱਚ ਪਾਣੀ ਦੀ ਕਮੀ ਨਹੀਂ ਹੁੰਦੀ ਅਤੇ ਤਾਕਤ ਬਣੀ ਰਹਿੰਦੀ ਹੈ ਇਸ ਲਈ ਦਸਤ ਲੱਗਣ ਦੀ ਸੂਰਤ ਵਿੱਚ ਓ ਆਰ ਐੱਸ ਦਾ ਘੋਲ ਤਿਆਰ ਕਰ ਕੇ ਬੱਚੇ ਨੂੰ ਹਰ ਦਸਤ ਤੋਂ ਬਾਅਦ ਥੋੜੀ ਥੋੜੀ ਮਾਤਰਾ ਵਿੱਚ ਲਗਾਤਾਰ ਪਿਲਾਇਆ ਜਾਵੇ, ਇਸਦੇ ਨਾਲ ਹੀ ਜਿੰਕ ਦੀਆਂ ਗੋਲੀਆਂ ਵੀ 14 ਦਿਨ ਦਿੱਤੀਆਂ ਜਾਣ ਉਨਾਂ ਕਿਹਾ ਕਿ ਛੋਟੇ ਬੱਚਿਆਂ ਵਾਲੇ ਘਰਾਂ ਵਿੱਚ ਓ ਆਰ ਐੱਸ ਦੇ ਪੈਕਟ ਜ਼ਰੂਰ ਹੋਣੇ ਚਾਹੀਦੇ ਹਨ ਜੋ ਸਰਕਾਰੀ ਸਿਹਤ ਸੰਸਥਾਵਾਂ ਵਿੱਚੋਂ ਮੁਫ਼ਤ ਮਿਲਦੇ ਹਨ ਉਨਾਂ ਜਿੰਕ ਦੀ ਖੁਰਾਕ ਸਬੰਧੀ ਦੱਸਿਆ ਕਿ 2 ਤੋਂ 6 ਮਹੀਨੇ ਤੱਕ ਦੇ ਬੱਚੇ ਨੂੰ 20 ਮਿਲੀਗ੍ਰਾਮ ਦੀ ਅੱਧੀ ਗੋਲੀ ਅਤੇ 6 ਮਹੀਨੇ ਤੋਂ ਉਪਰ ਦੇ ਬੱਚੇ ਨੂੰ ਇਕ ਗੋਲੀ 14 ਦਿਨ ਲਈ ਰੋਜ਼ਾਨਾ ਦਿੱਤੀ ਜਾਵੇ, ਜਿੰਕ ਦੀ ਗੋਲੀ ਦੇਣ ਨਾਲ ਬੱਚਾ ਜਲਦੀ ਹੀ ਠੀਕ ਹੋ ਜਾਂਦਾ ਹੈ ਅਤੇ ਜਿੰਕ ਦੀ ਇਹ ਗੋਲੀ ਬੱਚੇ ਨੂੰ ਤਿੰਨ ਮਹੀਨੇ ਤਕ ਦਸਤਾਂ ਅਤੇ ਨਿਮੋਨੀਆ ਵਰਗੀ ਬਿਮਾਰੀ ਤੋਂ ਵੀ ਬਚਾਈ ਰੱਖਦੀ ਹੈ ਉਨ੍ਹਾਂ ਕਿਹਾ ਕਿ ਬਰਸਾਤੀ ਮੌਸਮ ਦੌਰਾਨ ਸਾਫ਼ ਸਫਾਈ ਵੱਲ ਵਿਸ਼ੇਸ਼ ਤਵੱਜੋ ਦਿੱਤੀ ਜਾਵੇ

### ਚਾਈਨਾ ਡੋਰ ਦੀ ਲਪੇਟ 'ਚ ਆਇਆ ਸੇਵਾਦਾਰ ਦਵਿੰਦਰ ਸਿੰਘ ਮੁਨਕਾਂ ਹੋਇਆ ਗੰਭੀਰ ਜ਼ਖ਼ਮੀ

ਟਾਂਡਾ ਉੜਮੁੜ 10 ਜਨਵਰੀ। ਜਾਨਲੇਵਾ ਸਾਬਤ ਹੋ ਰਹੀ ਚਾਈਨਾ ਡੋਰ ਦਾ ਕਹਿਰ ਅਜੇ ਤੱਕ ਜਾਰੀ ਹੈ। ਚਾਈਨਾ ਡੋਰ ਦੀ ਚਪੇਟ ਵਿੱਚ ਆਉਣ ਕਾਰਨ ਸਰਬੱਤ ਦਾ ਭਲਾ ਸੇਵਾ ਸੁਸਾਇਟੀ ਮੁਨਕਾਂ ਦੇ ਮੁੱਖ ਸੇਵਾਦਾਰ ਜਥੇਦਾਰ ਦਵਿੰਦਰ ਸਿੰਘ ਮੁਨਕਾਂ ਗੰਭੀਰ ਜ਼ਖ਼ਮੀ ਹੋ ਗਿਆ। ਇਸ ਬਾਰੇ ਉਨ੍ਹਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਹਾਦਸਾ ਕਰੀਬ 4 ਵਜੇ ਉਸ ਵੇਲੇ ਵਾਪਰਿਆ ਜਦੋਂ ਉਹ ਆਪਣੇ ਘਰ ਵਿੱਚ ਹੀ ਮੌਜੂਦ ਸਨ ਅਤੇ ਘਰ ਦੇ ਕੋਲ ਡਿੱਗੀ ਡੋਰ ਨੂੰ ਰਸਤੇ ਵਿਚੋਂ ਪਾਸੇ ਕਰ ਰਹੇ ਸਨ ਕਿ ਕਿਸੇ ਨੇ ਡੋਰ ਖਿੱਚ ਦਿੱਤੀ ਕਿ ਪਹਿਲਾਂ ਤਾਂ ਉਨ੍ਹਾਂ ਦੇ ਗਲੇ ਤੱਕ ਗਈ ਅਤੇ ਬਾਅਦ ਵਿੱਚ ਉਨ੍ਹਾਂ ਦੀ ਉਂਗਲੀ ਵਿੱਚ ਬੁਰੀ ਤਰ੍ਹਾਂ ਫਸ ਗਈ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਏ। ਜ਼ਖ਼ਮੀ ਹਾਲਤ ਵਿੱਚ ਹਸਪਤਾਲ ਟਾਂਡਾ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦੀ ਉਂਗਲੀ 'ਤੇ ਕੁੱਲ ਚਾਰ ਟਾਂਕੇ ਲਗਾਏ ਗਏ। ਇਸ ਮੌਕੇ ਜਥੇਦਾਰ ਦਵਿੰਦਰ ਸਿੰਘ ਮੁਨਕਾਂ ਨੇ ਜਾਨਲੇਵਾ ਚਾਈਨਾ ਡੋਰ ਖ਼ਿਲਾਫ਼ ਬੁਲੰਦ ਕਰਨ ਲਈ ਵੱਖ-ਵੱਖ ਜਥੇਬੰਦੀਆਂ ਨੂੰ ਅਪੀਲ ਕੀਤੀ ਹੈ ਤਾਂ ਜੋ ਚਾਈਨਾ ਡੋਰ ਦੇ ਕਹਿਰ ਤੋਂ ਬਚਿਆ ਜਾ ਸਕੇ।

## ਜੂਸ ਵਾਲੀ ਦੁਕਾਨ 'ਚੋਂ ਇਨਵੈਟਰ ਬੈਟਰਾ ਤੇ ਹੋਰ ਸਾਮਾਨ ਚੋਰੀ

ਮਮਦੋਟ 10 ਫਰਵਰੀ। ਸਿਵਲ ਹਸਪਤਾਲ ਮਮਦੋਟ ਨਜ਼ਦੀਕ ਇਕ ਜੂਸ ਵਾਲੀ ਦੁਕਾਨ ਨੂੰ ਪਿਛਲੇ ਪਾਸਿਓਂ ਪਾੜ ਲਗਾ ਕੇ ਚੋਰਾਂ ਨੇ ਦੁਕਾਨ ਅੰਦਰ ਪਿਆ ਇਨਵੈਟਰ-ਬੈਟਰਾ , 2 ਜੂਸਰ ਅਤੇ ਹੋਰ ਸਾਮਾਨ ਚੋਰੀ ਕਰ




ਲਏ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਰਮੇਸ਼ ਕੁਮਾਰ ਲੂਥਰਾ ਪੁੱਤਰ ਨੱਥੂ ਰਾਮ ਵਾਸੀ ਮਮਦੋਟ ਨੇ ਦੱਸਿਆ ਕਿ ਉਸ ਦੀ ਸਿਵਲ ਹਸਪਤਾਲ ਦੇ ਨਜ਼ਦੀਕ ਜੂਸ ਬਨਾਉਣ ਵਾਲੀ ਦੁਕਾਨ ਹੈ, ਉਸ ਨੇ ਦੱਸਿਆ ਕਿ ਪਿਛਲੇ 2-3 ਦਿਨਾਂ ਤੋਂ ਬਾਰਿਸ਼ਾਂ ਹੋਣ ਕਾਰਨ ਦੁਕਾਨ 'ਤੇ ਗਾਹਕੀ ਨਾ ਹੋਣ ਕਾਰਨ ਦੁਕਾਨ ਬੰਦ ਰੱਖੀ ਗਈ ਸੀ । ਜਦੋਂ ਉਸ ਨੇ ਅੱਜ ਆ ਕੇ ਦੁਕਾਨ ਖੋਲ੍ਹੀ ਤਾਂ ਦੁਕਾਨ ਦੀ ਪਿਛਲੀ ਕੰਧ ਵਾਲੇ ਪਾਸਿਓਂ ਪਾੜ ਲੱਗਾ ਹੋਇਆ ਸੀ ਅਤੇ ਦੁਕਾਨ ਦੇ ਅੰਦਰੋ ਚੋਰਾਂ ਵੱਲੋਂ ਇਕ ਇਨਵੈਟਰ ਬੈਟਰਾ, 2 ਜੂਸ ਬਨਾਉਣ ਵਾਲੀਆਂ ਮਸ਼ੀਨਾਂ ਅਤੇ ਹੋਰ ਵਰਤੋਂ ਵਾਲਾ ਸਾਮਾਨ ਚੋਰੀ ਹੋ ਚੁੱਕਿਆ ਸੀ । ਰਮੇਸ਼ ਕੁਮਾਰ ਨੇ ਅੱਗੇ ਦੱਸਿਆ ਕਿ ਉਸ ਦੀ ਦੁਕਾਨ ਦਾ ਤਕਰੀਬਨ 30-40 ਹਜਾਰ ਰੁਪਏ ਦਾ ਨੁਕਸਾਨ ਹੋਇਆ ਹੈ। ਉਸ ਨੇ ਇਸ ਹੋਈ ਚੋਰੀ ਸਬੰਧੀ ਲਿਖਤੀ ਤੌਰ 'ਤੇ ਥਾਣਾ ਮਮਦੋਟ ਵਿਖੇ ਚੋਰੀ ਦੀ ਸੂਚਨਾ ਦੇ ਦਿੱਤੀ ਹੈ। ਰਮੇਸ਼ ਕੁਮਾਰ ਨੇ ਇਹ ਵੀ ਦੱਸਿਆ ਕਿ ਉਸ ਦੀ ਦੁਕਾਨ ਦਾ ਪਿਛਲਾ ਪਾਸਾ ਸਿਵਲ ਹਸਪਤਾਲ ਮਮਦੋਟ ਵਿਖੇ ਹੈ, ਜਿਥੇ ਚੋਰਾਂ ਨੇ ਦੁਕਾਨ ਨੂੰ ਪਾੜ ਲਾਇਆ ਹੈ।

## ਲੱਖਾਂ ਰੁਪਏ ਦੀ ਧੋਖਾਦੇਹੀ ਕਰਨ ਦੇ ਦੋਸ਼ 'ਚ ਔਰਤ ਸਣੇ ਕਈਆਂ ਖ਼?ਲਾਫ਼ ਮਾਮਲਾ ਦਰਜ

ਅਬੋਹਰ 10 ਫਰਵਰੀ। ਫਾਜ਼ਿਲਕਾ ਸਾਈਬਰ ਕ੍ਰਾਈਮ ਪੁਲਸ ਨੇ 28 ਲੱਖ 79 ਹਜ਼ਾਰ 275 ਰੁਪਏ ਦੀ ਧੋਖਾਦੇਹੀ ਕਰਨ ਦੇ ਦੋਸ਼ 'ਚ ਇਕ ਔਰਤ ਸਮੇਤ ਅਣਪਛਾਤੇ ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਅਨੁਸਾਰ ਜਾਂਚ ਅਧਿਕਾਰੀ ਇੰਸਪੈਕਟਰ ਜੋਤੀ ਨੇ ਦੱਸਿਆ ਕਿ ਸੁਖਦੀਪ ਸਿੰਘ ਪੁੱਤਰ ਯਾਦਵਿੰਦਰ ਸਿੰਘ ਵਾਸੀ ਪਿੰਡ ਭੰਗਾਲਾ ਨੇ 7 ਮਈ ਅਤੇ 30 ਜੂਨ ਨੂੰ ਉੱਚ ਅਧਿਕਾਰੀਆਂ ਨੂੰ ਅਰਜ਼ੀ ਦੇ ਕੇ ਦੱਸਿਆ ਸੀ ਕਿ ਇਕ ਔਰਤ ਨੇ ਅਪ੍ਰੈਲ 2025 'ਚ ਫੋਨ ਕੀਤਾ ਸੀ। ਉਸ ਨੇ ਆਪਣਾ ਨਾਂ ਏਰਿਕਾ ਅਰੋੜਾ ਦੱਸਿਆ ਅਤੇ ਕਿਹਾ ਕਿ ਉਸ ਨੇ ਉਸ ਦਾ ਨੰਬਰ ਇਕ




ਟਰੇਡ ਐਪ ਤੋਂ ਲਿਆ ਹੈ। ਉਸ ਨੇ ਕਿਹਾ ਕਿ ਜਿਸ ਟਰੇਡ ਐਪ 'ਤੇ ਤੁਸੀਂ ਵਪਾਰ ਕਰਦੇ ਹੋ ਉਹ ਬਹੁਤ ਘੱਟ ਲਾਭ ਦਿੰਦਾ ਹੈ ਅਤੇ ਜਿਸ ਟਰੇਡ ਐਪ 'ਤੇ ਅਸੀਂ ਵਪਾਰ ਕਰਦੇ ਹਾਂ, ਉਹ ਵਧੇਰੇ ਲਾਭ ਦਿੰਦਾ ਹੈ। ਹੁਣ ਤੁਸੀਂ ਮੇਰੀਆਂ ਹਦਾਇਤਾਂ ਅਨੁਸਾਰ ਵਪਾਰ (ਸ਼ੇਅਰ ਮਾਰਕੀਟ) ਕਾਰੋਬਾਰ ਕਰਦੇ ਹੋ, ਜਿਸ 'ਚ ਮੈਂ ਤੁਹਾਨੂੰ ਬਹੁਤ ਜ਼ਿਆਦਾ ਲਾਭ ਦੇਵਾਂਗੀ।

## ਮੌਸਮ ਵਿਭਾਗ ਦੀ ਚਿਤਾਵਨੀ, ਹੋਰ ਵਧੇਗੀ ਠੰਡ, ਸਬਜ਼ੀਆਂ ਨੂੰ ਵੀ ਪਹੁੰਚ ਸਕਦੈ ਨੁਕਸਾਨ

ਗੁਰਦਾਸਪੁਰ 10 ਜਨਵਰੀ। ਜ਼ਿਲ੍ਹਾ ਗੁਰਦਾਸਪੁਰ ਅਤੇ ਆਸ ਪਾਸ ਦੇ ਇਲਾਕਿਆਂ 'ਚ ਠੰਡ ਦੀ ਤੀਬਰਤਾ ਦਿਨੋ-ਦਿਨ ਵੱਧਦੀ ਜਾ ਰਹੀ ਹੈ ਅਤੇ ਲੋਕਾਂ ਨੇ ਠੰਡ ਤੋਂ ਰਾਹਤ ਪਾਉਣ ਲਈ ਅੱਗ ਬਾਲਣ ਅਤੇ ਹੀਟਰਾਂ ਦੀ ਵਰਤੋਂ ਕਰਨ ਦਾ ਸਹਾਰਾ ਲਿਆ ਹੈ। ਹਾਲਾਂਕਿ ਬਿਜਲੀ ਬੰਦ ਹੋਣ ਕਾਰਨ ਹੀਟਰ ਹੁਣ ਫੇਲ ਹੋ ਰਹੇ ਹਨ ਅਤੇ ਲੋਕ ਹੁਣ ਅੱਗ 'ਤੇ ਨਿਰਭਰ ਹਨ। ਗੁਰਦਾਸਪੁਰ ਅਤੇ ਆਸ ਪਾਸ ਦੇ ਇਲਾਕਿਆਂ 'ਚ ਠੰਡ ਕਾਰਨ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੌਸਮ ਵਿਭਾਗ ਅਨੁਸਾਰ ਆਉਣ ਵਾਲੇ ਦਿਨਾਂ 'ਚ ਠੰਡੀਆਂ ਹਵਾਵਾਂ ਜਾਰੀ ਰਹਿਣ ਦੀ ਸੰਭਾਵਨਾ ਹੈ। ਜ਼ਿਲਾ ਗੁਰਦਾਸਪੁਰ ਦਾ ਮੌਸਮ ਵੱਧ ਤੋਂ ਵੱਧ ਤਾਪਮਾਨ 16 ਡਿਗਰੀ ਸੈਲਸੀਅਸ ਅਤੇ ਘੱਟੋ-ਘੱਟ ਤਾਪਮਾਨ 5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਸੀ। ਮੌਸਮ ਵਿਭਾਗ ਅਨੁਸਾਰ ਆਉਣ ਵਾਲੇ ਦਿਨਾਂ 'ਚ ਮੌਸਮ ਵਿਚ ਕੋਈ ਖਾਸ ਬਦਲਾਅ ਆਉਣ ਦੀ ਸੰਭਾਵਨਾ ਨਹੀਂ ਹੈ ਅਤੇ ਠੰਡੀਆਂ, ਬੱਦਲਵਾਈਆਂ ਅਤੇ ਠੰਡੀਆਂ ਹਵਾਵਾਂ ਜਾਰੀ ਰਹਿਣ ਦੀ ਸੰਭਾਵਨਾ ਹੈ। ਜ਼ਿਆਦਾ ਠੰਡ ਨਾ ਸਿਰਫ਼ ਆਮ ਲੋਕਾਂ ਲਈ ਸਗੋਂ ਕਿਸਾਨਾਂ ਲਈ ਵੀ ਚਿੰਤਾ ਦਾ ਵਿਸ਼ਾ ਬਣ ਗਈ ਹੈ। ਕਣਕ, ਸਰ੍ਹੋਂ, ਛੋਲੇ ਅਤੇ ਕੁਝ ਸਬਜ਼ੀਆਂ ਦੀਆਂ ਫ਼ਸਲਾਂ ਇਸ ਸਮੇਂ ਖੇਤਾਂ 'ਚ ਉੱਗ ਰਹੀਆਂ ਹਨ। ਸੰਘਣੀ ਧੁੰਦ ਅਤੇ ਲਗਾਤਾਰ ਨਮੀ ਫ਼ਸਲਾਂ 'ਤੇ ਧੁੰਦ ਦੇ ਖਤਰੇ ਨੂੰ ਵਧਾਉਂਦੀ ਹੈ, ਜੋ ਪੌਦਿਆਂ ਦੇ ਵਾਧੇ ਨੂੰ ਰੋਕ ਸਕਦੀ ਹੈ, ਜਿਸ ਨਾਲ ਉਤਪਾਦਨ ਪ੍ਰਭਾਵਿਤ ਹੋ ਸਕਦਾ ਹੈ। ਖਾਸ ਕਰ ਕੇ ਸਬਜ਼ੀਆਂ ਦੀਆਂ ਫ਼ਸਲਾਂ ਨੂੰ ਪੱਤੇ ਝੁਲਸਣ ਅਤੇ ਫੁੱਲ ਡਿੱਗਣ ਦੇ ਖਤਰੇ ਦਾ ਸਾਹਮਣਾ ਕਰਨਾ ਪੈਂਦਾ ਹੈ। ਸਬਜ਼ੀਆਂ ਦੇ ਉਤਪਾਦਕਾਂ ਨੂੰ ਠੰਡ ਤੇਜ਼ ਹੋਣ 'ਤੇ ਕਾਫ਼ੀ ਨੁਕਸਾਨ ਹੋਣ ਦਾ ਡਰ ਹੈ। ਬਹੁਤ ਜ਼ਿਆਦਾ ਠੰਡ ਕਾਰਨ ਆਲੂ ਫਟ ਜਾਂਦੇ ਹਨ

## ਵੀਜ਼ੇ ਨਾ ਲਗਵਾ ਕੇ 7.79 ਲੱਖ ਰੁਪਏ ਦੀ ਧੋਖਾਧੜੀ

ਬਠਿੰਡਾ 10 ਫਰਵਰੀ। ਇਮੀਗ੍ਰੇਸ਼ਨ ਸੈਂਟਰ ਵੱਲੋਂ ਭੇਜੇ ਗਏ ਵੀਜ਼ੇ ਦੀਆਂ ਅਰਜ਼ੀਆਂ ''ਤੇ ਵੀਜ਼ੇ ਨਾ ਲਗਵਾ ਕੇ ਏਜੰਟ ਨਾਲ 7.79 ਲੱਖ ਰੁਪਏ ਦੀ ਠੱਗੀ ਮਾਰਨ ਵਾਲੇ ਮੁਲਜ਼ਮ ਖ਼?ਲਾਫ਼ ਸਿਵਲ ਲਾਈਨਜ਼ ਥਾਣੇ ਨੇ ਕੇਸ ਦਰਜ ਕੀਤਾ ਹੈ। ਬਠਿੰਡਾ ਦੀ ਰਹਿਣ ਵਾਲੀ ਗੁਰਕੀਰਤ ਕੌਰ ਨੇ ਪੁਲਸ ਨੂੰ ਦੱਸਿਆ ਕਿ ਉਹ ਕੈਨਵੇ ਇੰਟਰਨੈਸ਼ਨਲ ਸਟੱਡੀ ਦੇ ਨਾਮ ਹੇਠ ਇਮੀਗ੍ਰੇਸ਼ਨ ਵਿਚ ਕੰਮ ਕਰਦੀ ਹੈ। ਉਸਨੇ ਕੁਝ ਲੋਕਾਂ ਦੇ ਵੀਜ਼ੇ ਲਗਵਾਉਣ ਲਈ ਦੋਸ਼ੀ ਵਰੁਣ ਕੁਮਾਰ ਵਾਸੀ ਫਿਰੋਜ਼ਪੁਰ ਨੂੰ ਦਸਤਾਵੇਜ਼ ਭੇਜੇ ਅਤੇ ਉਸਨੂੰ 7.79 ਲੱਖ ਰੁਪਏ ਵੀ ਦਿੱਤੇ ਪਰ ਉਕਤ ਦੋਸ਼ੀ ਨੇ ਸਬੰਧਤ ਲੋਕਾਂ ਦੇ ਵੀਜ਼ੇ ਨਹੀਂ ਲਗਵਾਏ ਅਤੇ ਪੈਸੇ ਵੀ ਹੜੱਪ ਲਏ। ਅਜਿਹਾ ਕਰਕੇ ਦੋਸ਼ੀ ਨੇ ਉਸ ਨਾਲ ਧੋਖਾਧੜੀ ਕੀਤਾ ਹੈ। ਸ਼ਿਕਾਇਤ ਦੇ ਆਧਾਰ ''ਤੇ ਪੁਲਸ ਨੇ ਮੁਲਜ਼ਮ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਹੈ ਅਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

### ਨੌਜਵਾਨ ਦੀ ਗੰਦੀ ਕਰਤੂਤ ! ਏਅਰ ਹੋਸਟੈੱਸ ਨੂੰ ਬਣਾਇਆ ਹਵਸ ਦਾ ਸ਼ਿਕਾਰ

ਨੈਸ਼ਨਲ ਡੈਸਕ 10 ਫਰਵਰੀ। ਮਹਾਰਾਸ਼ਟਰ ਸੂਬੇ ਤੋਂ ਇਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੇ ਠਾਣੇ ਜ਼ਿਲ੍ਹੇ ਵਿੱਚ ਇੱਕ 23 ਸਾਲਾ ਏਅਰਹੋਸਟੈੱਸ ਨੂੰ ਉਸ ਦੇ ਸਾਥੀ ਨੇ ਹਵਸ ਦਾ ਸ਼ਿਕਾਰ ਬਣਾ ਲਿਆ। ਜਾਣਕਾਰੀ ਦਿੰਦੇ ਹੋਏ ਇੱਕ ਅਧਿਕਾਰੀ ਨੇ ਦੱਸਿਆ ਕਿ ਪੀੜਤਾ ਦੀ ਸ਼ਿਕਾਇਤ ਦੇ ਆਧਾਰ 'ਤੇ, ਪੁਲਸ ਨੇ ਸ਼ੁੱਕਰਵਾਰ ਨੂੰ 29 ਜੂਨ ਨੂੰ ਵਾਪਰੀ ਇਸ ਘਟਨਾ ਦੇ ਸਬੰਧ ਵਿੱਚ ਮੀਰਾ ਰੋਡ ਇਲਾਕੇ ਦੇ ਰਹਿਣ ਵਾਲੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਨਵਘਰ ਪੁਲਸ ਸਟੇਸ਼ਨ ਦੇ ਸੀਨੀਅਰ ਇੰਸਪੈਕਟਰ ਧੀਰਜ ਕੋਲੀ ਨੇ ਕਿਹਾ ਕਿ 25 ਸਾਲਾ ਦੋਸ਼ੀ ਵਿਰੁੱਧ ਭਾਰਤੀ ਦੰਡਾਵਲੀ (ਆਈ.ਪੀ.ਸੀ.) ਦੀ ਧਾਰਾ 64 (ਜਬ-ਜਨਾਹ), 351 (2) (ਧਮਕੀ) ਅਤੇ 352 (ਸ਼ਾਂਤੀ ਭੰਗ ਕਰਨ ਦੇ ਇਰਾਦੇ ਨਾਲ ਜਾਣਬੁੱਝ ਕੇ ਅਪਮਾਨ) ਦੇ ਤਹਿਤ ਐੱਫ.ਆਈ.ਆਰ. ਦਰਜ ਕੀਤੀ ਗਈ ਹੈ।

## ਬਰਲਟਨ ਪਾਰਕ 'ਚ ਸਪੋਰਟਸ ਹੱਬ ਦਾ ਨਿਰਮਾਣ ਜ਼ੋਰਾਂ 'ਤੇ, ਬਣ ਰਹੇ ਮਲਟੀਪਰਪਜ਼ ਹਾਲ ਤੇ ਕਬੱਡੀ ਸਟੇਡੀਅਮ

**ਕੌਮੀ ਪਤ੍ਰਿਕਾ**

ਜਲੰਧਰ 10 ਫਰਵਰੀ। ਜਲੰਧਰ ਦੇ ਇਤਿਹਾਸਕ ਬਰਲਟਨ ਪਾਰਕ ਵਿਚ ਬਣ ਰਹੇ ਲੰਮੇ ਸਮੇਂ ਤੋਂ ਉਡੀਕੇ ਜਾ ਰਹੇ ਸਪੋਰਟਸ ਹੱਬ ਦਾ ਨਿਰਮਾਣ ਕਾਰਜ ਇਨ੍ਹੀਂ ਦਿਨੀਂ ਪੂਰੀ ਰਫਤਾਰ ਨਾਲ ਚੱਲ ਰਿਹਾ ਹੈ। ਮੇਅਰ ਵਿਨੀਤ ਧੀਰ, ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਡਾ. ਅਸ਼ੋਕ ਮਿੱਤਲ ਅਤੇ 'ਆਪ' ਸੈਂਟਰਲ ਹਲਕੇ ਦੇ ਇੰਚਾਰਜ ਨਿਤਿਨ ਕੋਹਲੀ ਦੇ ਯਤਨਾਂ ਨਾਲ ਇਹ ਪ੍ਰਾਜੈਕਟ ਦੁਬਾਰਾ ਸ਼ੁਰੂ ਹੋਇਆ ਸੀ। ਇਸ ਦਾ ਉਦਘਾਟਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ 11 ਜੂਨ ਨੂੰ ਕੀਤਾ ਗਿਆ। ਇਸ ਪ੍ਰਾਜੈਕਟ 'ਤੇ ਲਗਭਗ 77 ਕਰੋੜ ਦੀ ਲਾਗਤ ਆਉਣ ਦਾ ਅਨੁਮਾਨ ਹੈ। ਉਦਘਾਟਨ ਦੇ ਕੁਝ ਦਿਨਾਂ ਬਾਅਦ ਹੀ ਸਾਈਟ 'ਤੇ ਨਿਰਮਾਣ ਕਾਰਜ ਸ਼ੁਰੂ ਹੋ ਗਿਆ ਸੀ, ਜਿਹੜਾ ਹੁਣ ਜ਼ੋਰ-ਸ਼ੋਰ ਨਾਲ ਜਾਰੀ ਹੈ। ਪਹਿਲੇ ਪੜਾਅ ਵਿਚ ਉਥੇ ਵਾਟਰ ਟੈਂਕ ਦੇ ਨੇੜੇ ਇਕ ਅਤਿ-ਆਧੁਨਿਕ ਮਲਟੀਪਰਪਜ਼ ਹਾਲ ਦਾ ਨਿਰਮਾਣ ਕੀਤਾ ਜਾ



ਰਿਹਾ ਹੈ, ਜਿੱਥੇ ਕਦੀ ਪਟਾਕਾ ਮਾਰਕੀਟ ਲੱਗਦੀ ਹੁੰਦੀ ਸੀ। ਉਥੇ ਹੀ ਅਪਾਹਜ ਆਸ਼ਰਮ ਦੇ ਪਿਛਲੇ ਇਲਾਕੇ ਵਿਚ ਕਬੱਡੀ ਸਟੇਡੀਅਮ ਦਾ ਨਿਰਮਾਣ ਕਾਰਜ ਚੱਲ ਰਿਹਾ ਹੈ। ਇਹ ਸਥਾਨ ਪਹਿਲਾਂ ਕੂੜੇ ਦੇ ਡੰਪ ਦੇ ਰੂਪ ਵਿਚ ਵਰਤਿਆ ਜਾ ਰਿਹਾ ਸੀ, ਜਿਸ ਨੂੰ ਸਾਫ ਕਰ ਕੇ ਨਿਰਮਾਣ ਦੇ ਯੋਗ ਬਣਾਇਆ ਗਿਆ। ਕੰਮ ਦੀ ਤਰੱਕੀ ਦਾ ਮੁਆਇਨਾ ਕਰਨ ਨਗਰ ਨਿਗਮ ਕਮਿਸ਼ਨਰ ਗੌਤਮ ਜੈਨ ਵੀ ਮੌਕੇ 'ਤੇ ਪਹੁੰਚੇ। ਕੰਪਨੀ ਨੇ ਉਨ੍ਹਾਂ ਨੂੰ ਕੁਝ ਸਥਾਨਾਂ ਨੂੰ ਲੈ ਕੇ ਆਈਆਂ ਚੁਣੌਤੀਆਂ ਤੋਂ ਜਾਣੂ ਕਰਵਾਇਆ, ਜਿਸ ਤੋਂ ਬਾਅਦ ਕਮਿਸ਼ਨਰ ਨੇ ਬਰਲਟਨ ਪਾਰਕ ਕੰਪਲੈਕਸ ਵਿਚ ਲੱਗੀ ਸਰਕਸ ਨੂੰ ਅਗਲੇ 2 ਦਿਨਾਂ ਵਿਚ ਹਟਾਉਣ ਦੇ ਹੁਕਮ ਜਾਰੀ ਕਰ ਦਿੱਤੇ। ਸਪੋਰਟਸ ਹੱਬ ਪ੍ਰਾਜੈਕਟ ਤਹਿਤ ਹਾਕੀ ਸਟੇਡੀਅਮ, ਕ੍ਰਿਕਟ ਸਟੇਡੀਅਮ ਤੇ ਪੈਵੇਲੀਅਨ, ਮਲਟੀਪਰਪਜ਼ ਹਾਲ, ਯੋਗਾ ਹਾਲ, ਜੂਡੋ ਅਤੇ ਰੈਸਲਿੰਗ ਕੋਰਟ, ਵਿਸ਼ਾਲ ਪਾਰਕਿੰਗ ਏਰੀਆ, ਪਖਾਨੇ, ਲਾਕਰ ਰੂਮ ਅਤੇ ਹੋਰ ਸਹੂਲਤਾਂ ਪ੍ਰਸਤਾਵਿਤ ਹਨ।

## ਕਹਿਰ ਓ ਰੱਬਾ ! ਘਰ ਦੀ ਸ.ਫਾਈ ਕਰਦਿਆਂ ਮੌਤ ਨੇ ਇੰਝ ਪਾਇਆ ਘੇਰਾ

ਬਰੇਟਾ 10 ਫਰਵਰੀ। ਪਿੰਡ ਖਡਾਲ ਕਲਾਂ ਵਿਖੇ ਇਕ ਵਿਅਕਤੀ ਦੀ ਬਿਜਲੀ ਦਾ ਕਰੰਟ ਲੱਗਣ ਨਾਲ ਮੌਤ ਹੋ ਗਈ। ਇਸ ਸਬੰਧੀ ਪਰਿਵਾਰਕ ਮੈਂਬਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਸਤਪਾਲ ਸਿੰਘ (51) ਬੀਤੇ ਦਿਨ ਆਪਣੇ ਘਰ ਦੀ ਛੱਤ 'ਤੇ ਸ.ਫਾਈ ਬਗੈਰਾ ਦਾ ਕੰਮ ਕਰ ਰਿਹਾ ਸੀ, ਜਿਸ ਦਾ ਘਰ ਦੇ ਨਾਲ ਲੰਘਦੀਆਂ ਬਿਜਲੀ ਦੀਆਂ ਤਾਰਾਂ ਨਾਲ ਹੱਥ ਲੱਗ ਗਿਆ ਅਤੇ ਉਸ ਨੂੰ ਕਰੰਟ ਲੱਗ ਗਿਆ, ਜਿਸ ਨੂੰ ਇਲਾਜ ਲਈ ਸਿਵਲ ਹਸਪਤਾਲ ਬੁਢਲਾਡਾ ਵਿਖੇ ਲਿਜਾਇਆ ਗਿਆ, ਜਿੱਥੇ ਸੱਤਪਾਲ ਸਿੰਘ ਨੂੰ ਡਾਕਟਰਾਂ ਵੱਲੋਂ ਮ੍ਰਿਤਕ ਐਲਾਨ ਦਿੱਤਾ ਗਿਆ। ਪੀੜਤ ਪਰਿਵਾਰ ਦੇ ਮੈਂਬਰਾਂ ਦਾ ਕਹਿਣਾ ਹੈ ਕਿ ਇਹ ਹਾਦਸਾ ਬਿਜਲੀ ਵਿਭਾਗ ਦੀ ਅਣਗਹਿਲੀ ਕਾਰਨ ਵਾਪਰਾ ਹੈ, ਕਿਉਂਕਿ ਅਸੀਂ ਅਨੇਕਾਂ ਵਾਰ ਵਿਭਾਗ ਦੇ ਅਧਿਕਾਰੀਆਂ ਨੂੰ ਇਨ੍ਹਾਂ ਬਿਜਲੀ ਦੀਆਂ ਤਾਰਾਂ ਨੂੰ ਸਾਈਡ 'ਤੇ ਕਰਨ ਲਈ ਕਹਿ ਚੁੱਕੇ ਹਾਂ ਪਰ ਇਨ੍ਹਾਂ ਵੱਲੋਂ ਸਾਡੀ ਗੁਹਾਰ ਉੱਤੇ ਕਦੇ ਕੋਈ ਅਮਲ ਨਹੀਂ ਕੀਤਾ ਗਿਆ। ਮ੍ਰਿਤਕ ਮਜ਼ੂਦਰੀ ਦਾ ਕੰਮ ਕਰਕੇ ਆਪਣਾ ਪਰਿਵਾਰ ਪਾਲ ਰਿਹਾ ਸੀ। ਮ੍ਰਿਤਕ ਆਪਣੇ ਪਿੱਛੇ ਬਜ਼ੁਰਗ ਮਾਤਾ-ਪਿਤਾ ਅਤੇ ਪਤਨੀ ਤੋਂ ਇਲਾਵਾ ਦੋ ਲੜਕੇ ਅਤੇ ਇਕ ਲੜਕੀ ਛੱਡ ਗਿਆ ਹੈ। ਜਦ ਇਸ ਮਾਮਲੇ ਨੂੰ ਲੈ ਕੇ ਐੱਸ. ਡੀ. ਓ. ਬਰੇਟਾ ਗੁਰਸੇਵਕ ਸਿੰਘ ਨਾਲ ਰਾਬਤਾ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਹ ਮਾਮਲਾ ਹਾਲੇ ਤਕ ਮੇਰੇ ਧਿਆਨ 'ਚ ਨਹੀਂ ਆਇਆ ਹੈ ।

## ਕਿੰਡਰਗਾਰਟਨ ਵਿੱਚ 'ਨੋ ਬੈਗ ਡੇ' ਮਨਾਇਆ

ਸੁਨਾਮ ਊਧਮ ਸਿੰਘ ਵਾਲਾ,10 ਫਰਵਰੀ: ਅਕੇਡੀਆ ਵਰਲਡ ਸਕੂਲ,ਸੁਨਾਮ ਵਿਖੇ ਕਿੰਡਰਗਾਰਟਨ ਦੇ ਵਿਦਿਆਰਥੀਆਂ ਦੁਆਰਾ 'ਨੋ ਬੈਗ ਡੇ' ਜੋਸ਼ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਦਿਨ ਵਿਦਿਆਰਥੀਆਂ ਨੂੰ ਬਿਨਾਂ ਬੈਗ ਦੇ ਸਕੂਲ ਆਉਣ ਲਈ ਕਿਹਾ ਗਿਆ ਸੀ, ਤਾਂ ਜੋ ਉਹ ਪਾਠਕ੍ਰਮ ਤੋਂ ਹਟ ਕੇ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲੈ ਸਕਣ। ਬੱਚਿਆਂ ਨੇ ਖੇਡਾਂ ਜਿਸ ਵਿੱਚ ਗਰੋਸ ਮੋਟਰ ਸਕਿਲਸ, ਡਰਾਇੰਗ, ਗੀਤਾਂ ਤੇ ਨਾਚ ਵਰਗੀਆਂ ਰਚਨਾਤਮਕ ਗਤੀਵਿਧੀਆਂ ਵਿੱਚ ਭਰਪੂਰ ਰੁਚੀ ਦਿਖਾਈ। ਸਕੂਲ ਵਿੱਚ ਉਨ੍ਹਾਂ ਲਈ ਮਨੋਰੰਜਕ ਫਿਲਮ ਵੀ ਦਿਖਾਈ ਗਈ 'ਤਾਰੇ ਜ਼ਮੀਨ ਪਰ' , ਜਿਸ ਨੂੰ ਬੱਚਿਆਂ ਨੇ ਬਹੁਤ ਪਸੰਦ ਕੀਤਾ। ਇਸ ਦੇ ਨਾਲ ਹੀ, ਬੱਚਿਆਂ ਨੇ ਆਪਣੇ ਦੋਸਤਾਂ ਨਾਲ ਮਿਲ ਬੈਠ ਕੇ ਨਮਕੀਨ ਤੇ ਮਿੱਠੇ ਸਨੈਕਸ ਦਾ ਆਨੰਦ ਵੀ ਮਾਣਿਆ। ਅਧਿਆਪਕਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਦਿਨ ਬੱਚਿਆਂ ਵਿੱਚ ਖੁਸ਼ੀ ਅਤੇ ਸਿੱਖਣ ਦੀ ਇੱਛਾ ਵਧਾਉਂਦੇ ਹਨ। ਸਕੂਲ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਨੇ ਕਿਹਾ ਕਿ ਇਨ੍ਹਾਂ ਗਤੀਵਿਧੀਆਂ ਰਾਹੀਂ ਬੱਚਿਆਂ ਦੀ ਕਲਪਨਾ ਸ਼ਕਤੀ ਵਿੱਚ ਨਿਖਾਰ ਆਉਂਦਾ ਹੈ। ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਵਿੱਚ ਮਦਦ ਕਰਦੀਆਂ ਹਨ ਜਿਸ ਨਾਲ ਉਹਨਾਂ ਨੂੰ ਕਲਾਸ ਰੂਮ ਤੋਂ ਬਾਹਰ ਦੀ ਦੁਨੀਆ ਦੀਆਂ ਗਤੀਵਿਧੀਆਂ ਅਤੇ ਕੰਮ ਕਾਜ ਦੀ ਸਮਝ ਆਉਂਦੀ ਹੈ।

## ਪੁਲਸ ਨੇ ਪੁੱਛਗਿੱਛ ਦੌਰਾਨ ਮੁਲਜ਼ਮ ਪਾਸੋਂ 2 ਪਿਸਤੌਲ ਤੇ ਜ਼ਿੰਦਾ ਰੌਂਦ ਕੀਤੇ ਬਰਾਮਦ

**ਕੌਮੀ ਪਤ੍ਰਿਕਾ**

ਤਰਨਤਾਰਨ 10 ਫਰਵਰੀ। ਸੀ.ਆਈ.ਏ ਸਟਾਫ ਤਰਨਤਾਰਨ ਦੀ ਪੁਲਸ ਨੂੰ ਇਕ ਪੁਰਾਣੇ ਮਾਮਲੇ 'ਚ ਉਸ ਵੇਲੇ ਹੋਰ ਵੱਡੀ ਸਫਲਤਾ ਹਾਸਲ ਹੋਈ, ਜਦੋਂ ਇਕ ਮੁਲਜ਼ਮ ਪਾਸੋਂ ਕੀਤੀ ਗਈ ਪੁੱਛਗਿੱਛ ਦੌਰਾਨ ਉਸ ਦੀ ਨਿਸ਼ਾਨਦੇਹੀ ਉਪਰ 2 ਨਾਜਾਇਜ਼ ਪਿਸਤੌਲ ਅਤੇ 2 ਜ਼ਿੰਦਾ ਰੌਂਦ ਬਰਾਮਦ ਕੀਤੇ ਗਏ। ਜ਼ਿਕਰਯੋਗ ਹੈ ਕਿ ਗ੍ਰਿਫਤਾਰ ਕੀਤਾ ਗਿਆ ਮੁਲਜ਼ਮ ਮੱਧ ਪ੍ਰਦੇਸ਼ ਤੋਂ ਨਾਜਾਇਜ਼ ਹਥਿਆਰਾਂ ਦੀ ਤਸਕਰੀ ਕਰਦਾ ਸੀ, ਜਿਸ ਪਾਸੋਂ ਪੁਲਸ ਵੱਲੋਂ ਅਗਲੇਰੀ ਪੁੱਛਗਿਛ ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਵਿਚ ਕਈ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ। ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ.ਡੀ ਗੁਰਿੰਦਰ ਪਾਲ ਸਿੰਘ ਨਾਗਰਾ ਨੇ ਦੱਸਿਆ ਕਿ ਐੱਸ.ਐੱਸ.ਪੀ ਦੀਪਕ ਪਾਰੀਕ ਵੱਲੋਂ ਮਾੜੇ ਅਨਸਰਾਂ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਪੁਲਸ ਵੱਲੋਂ ਸਖਤੀ ਨਾਲ ਮਾੜੇ ਅਨਸਰਾਂ ਅਤੇ ਨਸ਼ਾ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਡੀ.ਐੱਸ.ਪੀ ਨੇ ਦੱਸਿਆ ਕਿ ਸੀ.ਆਈ.ਏ ਸਟਾਫ ਤਰਨਤਾਰਨ ਦੇ ਮੁਖੀ ਇੰਸਪੈਕਟਰ ਪ੍ਰਭਜੀਤ ਸਿੰਘ ਦੀ ਅਗਵਾਈ ਹੇਠ ਸਬ ਇੰਸਪੈਕਟਰ ਨਰਿੰਦਰ



ਸਿੰਘ ਵੱਲੋਂ ਸਮੇਤ ਪੁਲਸ ਪਾਰਟੀ ਬੀਤੀ 13 ਜੁਲਾਈ ਨੂੰ ਲਵਜੀਤ ਸਿੰਘ ਉਰਫ ਲੱਭਾ ਪੁੱਤਰ ਸਤਨਾਮ ਸਿੰਘ ਵਾਸੀ ਪਿੰਡ ਸਭਰਾ ਜੋ ਮੱਧ ਪ੍ਰਦੇਸ਼ ਤੋਂ ਨਾਜਾਇਜ਼ ਹਥਿਆਰਾਂ ਦੀ ਤਸਕਰੀ ਕਰਦਾ ਸੀ ਨੂੰ ਇਕ ਕੰਟਰੀ ਮੇਡ ਪਿਸਤੌਲ ਸਮੇਤ ਮੈਗਜ਼ੀਨ ਅਤੇ ਬਲੈਰੋ ਕੈਂਪਰ ਗੱਡੀ ਸਮੇਤ ਗ੍ਰਿਫਤਾਰ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੇ ਖਿਲਾਫ ਥਾਣਾ ਸਰਹਾਲੀ ਵਿਖੇ ਬੀਤੀ 13 ਜੁਲਾਈ ਨੂੰ ਪਰਚਾ ਦਰਜ ਕਰਦੇ ਹੋਏ ਮਾਨਯੋਗ ਅਦਾਲਤ ਪਾਸੋਂ ਹਾਸਲ ਕੀਤੇ ਰਿਮਾਂਡ ਦੌਰਾਨ ਅਗਲੇਰੀ ਪੁੱਛਗਿੱਛ ਆਰੰਭ ਕਰ ਦਿੱਤੀ ਗਈ ਸੀ। ਜਿਸ ਦੌਰਾਨ ਮੁਲਜ਼ਮ ਲਵਜੀਤ ਸਿੰਘ ਨੇ ਮੰਨਿਆ ਕਿ ਉਸ ਪਾਸ 2 ਹੋਰ ਕੰਟਰੀ ਮੇਡ 32 ਬੋਰ ਪਿਸਤੌਲ, 2 ਮੈਗਜੀਨ ਅਤੇ 2 ਜ਼ਿੰਦਾ ਰੌਂਦ ਲੁਕਾ ਕੇ ਰੱਖੇ ਹੋਏ ਹਨ, ਜੋ ਪੁਲਸ ਵੱਲੋਂ ਲਵਜੀਤ ਸਿੰਘ ਦੇ ਘਰ ਨਜ਼ਦੀਕ ਝਾੜੀਆਂ ਵਿਚੋਂ ਬਰਾਮਦ ਕਰ ਲਏ ਗਏ। ਡੀ.ਐੱਸ.ਪੀ ਨੇ ਦੱਸਿਆ ਕਿ ਇਸ ਦੌਰਾਨ ਪੁਲਸ ਨੇ ਲਵਜੀਤ ਸਿੰਘ ਪਾਸੋਂ 3 ਕੰਟਰੀ ਮੇਡ 32 ਬੋਰ ਪਿਸਤੌਲ, 3 ਮੈਗਜ਼ੀਨ ਅਤੇ 2 ਜ਼ਿੰਦਾ ਰੌਂਦ ਸਮੇਤ ਇਕ ਬਲੈਰੋ ਗੱਡੀ ਬਰਾਮਦ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਗ੍ਰਿਫਤਾਰ ਮੁਲਜ਼ਮ ਦੀ ਪੁੱਛਗਿੱਛ ਜਾਰੀ ਹੈ।

## ਭਲਕੇ ਤੋਂ ਚੱਲਣਗੀਆਂ 4 ਨਵੀਆਂ ਅੰਮ੍ਰਿਤ ਭਾਰਤ ਐਕਸਪ੍ਰੈਸ ਟਰੇਨਾਂ

ਨੈਸ਼ਨਲ ਡੈਸਕ 10 ਫਰਵਰੀ। ਆਮ ਰੇਲ ਯਾਤਰੀਆਂ ਲਈ ਇੱਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਰੇਲਵੇ ਨੇ ਘੱਟ ਕਿਰਾਏ 'ਤੇ ਬਿਹਤਰ ਸਹੂਲਤਾਂ ਵਾਲੀਆਂ ਚਾਰ ਨਵੀਆਂ 'ਅੰਮ੍ਰਿਤ ਭਾਰਤ ਐਕਸਪ੍ਰੈਸ' ਰੇਲਗੱਡੀਆਂ ਚਲਾਉਣ ਦਾ ਫ਼ੈਸਲਾ ਕੀਤਾ ਹੈ। ਇਹ ਰੇਲਗੱਡੀਆਂ ਬਿਹਾਰ ਦੇ ਵੱਖ-ਵੱਖ ਸ਼ਹਿਰਾਂ ਤੋਂ ਚੱਲਣਗੀਆਂ, ਜਿਸ ਨਾਲ ਬਿਹਾਰ ਦੀ ਕਨੈਕਟੀਵਿਟੀ ਹੋਰ ਮਜ਼ਬੂਤ ਹੋਵੇਗੀ। ਪ੍ਰਧਾਨ ਮੰਤਰੀ ਇਨ੍ਹਾਂ ਵਿੱਚੋਂ ਪਹਿਲੀ ਰੇਲਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ। ਰੇਲਵੇ ਮੰਤਰਾਲੇ ਦੇ ਸੂਚਨਾ ਅਤੇ ਪ੍ਰਚਾਰ ਦੇ ਕਾਰਜਕਾਰੀ ਨਿਰਦੇਸ਼ਕ ਦਿਲੀਪ ਕੁਮਾਰ ਨੇ ਕਿਹਾ ਕਿ ਰਾਜੇਂਦਰ ਨਗਰ ਟਰਮੀਨਲ (ਪਟਨਾ) ਅਤੇ ਨਵੀਂ ਦਿੱਲੀ ਵਿਚਕਾਰ ਚੱਲਣ ਵਾਲੀ ਪਹਿਲੀ ਰੇਲਗੱਡੀ ਦਾ ਉਦਘਾਟਨ 21 ਜੁਲਾਈ 2025 (ਸ਼ੁੱਕਰਵਾਰ) ਨੂੰ ਕੀਤਾ ਜਾਵੇਗਾ। ਰੇਲਗੱਡੀ ਨੰਬਰ 03261 (ਰਾਜੇਂਦਰ ਨਗਰ ਤੋਂ ਨਵੀਂ ਦਿੱਲੀ): 21 ਜੁਲਾਈ ਨੂੰ ਸਵੇਰੇ 11:45 ਵਜੇ ਰਾਜੇਂਦਰ ਨਗਰ ਤੋਂ ਰਵਾਨਾ ਹੋਵੇਗੀ। ਇਹ ਅਗਲੇ ਦਿਨ ਸਵੇਰੇ 4:00 ਵਜੇ ਪਟਨਾ (12:00-12:10), ਦਾਨਾਪੁਰ (12:30-12:35), ਆਰਾ (1:15-1:20), ਬਕਸਰ (2:10-2:15), ਪੰਡਿਤ ਦੀਨ ਦਿਆਲ ਉਪਾਧਿਆਏ ਜੰ. (3:40-3:50), ਸੂਬੇਦਾਰਗੰਜ (6:15-6:20), ਗੋਵਿੰਦਪੁਰੀ (8:50-8:55), ਗਾਜ਼ੀਆਬਾਦ (2:40-2:45 ਵਜੇ) ਹੁੰਦੇ ਹੋਏ ਨਵੀਂ ਦਿੱਲੀ ਪਹੁੰਚੇਗੀ। ਟ?ਰੇਨ ਨੰਬਰ 03262 (ਨਵੀਂ ਦਿੱਲੀ ਤੋਂ ਰਾਜੇਂਦਰ ਨਗਰ): ਅਗਲੇ ਦਿਨ, 21 ਜੁਲਾਈ 2025 ਨੂੰ, ਇਹ ਟ?ਰੇਨ ਨਵੀਂ ਦਿੱਲੀ ਤੋਂ ਸ਼ਾਮ 6:00 ਵਜੇ ਰਵਾਨਾ ਹੋਵੇਗੀ।

## ਖਾਲਸਾ ਕਾਲਜ ਦੇ ਅਜਾਇਬ ਘਰ ਵਿਖੇ ਬੈਲਜੀਅਮ ਤੋਂ 'ਮਾਡਲ ਚਿੰਨ੍ਹ' ਨੂੰ ਕੀਤਾ ਸਥਾਪਿਤ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ, 10 ਫਰਵਰੀ। ਇਤਿਹਾਸਕ ਖਾਲਸਾ ਕਾਲਜ ਦੇ ਸਿੱਖ ਇਤਿਹਾਸ ਖੋਜ ਕੇਂਦਰ ਵਿਖੇ ਵਿਸ਼ਵ ਯੁੱਧਾਂ ਦੌਰਾਨ ਲੜਨ ਵਾਲੇ ਸਿੱਖ ਸੈਨਿਕਾਂ ਦੀ ਯਾਦ 'ਚ ਬੈਲਜੀਅਮ ਤੋਂ ਇਕ ਵਿਲੱਖਣ 'ਮਿੱਟੀ ਦੇ ਮਾਡਲ ਚਿੰਨ੍ਹ' ਨੂੰ ਸਥਾਪਿਤ ਕੀਤਾ ਗਿਆ ਹੈ। ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਮੈਂਬਰ ਅਤੇ ਸਾਬਕਾ ਵਿਦਿਆਰਥੀ ਡਾ. ਦਵਿੰਦਰ ਸਿੰਘ ਛੀਨਾ ਵੱਲੋਂ ਯੂਰਪ ਤੋਂ ਲਿਆਂਦਾ ਗਿਆ ਉਕਤ ਮਾਡਲ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੂੰ ਸੌਂਪਿਆ ਗਿਆ। ਇਸ ਸਬੰਧੀ ਡਾ. ਛੀਨਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੀ ਬੈਲਜੀਅਮ ਸ਼ਹਿਰ ਦੀ ਫ਼ੇਰੀ ਦੌਰਾਨ ਈਪਰ ਸ਼ਹਿਰ ਦੇ ਮੇਅਰ ਕੈਟਰੀਨ ਡੇਸੋਮਰ ਨੇ ਉਕਤ ਮਿੱਟੀ (ਕਲੇ) ਦਾ ਮਾਡਲ ਯਾਦਗਾਰ ਵਜੋਂ ਭੇਟ ਕੀਤਾ। ਉਨ੍ਹਾਂ ਕਿਹਾ ਕਿ ਪਹਿਲੇ ਵਿਸ਼ਵ ਯੁੱਧ ਦੇ ਮੈਦਾਨਾਂ 'ਚ ਜਾਨਾਂ ਗੁਆਉਣ ਵਾਲੇ ਬਹਾਦਰ ਸੈਨਿਕਾਂ ਦੀ ਯਾਦ 'ਚ ਬੈਲਜੀਅਮ ਦੇ ਲੋਕਾਂ ਦੁਆਰਾ ਉੱਕਰੇ ਗਏ ਹਜ਼ਾਰਾਂ 'ਚੋਂ ਇਹ ਇਤਿਹਾਸਕ ਯਾਦਗਾਰੀ ਚਿੰਨ੍ਹ ਹੈ। ਉਨ੍ਹਾਂ ਕਿਹਾ ਕਿ ਇਹ ਮਾਡਲ ਉਨ੍ਹਾਂ ਬਹਾਦਰ ਸੈਨਿਕਾਂ ਲਈ 'ਸਤਿਕਾਰ ਦਾ ਚਿੰਨ੍ਹ' ਹੈ ਜਿਨ੍ਹਾਂ ਨੇ ਮਨੁੱਖਤਾ ਅਤੇ ਲੋਕਤਾਂਤਰਿਕ ਅਧਿਕਾਰਾਂ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਉਨ੍ਹਾਂ ਕਿਹਾ ਕਿ ਉਕਤ ਮਾਡਲ ਜੰਗ ਦੇ ਮੈਦਾਨਾਂ ਦੀ ਉਸ ਮਿੱਟੀ ਤੋਂ ਬਣਿਆ ਜਿੱਥੇ ਸਿਪਾਹੀਆਂ ਨੇ ਖਾਸ ਕਰਕੇ ਸਿੱਖ ਬਹਾਦਰਾਂ ਨੇ ਲੜਾਈ ਲੜੀ ਅਤੇ ਸ਼ਹੀਦੀਆਂ ਪ੍ਰਾਪਤ ਕੀਤੀਆਂ। ਇਹ ਮਾਡਲ ਵਿਸ਼ਵ-ਪ੍ਰਸਿੱਧ ਬੈਲਜੀਅਨ ਕਲਾਕਾਰ ਕੋਏਨ ਵੈਨਮੇਚੇਲੇਨ ਦੁਆਰਾ ਡਿਜ਼ਾਈਨ ਕੀਤਾ ਗਿਆ ਹੈ। ਡਾ. ਛੀਨਾ ਨੇ ਕਿਹਾ ਕਿ ਮਾਡਲ ਪੱਗ ਬੰਨ੍ਹੇ ਹੋਏ ਇਕ ਸਿੱਖ ਸਿਪਾਹੀ ਦਾ ਪ੍ਰਭਾਵ ਦਿੰਦੀ ਹੈ। ਉਨ੍ਹਾਂ ਕਿਹਾ ਕਿ ਬੈਲਜੀਅਨ ਦੇ ਪ੍ਰਸਿੱਧ ਇਤਿਹਾਸਕਾਰ ਡਾ. ਡੋਮਿਨਿਕ ਡੇਂਡੋਵਨ, ਜੋ 2015 ਅਤੇ 2023 'ਚ ਦੋ ਵਾਰ ਕਾਲਜ ਆਏ ਸਨ, ਵੀ ਉਸ ਸਮੇਂ ਮੌਜੂਦ ਸਨ ਜਦੋਂ ਉਨ੍ਹਾਂ ਨੂੰ ਮਾਡਲ ਪੇਸ਼ ਕੀਤਾ ਗਿਆ ਸੀ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਇਹ ਮਾਡਲ ਪ੍ਰਾਪਤ ਕਰਨਾ ਸਨਮਾਨ ਦੀ ਗੱਲ ਹੈ ਜੋ ਕਿ ਵਿਦਿਆਰਥੀਆਂ ਅਤੇ ਆਮ ਲੋਕਾਂ ਲਈ ਉਕਤ ਕੇਂਦਰ ਵਿਖੇ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਮੂਰਤ 'ਕਮਿੰਗ ਵਰਲਡ ਰਿਮੈਂਬਰ ਮੀ' ਦੀ ਸਥਾਪਨਾ ਦਾ ਵੀ ਹਿੱਸਾ ਸੀ, ਜੋ ਕਿ ਯੂਰਪ 'ਚ ਇਕ ਨਵਾਂ ਪ੍ਰੋਜੈਕਟ ਹੈ, ਜਿਸਦਾ ਉਦੇਸ਼ 6,00,000 ਛੋਟੇ ਮਿੱਟੀ ਦੇ ਬੁੱਤ ਤਿਆਰ ਕਰਨਾ ਹੈ, ਜੋ ਕਿ ਪਹਿਲੇ ਵਿਸ਼ਵ ਯੁੱਧ ਦੌਰਾਨ ਬੈਲਜੀਅਮ ਦੀ ਧਰਤੀ 'ਤੇ ਮਾਰੇ ਗਏ ਹਰੇਕ ਸਿਪਾਹੀ ਦਾ ਪ੍ਰਤੀਕ ਹੋਣਗੇ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਵਰਕਸ਼ਾਪਾਂ ਦੇ ਸਹਿਯੋਗ ਸਦਕਾ ਇਹ ਮੂਰਤੀਆਂ ਜਨਤਾ ਦੁਆਰਾ ਬਣਾਈਆਂ ਗਈਆਂ ਸਨ। ਡਾ. ਰੰਧਾਵਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਕੁਝ ਮੂਰਤੀਆਂ ਭਾਰਤ 'ਚ ਉਪਲਬੱਧ ਹਨ। ਉਨ੍ਹਾਂ ਕਿਹਾ ਕਿ ਇਕ ਇਸ ਤਰ੍ਹਾਂ ਦਾ ਚਿੰਨ੍ਹ ਬੈਲਜੀਅਨ ਦੂਤਾਵਾਸ ਅਤੇ ਦਿੱਲੀ 'ਚ ਯੂਨਾਈਟਿਡ ਸਰਵਿਸ ਇੰਸਟੀਚਿਊਸ਼ਨ ਆਫ ਇੰਡੀਆ ਅਤੇ ਚੰਡੀਗੜ੍ਹ 'ਚ ਸਿੱਖਿਆ ਸੀਕਰਜ਼ ਵਿਖੇ ਰੱਖਿਆ ਗਿਆ ਹੈ ਅਤੇ ਹੁਣ ਇਹ ਖ਼ਾਲਸਾ ਕਾਲਜ 'ਚ ਸਥਾਪਿਤ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਇਨ੍ਹਾਂ ਮੂਰਤੀਆਂ 'ਚੋਂ ਇੱਕ ਨੂੰ ਅੱਜ ਕਾਲਜ ਵਿਖੇ ਇਕ ਨਵਾਂ ਘਰ ਮਿਲਿਆ ਹੈ। ਇਸ ਤੋਂ ਪਹਿਲਾਂ ਡਾ. ਛੀਨਾ ਨੇ ਕਿਹਾ ਸੀ ਕਿ ਮੇਅਰ ਡੇਸਕੋਮਰ ਭਾਰਤ ਦੇ ਸਿੱਖਾਂ ਅਤੇ ਸਿੱਖ ਸੈਨਿਕਾਂ ਦੀ ਸ਼ਲਾਘਾ ਕਰਦਿਆਂ ਆਪਣੇ ਦਾਦੇ ਦੀਆਂ ਯਾਦਾਂ ਨੂੰ ਯਾਦ ਕਰਦੇ ਸਨ ਜਿਨ੍ਹਾਂ ਨੇ ਸਿੱਖਾਂ ਨੂੰ ਜੰਗਾਂ 'ਚ ਲੜਦੇ ਦੇਖਿਆ ਸੀ। ਇਸ ਦੌਰਾਨ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਮੇਅਰ ਡੈਸਕੋਮਰ ਦਾ ਸਿੱਖ ਸੈਨਿਕਾਂ ਅਤੇ ਸਿੱਖ ਵਿਰਾਸਤ ਦੀਆਂ ਕੁਰਬਾਨੀਆਂ ਨੂੰ ਵਿਸ਼ਵ ਪੱਧਰ 'ਤੇ ਮਾਨਤਾ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਡਾ. ਜਸਵਿੰਦਰ ਸਿੰਘ ਵੀ ਮੌਜੂਦ ਸਨ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਨੇ ਮੋਤੀ ਨਗਰ ਸਕੂਲ ਮੁੱਖੀ ਦੀ ਬਦਲੀ ਕਰਕੇ ਜਾਂਚ ਮੁਕੰਮਲ ਕਰਨ ਦੇ ਕੀਤੇ ਹੁਕਮ

## ਪੀੜਤ ਅਧਿਆਪਕਾ ਨਾਲ ਇਨਸਾਫ਼ ਦੀ ਮੰਗ ਲਈ ਜਥੇਬੰਦੀਆਂ ਨੇ ਸੱਦੀ 16 ਫਰਵਰੀ ਦੀ ਸਾਂਝੀ ਮੀਟਿੰਗ

**ਕੌਮੀ ਪਤ੍ਰਿਕਾ**

**ਮਲਾਗਰ ਖਮਾਣੋਂ**

ਫਤਿਹਗੜ੍ਹ ਸਾਹਿਬ 11 ਫਰਵਰੀ: ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਵੱਲੋਂ 9 ਫਰਵਰੀ ਨੂੰ ਡਾਇਰੈਕਟਰ ਸਕੂਲ ਸਿੱਖਿਆ ਨੂੰ ਪੱਤਰ ਭੇਜ ਕੇ ਸਰਕਾਰੀ ਮਾਡਲ ਪ੍ਰਾਇਮਰੀ ਸਕੂਲ ਮੋਤੀ ਨਗਰ (ਜ਼ਿਲ੍ਹਾ ਲੁਧਿਆਣਾ) ਦੇ ਹੈੱਡ ਟੀਚਰ ਦੀ ਤੁਰੰਤ ਪ੍ਰਭਾਵ ਨਾਲ ਬਦਲੀ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ, ਤਾਂ ਜੋ ਸਕੂਲ ਦੀ ਹੀ ਇੱਕ ਮਹਿਲਾ ਅਧਿਆਪਕਾ ਵੱਲੋਂ ਲਗਾਏ ਗਏ ਵਿਤਕਰੇ, ਤੰਗ ਪ੍ਰੇਸ਼ਾਨ ਅਤੇ ਬਦਨਾਮ ਕਰਨ ਦੇ ਗੰਭੀਰ ਦੋਸ਼ਾਂ ਵਾਲੇ ਮਾਮਲੇ ਵਿੱਚ ਜਾਂਚ ਨੂੰ ਪ੍ਰਭਾਵਿਤ ਹੋਣ ਤੋਂ ਰੋਕਿਆ ਜਾ ਸਕੇ। ਇੱਥੇ ਦੱਸਣਯੋਗ ਹੈ ਕਿ ਇਸ ਮਸਲੇ ਨੂੰ ਲੈ ਕਿ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ (ਜ਼ਿਲ੍ਹਾ ਲੁਧਿਆਣਾ), 6635 ਈਟੀਟੀ ਅਧਿਆਪਕ ਯੂਨੀਅਨ ਲੁਧਿਆਣਾ ਅਤੇ 4161 ਮਾਸਟਰ ਕਾਡਰ ਯੂਨੀਅਨ ਵੱਲੋਂ ਪੀੜਤ ਅਧਿਆਪਕਾ ਲਈ ਇਨਸਾਫ਼ ਦੀ ਮੰਗ ਲਈ ਸਕੂਲ ਮੁੱਖੀ ਨੂੰ ਤਬਦੀਲ ਕਰਕੇ ਗ੍ਰੇਡ - ਏ ਮਹਿਲਾ ਅਧਿਕਾਰੀਆਂ ਤੋਂ ਨਿਰਪੱਖ ਜਾਂਚ ਕਰਵਾਕੇ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਜੱਥੇਬੰਦੀਆਂ ਦੇ ਆਗੂਆਂ ਰਮਨਜੀਤ ਸਿੰਘ ਸੰਧੂ, ਰੁਪਿੰਦਰਪਾਲ ਸਿੰਘ ਗਿੱਲ, ਪਰਮਿੰਦਰ ਸਿੰਘ ਮਲੌਦ ਅਤੇ ਜਸਵਿੰਦਰ ਸਿੰਘ ਐਤੀਆਣਾ ਨੇ ਦੱਸਿਆ ਕਿ ਜਿਲ੍ਹਾ ਸਿੱਖਿਆ ਅਫ਼ਸਰ ਲੁਧਿਆਣਾ ਦਫਤਰ ਦੇ ਪਿਛਲੇ ਸਮੇਂ ਵਿੱਚ ਜਾਰੀ ਆਫੀਸ਼ਲ ਪੱਤਰਾਂ ਅਨੁਸਾਰ ਸਬੰਧਿਤ ਸਕੂਲ ਮੁੱਖੀ 'ਤੇ ਪਹਿਲਾ ਵੀ ਕਈ ਗੰਭੀਰ ਮਾਮਲਿਆਂ ਵਿੱਚ ਦੋਸ਼ ਲੱਗਦੇ ਰਹੇ ਹਨ, ਪਰ ਹਰ ਵਾਰ ਉਹ ਆਪਣੇ ਪ੍ਰਭਾਵ ਦੀ ਵਰਤੋਂ ਕਰਕੇ ਬਚ ਜਾਂਦਾ ਰਿਹਾ ਹੈ। ਇਸ ਮਾਮਲੇ ਵਿੱਚ ਵੀ ਉਸ ਵੱਲੋਂ ਆਪਣੇ ਖਿਲਾਫ ਹੋਈ ਸ਼ਿਕਾਇਤ ਤੋਂ ਬੁਖਲਾ ਕੇ ਪੀੜਤ ਅਧਿਆਪਕਾ ਨੂੰ ਮੀਡਿਆ ਵਿੱਚ ਨਿੱਜੀ ਤੌਰ 'ਤੇ ਬਦਨਾਮ ਕਰਨ, ਉਸ ਦੀ ਹਮਾਇਤ ਵਿੱਚ ਖੜ੍ਹਨ ਵਾਲਿਆਂ ਖਿਲਾਫ ਸਾਜਿਸ਼ੀ ਬਿਆਨਬਾਜੀ ਤੇ ਝੂਠੀਆਂ ਸ਼ਿਕਾਇਤਾਂ ਕਰਨ, ਆਪਣੇ ਪ੍ਰਭਾਵ ਦੀ ਵਰਤੋਂ ਕਰਕੇ ਸਬੂਤ ਮਿਟਾਉਣ ਅਤੇ ਉੱਚ ਅਧਿਕਾਰੀਆਂ ਦੀ ਮਨਜ਼ੂਰੀ ਤੋਂ ਬਿਨਾਂ ਹੀ ਸਕੂਲ ਦੇ ਲੈਟਰ ਹੈਡ ਤੇ ਅਹੁਦੇ ਦੀ ਦੁਰਵਰਤੋਂ ਕਰਕੇ ਕੁੱਝ ਮੀਡਿਆ ਅਦਾਰਿਆਂ ਨੂੰ ਬੇ-ਵਜਾਹ ਦੇ ਅਣ-ਅਧਿਕਾਰਿਤ ਨੋਟਿਸ ਕੱਢ ਕੇ ਪੀੜਤ ਦੀ ਆਵਾਜ਼ ਦਬਾਉਣ ਦੇ ਯਤਨ ਕੀਤੇ ਗਏ ਹਨ, ਪ੍ਰੰਤੂ ਉਹ ਪੀੜਤਾ ਨੂੰ ਇਨਸਾਫ਼ ਦਿਵਾਉਣ ਲਈ ਬਣਦੀ ਜਥੇਬੰਦਕ ਭੂਮਿਕਾ ਪੂਰੀ ਨਿਡਰਤਾ ਨਾਲ ਨਿਭਾਉਣੀ ਜਾਰੀ ਰੱਖਣ ਲਈ ਦ੍ਰਿੜ ਹਨ। ਇਸ ਮੌਕੇ ਪੀੜਤ ਅਧਿਆਪਕਾ ਨਰਿੰਦਰ ਪਾਲ ਕੌਰ ਨੇ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਹੁਕਮਾਂ 'ਤੇ ਤਸੱਲੀ ਪ੍ਰਗਟ ਕਰਦੇ ਹੋਏ ਦੱਸਿਆ ਕਿ ਸਕੂਲ ਦੇ ਹੈੱਡ ਟੀਚਰ ਵੱਲੋਂ ਉਸ ਖਿਲਾਫ ਪਿੱਛਲੇ ਲੰਮੇ ਸਮੇ ਤੋਂ ਭੱਦੀਆਂ ਤੇ ਨਸਲੀ ਟਿੱਪਣੀਆਂ ਰਾਹੀਂ ਨਫ਼ਰਤ ਦਾ ਪ੍ਰਗਟਾਵਾ



ਕੀਤਾ ਜਾਂਦਾ ਰਿਹਾ ਹੈ। ਮਿਤੀ 28 ਅਤੇ 29 ਨਵੰਬਰ 2025 ਨੂੰ ਸਕੂਲ ਵਿੱਚ ਹਾਜ਼ਰ ਹੋਣ ਦੇ ਬਾਵਜੂਦ ਉਸਨੂੰ ਸਟਾਫ ਰਜਿਸਟਰ ਵਿੱਚ ਅਣ ਅਧਿਕਾਰਿਤ ਤੌਰ 'ਤੇ ਹਾਜ਼ਰੀ ਪਾਉਣ ਤੋਂ ਰੋਕਿਆ ਗਿਆ ਅਤੇ ਜਲੀਲ ਕੀਤਾ ਗਿਆ, ਜਿਸ ਦੇ ਦਸਤੀ ਸਬੂਤ ਮੌਜੂਦ ਹਨ। ਇਸ ਤੋਂ ਪਹਿਲਾਂ ਹੈੱਡ ਟੀਚਰ ਵੱਲੋਂ ਆਨੇ ਬਹਾਨੇ ਹਰ ਸਾਲ 2200 ਰੁਪਏ ਅਤੇ ਸਕੂਲ ਦੀ ਸਫਾਈ ਦੇ ਨਾਮ 'ਤੇ 300 ਰੁਪਏ ਹਰ ਮਹੀਨੇ ਦਬਾਅ ਅਧੀਨ ਲਏ ਜਾਂਦੇ ਰਹੇ ਸਨ, ਜਿਸ ਦੀਆਂ ਸਲਿੱਪਾਂ ਵੀ ਮੌਜੂਦ ਹਨ। ਹੈੱਡ ਟੀਚਰ ਵੱਲੋਂ ਵਾਰ ਵਾਰ ਮਾਨਸਿਕ ਤੰਗ ਕਰਨਾ ਬੰਦ ਨਾ ਕਰਨ 'ਤੇ ਇਹ ਫੰਡ ਦੇਣ ਤੋਂ ਇਨਕਾਰ ਕਰਨ ਤੋਂ ਬਾਅਦ ਉਸ ਵੱਲੋਂ 19 ਦਸੰਬਰ ਤੋਂ 21 ਜਨਵਰੀ 2026 ਦਰਮਿਆਨ ਮੇਰੇ ਇਕੱਲੀ ਲਈ ਬਾਥਰੂਮ ਨੂੰ ਜਿੰਦਰਾ ਲਗਾ ਦਿੱਤਾ ਅਤੇ ਸਕੂਲ ਵਿੱਚਲੇ ਸਫ਼ਾਈ ਕਰਮਚਾਰੀਆਂ ਨੂੰ ਮੇਰੀ ਜਮਾਤ ਦੀ ਸਫ਼ਾਈ ਕਰਨ ਤੋਂ ਵੀ ਮਨ੍ਹਾ ਕਰ ਦਿੱਤਾ ਗਿਆ, ਜਿਸ ਦੇ ਆਡੀਓ, ਵੀਡੀਓ ਅਤੇ ਤਸਵੀਰਾਂ ਦੇ ਰੂਪ ਵਿੱਚ ਸਬੂਤ ਵੀ ਮੌਜੂਦ ਹਨ। ਇਸ ਤਰ੍ਹਾਂ ਮੇਰੇ ਲਈ ਸਕੂਲ ਵਿੱਚ ਅਪਮਾਨਜਨਕ ਮਾਹੌਲ ਬਣਾਉਂਦੇ ਹੋਏ ਇੱਕ ਔਰਤ ਵਜੋਂ ਮੇਰੀ ਸਿਹਤ ਅਤੇ ਸੁਰੱਖਿਆ ਨੂੰ ਪ੍ਰਭਾਵਿਤ ਕੀਤਾ ਗਿਆ। ਅਧਿਆਪਕਾ ਨੇ ਪੰਜਾਬ ਸਰਕਾਰ ਅਤੇ ਉੱਚ ਸਿੱਖਿਆ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਮੋਤੀ ਨਗਰ ਸਕੂਲ ਦੇ ਹੈੱਡ ਟੀਚਰ ਦੀ ਲੁਧਿਆਣਾ ਜ਼ਿਲ੍ਹੇ ਤੋਂ ਬਾਹਰ ਪ੍ਰਬੰਧਕੀ ਬਦਲੀ ਕਰਕੇ ਕੰਮ ਵਾਲੀ ਜਗ੍ਹਾ ਤੇ ਜਿਨਸੀ ਸ਼ੋਸ਼ਣ ਰੋਕਣ ਦੇ ਕਾਨੂੰਨ (POSH Act) 2013 ਅਤੇ ਅਨੁਸੂਚਿਤ ਜਾਤੀ/ਅਨੁਸੂਚਿਤ ਜਨਜਾਤੀ (ਅੱਤਿਆਚਾਰ ਰੋਕੂ) ਐਕਟ ਅਨੁਸਾਰ ਤੈਅ ਮਾਪ ਦੰਡਾਂ ਅਨੁਸਾਰ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਉਸ ਨੂੰ ਬਣਦਾ ਇਨਸਾਫ਼ ਦਿੱਤਾ ਜਾਵੇ। ਅਧਿਆਪਕ ਆਗੂਆਂ ਨੇ ਦੱਸਿਆ ਕਿ ਸਮੁੱਚੀਆਂ ਜਨਤਕ, ਜਮਹੂਰੀ ਅਤੇ ਇਨਸਾਫ਼ ਪਸੰਦ ਜਥੇਬੰਦੀਆਂ ਨੂੰ ਪੀੜਤ ਅਧਿਆਪਕਾ ਲਈ ਇਨਸਾਫ਼ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ ਲਈ 16 ਫਰਵਰੀ ਨੂੰ ਈਸੜੂ ਭਵਨ ਲੁਧਿਆਣਾ ਵਿਖੇ ਸਾਂਝੀ ਮੀਟਿੰਗ ਦਾ ਸੱਦਾ ਦਿੱਤਾ ਜਾ ਰਿਹਾ ਹੈ, ਜਿਸ ਵਿੱਚ ਵਿਚਾਰ ਵਟਾਂਦਰਾਂ ਕਰਕੇ ਅਗਲੇ ਪ੍ਰੋਗਰਾਮ ਤੈਅ ਕੀਤੇ ਜਾਣਗੇ।

## 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਕੈਸ਼ਲੈੱਸ ਇਲਾਜ ਦੇਣ ਦੀ ਵਿਵਸਥਾ: ਮੁੱਖ ਮੰਤਰੀ ਮਾਨ

**Contd........Front page**

ਭੁਗਤਾਨ ਵਿਧੀ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਹਸਪਤਾਲਾਂ ਨੂੰ ਆਪਸੀ ਸਹਿਮਤੀ ਨਾਲ ਤੈਅ ਦਰਾਂ ਅਨੁਸਾਰ ਭੁਗਤਾਨ ਕਰੇਗੀ, ਫਿਰ ਚਾਹੇ ਇਹ ਹਸਪਤਾਲ ਕਿਸੇ ਬਿਮਾਰੀ ਜਾਂ ਇਲਾਜ ਸੇਵਾ ਲਈ ਬਾਹਰਲੇ ਵਿਕਰੇਤਾ ਤੋਂ ਜ਼ਿਆਦਾ ਰਕਮ ਹੀ ਕਿਉਂ ਨਾ ਵਸੂਲ ਰਹੇ ਹੋਣ। ਹਸਪਤਾਲਾਂ ਦੀ ਜਵਾਬਦੇਹੀ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਯੋਜਨਾ ਤਹਿਤ ਸੂਚੀਬੱਧ ਸਾਰੇ ਹਸਪਤਾਲ ਦੁਆਰਾ ਨਿਰਧਾਰਤ ਦਰਾਂ 'ਤੇ ਇਲਾਜ ਦੇਣ ਲਈ ਪਾਬੰਦ ਹਨ ਅਤੇ ਉਨ੍ਹਾਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ ਕਿ ਲਾਭਪਾਤਰੀਆਂ ਨੂੰ ਕੈਸ਼ਲੈੱਸ ਇਲਾਜ ਮਿਲੇ। ਯੋਜਨਾ ਬਾਰੇ ਕਿਸੇ ਵੀ ਤਰ੍ਹਾਂ ਦੀ ਗਲਤ ਜਾਣਕਾਰੀ ਨੂੰ ਸਿੱਧੇ ਤੌਰ 'ਤੇ ਰੱਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਸਪਤਾਲਾਂ ਨੂੰ ਸਰਕਾਰ ਦੁਆਰਾ ਸਿੱਧਾ ਭੁਗਤਾਨ ਕੀਤਾ ਜਾਵੇਗਾ ਅਤੇ ਲਾਭਪਾਤਰੀਆਂ ਤੋਂ ਇੱਕ ਪੈਸਾ ਵੀ ਨਹੀਂ ਲਿਆ ਜਾਵੇਗਾ। ਉਨ੍ਹਾਂ ਨੇ ਪੰਜਾਬ ਵਿਰੋਧੀ ਤਾਕਤਾਂ ਵੱਲੋਂ ਇਸ ਯੋਜਨਾ ਸਬੰਧੀ ਗੁੰਮਰਾਹਕੁੰਨ ਅਤੇ ਗਲਤ ਤਸਵੀਰ ਪੇਸ਼ ਕਰਨ ਦੀਆਂ ਕੋਸ਼ਿਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਲੋਕਾਂ ਨੂੰ ਅਫ਼ਵਾਹਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ। ਯੋਜਨਾ ਦੇ ਲਾਭ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਲਾਭਪਾਤਰੀਆਂ ਲਈ ਇਲਾਜ ਸੇਵਾਵਾਂ ਕੈਸ਼ਲੈੱਸ ਹਨ ਅਤੇ ਹਸਪਤਾਲਾਂ ਦੁਆਰਾ ਮਰੀਜ਼ਾਂ ਤੋਂ ਕੋਈ ਫੀਸ ਨਹੀਂ ਲਈ ਜਾਵੇਗੀ। ਲੋਕਾਂ ਨੂੰ ਚੌਕਸ ਰਹਿਣ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੀਆਂ ਤਾਕਤਾਂ ਤੋਂ ਸੁਚੇਤ ਰਹਿਣ ਜੋ ਬੇਬੁਨਿਆਦ ਅਫ਼ਵਾਹਾਂ ਫੈਲਾ ਕੇ ਜਨਤਕ ਹਿੱਤਾਂ ਨੂੰ ਨੁਕਸਾਨ ਪਹੁੰਚਾਉਣ 'ਤੇ ਤੁਲੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਮੈਂ ਸਮੂਹ ਪੰਜਾਬੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਕਿਸੇ ਵੀ ਤਰ੍ਹਾਂ ਦੀਆਂ ਅਫ਼ਵਾਹਾਂ ਵੱਲ ਧਿਆਨ ਨਾ ਦੇਣ। ਯੋਜਨਾ ਤਹਿਤ ਇਲਾਜ ਸੇਵਾਵਾਂ ਬਾਰੇ ਵੇਰਵੇ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਠੋਸ ਵਿਧੀ ਉਲੀਕੀ ਹੈ ਜਿਸ ਤਹਿਤ ਹਸਪਤਾਲ ਵਿੱਚ ਦਾਖਲੇ ਤੋਂ ਲੈ ਕੇ ਜਾਂਚ ਜਾਂ ਟੈਸਟ, ਇਲਾਜ ਅਤੇ ਹਸਪਤਾਲ ਤੋਂ ਛੁੱਟੀ ਤੱਕ ਦੀ ਸਾਰੀ ਇਲਾਜ ਪ੍ਰਕਿਰਿਆ ਕੈਸ਼ਲੈੱਸ ਰਹੇਗੀ। ਉਲੰਘਣਾ ਸਬੰਧੀ ਸਪੱਸ਼ਟ ਚੇਤਾਵਨੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਕੋਈ ਹਸਪਤਾਲ ਇਸ ਯੋਜਨਾ ਤਹਿਤ ਕਿਸੇ ਮਰੀਜ਼ ਤੋਂ ਪੈਸੇ ਦੀ ਮੰਗ ਕਰਦਾ ਹੈ ਤਾਂ ਤੁਰੰਤ ਸਰਕਾਰ ਕੋਲ ਸ਼ਿਕਾਇਤ ਦਰਜ ਕਰਵਾਈ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਅਜਿਹੇ ਗਲਤ ਕੰਮਾਂ ਵਿੱਚ ਸ਼ਾਮਲ ਪਾਏ ਜਾਣ ਵਾਲੇ ਕਿਸੇ ਵੀ ਹਸਪਤਾਲ ਵਿਰੁੱਧ ਸਖ਼ਤ, ਦੰਡਕਾਰੀ ਅਤੇ ਮਿਸਾਲੀ ਕਾਰਵਾਈ ਕਰੇਗੀ। ਅਖੀਰ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਂ ਪੰਜਾਬ ਦੇ ਲੋਕਾਂ ਨੂੰ ਇਸ ਯੋਜਨਾ, ਜਿਸ ਨੂੰ ਦੁਨੀਆਂ ਭਰ ਵਿੱਚ ਸਲਾਹਿਆ ਜਾ ਰਿਹਾ ਹੈ, ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕਰਦਾ ਹਾਂ।

## ਬਾਲ ਜੋਗੀ ਪਰਗਟ ਨਾਥ ਦੀ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਦੇ ਸ਼ਰਾਈਨ ਬੋਰਡ ਦੇ ਸਲਾਹਕਾਰ ਬੋਰਡ ਦੇ ਚੇਅਰਮੈਨ ਵਜੋਂ ਨਿਯੁਕਤੀ

**Contd........Front page**

9 ਏਕੜ ਵਿੱਚ 32.78 ਕਰੋੜ ਰੁਪਏ ਦੀ ਲਾਗਤ ਨਾਲ ਬਣਿਆ ਇਹ ਪੈਨੋਰਾਮਾ 14 ਗੈਲਰੀਆਂ ਰਾਹੀਂ ਭਗਵਾਨ ਵਾਲਮੀਕਿ ਜੀ ਦੇ ਜੀਵਨ, ਫਲਸਫੇ ਅਤੇ ਯੋਗਦਾਨ ਨੂੰ ਪੇਸ਼ ਕਰਨ ਲਈ ਉੱਨਤ ਤਕਨਾਲੋਜੀ ਦੀ ਵਰਤੋਂ ਕਰਦਾ ਹੈ। ਇਸ ਵਿੱਚ ਉਨ੍ਹਾਂ ਦੇ ਸ਼ੁਰੂਆਤੀ ਜੀਵਨ, ਰਾਮਾਇਣ ਦੀ ਰਚਨਾ, ਮਾਤਾ ਸੀਤਾ ਅਤੇ ਲਵ-ਕੁਸ਼, ਯੋਗ, ਸੰਜੀਵਨੀ ਵਿੱਦਿਆ, ਅਸ਼ਵਮੇਧ ਯੱਗ, ਯੋਗ ਵਸ਼ਿਸ਼ਟ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਦਾ ਵਰਣਨ ਕੀਤਾ ਗਿਆ ਹੈ। ਲਾਇਬ੍ਰੇਰੀ, ਕੈਫੇਟੇਰੀਆ ਅਤੇ ਸੋਵੀਨੀਅਰ ਸ਼ਾਪ ਵਰਗੀਆਂ ਆਧੁਨਿਕ ਸਹੂਲਤਾਂ ਨਾਲ ਲੈਸ ਇਹ ਪੈਨੋਰਾਮਾ ਪੰਜਾਬ ਸਰਕਾਰ ਦੀ ਆਸਥਾ ਨੂੰ ਸੰਭਾਲਣ ਅਤੇ ਦਲਿਤ ਅਧਿਆਤਮਿਕ ਵਿਰਾਸਤ ਦਾ ਸਨਮਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।


**NAME CHANGE**
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]** Advocate F-211, Sector-3, Vaishali, Ghaziabad, Uttar Pradesh-201010 (Contact at 09958871432)

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate** CH. NO.536, Saket Courts New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]** Advocate F-211, Sector-3, Vaishali, Ghaziabad, Uttar Pradesh-201010 (Contact at 09958871432)

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.
**[RUPESH KUMAR ROUSHAN]** Advocate D-803, Nandgram, Ghaziabad, Uttar Pradesh 201003 roushan.rupesh@gmail.com

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**ਉੱਤਰ ਰੇਲਵੇ**

**ਖੁੱਲ੍ਹੀ ਨਿਵਿਦਾ ਸੂਚਨਾ**

ਭਾਰਤ ਦ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਇੰਜੀਨੀਅਰ/ਫਸਟ ਉੱਤਰ ਰੇਲਵੇ, ਨਵੀਂ ਦਿੱਲੀ ਦੁਆਰਾ ਨਿਮਨ ਕੰਮ ਦੇ ਲਈ ਈ ਟੈਂਡਰ ਦੇ ਮਾਧਿਅਮ ਨਾਲ ਨਿਵਿਦਾਵਾਂ ਦੀ ਮੰਗ ਕੀਤੀ ਜਾਂਦੀ ਹੈ।

| | | |
|---|---|---|
| 1. | **ਕੰਮ ਦਾ ਨਾਮ :** ਸਹਾਇਕ ਮੰਡਲ ਇੰਜੀਨੀਅਰ/ਪਾਨੀਪਤ ਦੇ ਤਹਿਤ ਐਸਐਸਈ/ਡਬਲਯੂ/ ਪਾਨੀਪਤ ਸੈਕਸ਼ਨ ਵਿਚ SFDE ਸਟੇਸ਼ਨ ਉਤੇ ਵਸਤੂਆਂ ਦੇ ਗੋਦਾਮ, ਵਪਾਰੀ, ਰੂਮ, ਲੇਬਰ ਰੂਮ, ਪਹੁੰਚ ਮਾਰਗ ਅਤੇ ਪਰਿਸੰਚਾਰੀ ਖੇਤਰ ਵਿਚ ਸੁਧਾਰ ਅਤੇ ਹੋਰ ਵਖ-ਵਖ ਕੰਮ। | |
| 2. | **ਅੰਦਾਜਨ ਲਾਗਤ** : ₹ 2,85,46,043.55/- | |
| 3. | **ਬਿਆਨਾ ਰਾਸ਼ੀ** : ₹ 2,92,700/- ਬਿਆਨਾ ਰਾਸ਼ੀ ਨੈਟ ਬੈਕਿੰਗ ਜਾਂ ਕੇਵਲ ਭੁਗਤਾਨ ਗੇਟਵੇ ਦੇ ਰੂਪ ਵਿਚ ਹੋਣਾ ਚਾਹੀਦਾ) ਨੋਟ: ਐਫ.ਡੀ.ਆਰ. ਜਾਂ ਡਿਮਾਂਡ ਡ੍ਰਾਫਟ ਦੇ ਰੂਪ ਵਿਚ ਈ.ਐਮ.ਡੀ. ਸਵੀਕਾਰ ਨਹੀਂ ਕੀਤੀ ਜਾਵੇਗੀ। (ਰੇਲਵੇ ਬੋਰਡ ਦੇ ਪੱਤਰ ਨੰਬਰ 2015/ਸੀਈ-1/ਸੀਟੀ/5/1 ਮਿਤੀ 31.08.2016) ਦੇ ਅਨੁਸਾਰ ਆਈ.ਆਰ.ਈ.ਪੀ.ਐਸ. ਤੇ ਨਿਵਿਦਾ ਮੰਗ ਦੇ ਲਈ। | |
| 4. | **ਸਮਾਪਨ ਅਵਧੀ** : 12 ਮਹੀਨੇ | |
| 5. | **ਈ-ਨਿਵਿਦਾ ਖੋਹਲਣ ਅਤੇ ਪੇਸ਼ ਕਰਨ ਦੇ ਲਈ ਮਿਤੀ ਅਤੇ ਸਮਾਂ** | 06.03.2026 ਨੂੰ 15.00 ਵਜੇ ਤਕ ਪੇਸ਼ ਕਰਨ ਅਤੇ ਨਿਵਿਦਾ ਖੁਲਣ ਦਾ ਸਮਾਂ ਮਿਤੀ 06.03.2026 ਨੂੰ 15:00 ਵਜੇ। |
| 6. | **ਨਿਵਿਦਾ ਦੀ ਵੈਬ ਸਾਈਟ ਜਿਥੋਂ ਨਿਵਿਦਾ ਫਾਰਮ ਖਰੀਦਿਆ ਜਾ ਸਕਦਾ ਹੈ।** | www.ireps.gov.in ਉਤੇ ਉਪਲਬਧ ਹੈ |
| 7. | **ਸਮਾਨ ਪ੍ਰਕਾਰ ਦੇ ਕੰਮ** | ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ। |

ਨੋਟ:- ਹਲਫਨਾਮਾ ਨਥੀ-XXIV ਜਰੂਰੀ ਰੂਪ ਦੇ ਰੂਪ ਵਿਚ ਨਿਵਿਦਾ ਸ਼ਰਤਾਂ ਦੇ ਨਾਲ ਨਥੀ ਨਵੇਂ ਫਾਰਮੈਟ ਵਿਚ ਪੇਸ਼ ਕੀਤਾ ਜਾਣਾ ਚਾਹੀਦਾ ਹੈ। ਅਤੇ ਸਾਰੇ ਨਥੀ ਦਸਤਾਵੇਜ ਨਿਵਿਦਾ ਕਰਤਾ ਦੁਆਰਾ ਖੁਦ ਤਸਦੀਕਸ਼ੁਦਾ ਹੋਣਾ ਚਾਹੀਦੇ। **ਪੱਤਰ ਨੰਬਰ: 128-ਡਬਲੂ/280/ਨਿਵਿਦਾ ਸੂਚਨਾ/25-26/ਡਬਲੂ-I** (NIT-45) **ਮਿਤੀ :- 09.02.2026** 446/2026

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**

**NAME CHANGE**
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH- 454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate** CH. NO.536, Saket Courts New Delhi-110017.

**NAME CHANGE**
I, RAMESH KUMAR S/o HANS RAJ, R/o House Number 720, Ward Number-5, Ravi Dass Nagar, Fazilka, Punjab-152123, have changed the name of my minor son KESHAV aged 13 years and he shall hereafter be known as KARAM CHAND.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN** ADVOCATE OFF. A-205A, NORTH EX.MALL, SECTOR-9, ROHINI, NEW DELHI

## ਦਿੱਲੀ ਵਿੱਚ 15 ਦਿਨਾਂ 'ਚ 509 ਮਹਿਲਾਵਾਂ ਲਾਪਤਾ; ਕਾਨੂੰਨ ਵਿਵਸਥਾ ਸਵਾਲਾਂ ਦੇ ਘੇਰੇ 'ਚ

# ਕੁੱਲ 809 ਵਿਅਕਤੀ ਲਾਪਤਾ; 'ਆਪ' ਨੇ ਕਾਨੂੰਨ ਵਿਵਸਥਾ 'ਤੇ ਚੁੱਕੇ ਸਵਾਲ; ਪੁਲਿਸ ਨੇ ਦਾਅਵਿਆਂ ਨੂੰ ਨਕਾਰਿਆ

**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਕੌਮੀ ਰਾਜਧਾਨੀ ਵਿੱਚ ਲਾਪਤਾ ਵਿਅਕਤੀਆਂ ਦੀਆਂ ਸ਼ਿਕਾਇਤਾਂ ਨੂੰ ਲੈ ਕੇ ਇੱਕ ਵੱਡੀ ਬਹਿਸ ਛਿੜ ਗਈ ਹੈ। ਆਮ ਆਦਮੀ ਪਾਰਟੀ (11♦) ਨੇ ਸਿਰਫ਼ 15 ਦਿਨਾਂ ਵਿੱਚ 800 ਤੋਂ ਵੱਧ ਲੋਕਾਂ ਦੇ ਲਾਪਤਾ ਹੋਣ ਦੀ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਕਾਨੂੰਨ ਵਿਵਸਥਾ 'ਤੇ ਸਵਾਲ ਚੁੱਕੇ ਹਨ, ਜਦਕਿ ਪੁਲੀਸ ਨੇ ਇਨ੍ਹਾਂ ਦਾਅਵਿਆਂ ਨੂੰ ਖਾਰਜ ਕਰ ਦਿੱਤਾ ਹੈ।

ਪੁਲਿਸ ਦਾ ਕਹਿਣਾ ਹੈ ਕਿ ਲਾਪਤਾ ਵਿਅਕਤੀਆਂ ਦੀਆਂ ਰਿਪੋਰਟਾਂ ਵਿੱਚ ਕੋਈ ਵਾਧਾ ਨਹੀਂ ਹੋਇਆ ਹੈ, ਸਗੋਂ ਪਿਛਲੇ ਸਾਲਾਂ ਦੀ ਇਸੇ ਮਿਆਦ ਦੇ ਮੁਕਾਬਲੇ ਜਨਵਰੀ ਵਿੱਚ ਇਹ ਅੰਕੜਾ ਘਟਿਆ ਹੈ। ਦਿੱਲੀ ਪੁਲੀਸ ਦੇ ਜਨਸੰਪਰਕ ਵਿਭਾਗ ਦੇ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਨਿਰਧਾਰਤ ਸਟੈਂਡਰਡ ਓਪਰੇਟਿੰਗ ਪ੍ਰੋਸੀਜ਼ਰ (SOPs) ਦੇ ਅਨੁਸਾਰ, ਅਜਿਹੇ ਸਾਰੇ ਮਾਮਲਿਆਂ ਵਿੱਚ ਲਾਪਤਾ ਵਿਅਕਤੀਆਂ ਦਾ ਪਤਾ ਲਗਾਉਣ ਲਈ ਤੁਰੰਤ ਯਤਨ ਕੀਤੇ ਜਾਂਦੇ ਹਨ, ਜਿਸ ਵਿੱਚ ਲਾਪਤਾ ਬੱਚਿਆਂ ਦੇ ਮਾਮਲਿਆਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਂਦੀ ਹੈ।

ਇਸ ਸਬੰਧ ਵਿੱਚ ਸਾਰੇ ਜ਼ਿਲ੍ਹਿਆਂ ਵਿੱਚ ਸਮਰਪਿਤ 'ਮਿਸਿੰਗ ਪਰਸਨ ਸਕੁਐਡ' ਕਾਰਜਸ਼ੀਲ ਹਨ ਅਤੇ ਕ੍ਰਾਈਮ ਬ੍ਰਾਂਚ ਦੀ 'ਐਂਟੀ-ਹਿਊਮਨ ਟ੍ਰੈਫਿਕਿੰਗ ਯੂਨਿਟ' ਵੀ ਪ੍ਰਭਾਵਸ਼ਾਲੀ ਕਾਰਵਾਈ ਯਕੀਨੀ ਬਣਾਉਣ ਲਈ ਕੰਮ ਕਰ ਰਹੀ ਹੈ। ਪੁਲੀਸ ਨੇ ਸਪੱਸ਼ਟ ਕੀਤਾ ਕਿ ਰਾਜਧਾਨੀ ਵਿੱਚ ਬੱਚਿਆਂ ਦੇ ਲਾਪਤਾ ਹੋਣ ਜਾਂ ਅਗਵਾ ਹੋਣ ਦੇ ਮਾਮਲਿਆਂ ਵਿੱਚ ਕਿਸੇ ਸੰਗਠਿਤ ਗਿਰੋਹ ਦੀ ਸ਼ਮੂਲੀਅਤ ਸਾਹਮਣੇ ਨਹੀਂ ਆਈ ਹੈ, ਇਸ ਲਈ ਉਨ੍ਹਾਂ ਅਪੀਲ ਕੀਤੀ ਕਿ ਅਫ਼ਵਾਹਾਂ ਵੱਲ ਧਿਆਨ ਨਾ ਦਿੱਤਾ ਜਾਵੇ।

**2026 ਦੇ ਪਹਿਲੇ 15 ਦਿਨਾਂ ਵਿੱਚ ਦਿੱਲੀ ਵਿੱਚ 807 ਲੋਕ ਲਾਪਤਾ**

ਦਿੱਲੀ ਪੁਲਿਸ ਦੇ ਅਧਿਕਾਰਤ ਅੰਕੜਿਆਂ ਅਨੁਸਾਰ 2026 ਦੇ ਪਹਿਲੇ 15 ਦਿਨਾਂ ਵਿੱਚ ਦਿੱਲੀ ਵਿੱਚ 807 ਲੋਕ ਲਾਪਤਾ ਹੋਏ ਸਨ, ਜਿਨ੍ਹਾਂ ਵਿੱਚੋਂ ਲਗਪਗ ਦੋ-ਤਿਹਾਈ ਮਾਮਲੇ ਔਰਤਾਂ ਅਤੇ ਕੁੜੀਆਂ ਦੇ ਸਨ। 1 ਤੋਂ 15 ਜਨਵਰੀ ਦੇ ਵਿਚਕਾਰ ਔਸਤਨ ਰੋਜ਼ਾਨਾ ਲਗਪਗ 54 ਮਾਮਲੇ ਸਾਹਮਣੇ ਆਏ। ਲਾਪਤਾ ਹੋਣ ਵਾਲਿਆਂ ਵਿੱਚ 509 ਔਰਤਾਂ ਅਤੇ ਕੁੜੀਆਂ, ਜਦਕਿ 298 ਮਰਦ ਸ਼ਾਮਲ ਸਨ। ਹੁਣ ਤੱਕ ਪੁਲੀਸ ਨੇ 235 ਵਿਅਕਤੀਆਂ ਦਾ ਪਤਾ ਲਗਾ ਲਿਆ ਹੈ, ਪਰ 572 ਲੋਕ ਅਜੇ ਵੀ ਲਾਪਤਾ ਹਨ।

**ਵਿਰੋਧੀ ਪਾਰਟੀਆਂ ਨੇ ਚੁੱਕਿਆ ਮੁੱਦਾ**

ਇਨ੍ਹਾਂ ਅੰਕੜਿਆਂ ਦਾ ਹਵਾਲਾ ਦਿੰਦੇ ਹੋਏ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸੁਰੱਖਿਆ ਨੂੰ ਲੈ ਕੇ ਚਿੰਤਾ ਜ਼ਾਹਰ ਕੀਤੀ ਅਤੇ ਭਾਜਪਾ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਰਾਜਧਾਨੀ ਦੀ ਕਾਨੂੰਨ ਵਿਵਸਥਾ ਬੁਰੀ ਤਰ੍ਹਾਂ ਨਾਲ ਢਹਿ-ਢੇਰੀ ਹੋ ਚੁੱਕੀ ਹੈ। ਇਸ ਦੌਰਾਨ, 'ਆਪ' ਦਿੱਲੀ ਦੇ ਮੁਖੀ ਸੌਰਭ ਭਾਰਦਵਾਜ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਦਾਅਵਾ ਕੀਤਾ ਕਿ ਇੰਨੀ ਵੱਡੀ ਗਿਣਤੀ ਵਿੱਚ ਔਰਤਾਂ ਦੇ ਲਾਪਤਾ ਹੋਣ ਕਾਰਨ ਐਪਸਟੀਨ ਫਾਈਲਾਂ ਜਾਂ ਨਿਠਾਰੀ ਕਾਂਡ ਵਰਗੇ ਗੰਭੀਰ ਅਪਰਾਧ ਰਾਜਧਾਨੀ ਵਿੱਚ ਵਾਪਰ ਰਹੇ ਹੋ ਸਕਦੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਇਹ ਉਦੋਂ ਹੋ ਰਿਹਾ ਹੈ ਜਦੋਂ ਦਿੱਲੀ ਦੀ ਸ਼ਾਇਦ ਹੀ ਕੋਈ ਅਜਿਹੀ ਗਲੀ ਜਾਂ ਮੁਹੱਲਾ ਹੋਵੇਗਾ ਜਿੱਥੇ ਸੀਸੀਟੀਵੀ ਕੈਮਰੇ ਨਾ ਲੱਗੇ ਹੋਣ। ਉਨ੍ਹਾਂ ਸਵਾਲ ਚੁੱਕਿਆ ਕਿ ਜਦੋਂ ਸ਼ਹਿਰ ਵਿੱਚ ਹਰ ਕਦਮ 'ਤੇ ਸੀਸੀਟੀਵੀ ਲੱਗੇ ਹਨ, ਤਾਂ ਇਹ ਮੰਨਣਾ ਮੁਸ਼ਕਲ ਹੈ ਕਿ 572 ਲੋਕਾਂ ਦਾ ਕੋਈ ਸੁਰਾਗ ਨਹੀਂ ਮਿਲ ਰਿਹਾ।

**ਪੇਡ ਪ੍ਰਮੋਸ਼ਨ ਰਾਹੀਂ ਫੈਲਾਈ ਜਾ ਰਹੀ ਹੈ ਦਹਿਸ਼ਤ: ਦਿੱਲੀ ਪੁਲੀਸ**

ਦਿੱਲੀ ਪੁਲੀਸ ਨੇ ਸ਼ੁੱਕਰਵਾਰ ਨੂੰ ਦਿੱਲੀ ਵਿੱਚ ਲਾਪਤਾ ਕੁੜੀਆਂ ਦੀ ਗਿਣਤੀ ਵਿੱਚ ਵਾਧੇ ਬਾਰੇ ਚੱਲ ਰਹੀਆਂ ਅਟਕਲਾਂ ਨੂੰ ਖਾਰਜ ਕਰਦਿਆਂ ਸਪੱਸ਼ਟ ਕੀਤਾ ਕਿ ਇਹ ਅਫਵਾਹਾਂ ਪੇਡ ਪ੍ਰਮੋਸ਼ਨ (ਪੈਸੇ ਦੇ ਕੇ ਕਰਵਾਏ ਗਏ ਪ੍ਰਚਾਰ) ਰਾਹੀਂ ਫੈਲਾਈਆਂ ਜਾ ਰਹੀਆਂ ਹਨ। ਪੁਲੀਸ ਨੇ ਜ਼ੋਰ ਦੇ ਕੇ ਕਿਹਾ ਕਿ ਅਫਵਾਹਾਂ ਫੈਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਕਿਹਾ ਕਿ ਮੁਦਰਾ ਲਾਭ ਲਈ ਦਹਿਸ਼ਤ ਪੈਦਾ ਕਰਨਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਦਿੱਲੀ ਪੁਲੀਸ ਨੇ X 'ਤੇ ਇੱਕ ਪੋਸਟ ਵਿੱਚ ਲਿਖਿਆ, ਕੁਝ ਸੁਰਾਗਾਂ ਦਾ ਪਿੱਛਾ ਕਰਨ ਤੋਂ ਬਾਅਦ, ਸਾਨੂੰ ਪਤਾ ਲੱਗਾ ਹੈ ਕਿ ਦਿੱਲੀ ਵਿੱਚ ਲਾਪਤਾ ਕੁੜੀਆਂ ਦੇ ਵਾਧੇ ਬਾਰੇ ਬਣਾਇਆ ਗਿਆ ਹਊਆ ਪੇਡ ਪ੍ਰਮੋਸ਼ਨ ਰਾਹੀਂ ਅੱਗੇ ਵਧਾਇਆ ਜਾ ਰਿਹਾ ਹੈ। ਪੈਸੇ ਕਮਾਉਣ ਲਈ ਦਹਿਸ਼ਤ ਪੈਦਾ ਕਰਨਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਅਤੇ ਅਸੀਂ ਅਜਿਹੇ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕਰਾਂਗੇ।

ਇਸ ਤੋਂ ਪਹਿਲਾਂ, ਦਿੱਲੀ ਪੁਲਿਸ ਨੇ ਜਨਤਾ ਨੂੰ ਭਰੋਸਾ ਦਿਵਾਇਆ ਕਿ ਰਾਸ਼ਟਰਪਤੀ ਦੀ ਰਾਜਧਾਨੀ ਵਿੱਚ ਲਾਪਤਾ ਵਿਅਕਤੀਆਂ ਦੀਆਂ ਵਧਦੀਆਂ ਰਿਪੋਰਟਾਂ ਦੇ ਵਿਚਕਾਰ ਡਰਨ ਜਾਂ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਖਾਸ ਕਰਕੇ ਬੱਚਿਆਂ ਦੇ ਸਬੰਧ ਵਿੱਚ। ਦਿੱਲੀ ਪੁਲਿਸ ਦੇ ਪੀ.ਆਰ.ਓ ਸੰਜੇ ਤਿਆਗੀ ਨੇ ਵੀਰਵਾਰ ਨੂੰ ਕਿਹਾ ਕਿ ਪਿਛਲੇ ਸਾਲਾਂ ਦੇ ਮੁਕਾਬਲੇ ਸ਼ਹਿਰ ਵਿੱਚ ਲਾਪਤਾ ਵਿਅਕਤੀਆਂ ਦੀਆਂ ਰਿਪੋਰਟਾਂ ਵਿੱਚ ਕੋਈ ਵਾਧਾ ਨਹੀਂ ਹੋਇਆ ਹੈ।

ਅਸਲ ਵਿੱਚ, ਜਨਵਰੀ 2026 ਵਿੱਚ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ ਘੱਟ ਅਜਿਹੇ ਮਾਮਲੇ ਦੇਖੇ ਗਏ ਹਨ। ਉਨ੍ਹਾਂ ਕਿਹਾ ਕਿ ਦਿੱਲੀ ਪੁਲੀਸ ਅਪਰਾਧ ਦੀ ਨਿਰਪੱਖ ਅਤੇ ਪਾਰਦਰਸ਼ੀ ਰਿਪੋਰਟਿੰਗ ਦੀ ਨੀਤੀ ਦੀ ਪਾਲਣਾ ਕਰਦੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਲਾਪਤਾ ਵਿਅਕਤੀਆਂ ਦੀ ਰਿਪੋਰਟ ਨਾ ਸਿਰਫ਼ ਸਥਾਨਕ ਪੁਲੀਸ ਸਟੇਸ਼ਨਾਂ ਵਿੱਚ ਸਗੋਂ ਆਨਲਾਈਨ ਜਾਂ ERSS 112 ਰਾਹੀਂ ਵੀ ਕੀਤੀ ਜਾ ਸਕਦੀ ਹੈ। ਸਟੈਂਡਰਡ ਓਪਰੇਟਿੰਗ ਪ੍ਰੋਸੀਜ਼ਰ (SOPs) ਦੇ ਤਹਿਤ, ਦਿੱਲੀ ਪੁਲੀਸ ਲਾਪਤਾ ਬੱਚਿਆਂ ਨੂੰ ਲੱਭਣ ਨੂੰ ਪਹਿਲ ਦਿੰਦੀ ਹੈ ਅਤੇ ਤੁਰੰਤ ਕਾਰਵਾਈ ਕਰਦੀ ਹੈ।

**ਕੀ ਕਹਿੰਦੇ ਹਨ ਅਧਿਕਾਰਤ ਅੰਕੜੇ**

ਤਿਆਗੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬੱਚਿਆਂ ਦੇ ਲਾਪਤਾ ਹੋਣ ਜਾਂ ਅਗਵਾ ਹੋਣ ਦੇ ਮਾਮਲਿਆਂ ਵਿੱਚ ਕੋਈ ਸੰਗਠਿਤ ਗਿਰੋਹ ਸ਼ਾਮਲ ਨਹੀਂ ਪਾਇਆ ਗਿਆ ਹੈ। ਦਿੱਲੀ ਪੁਲੀਸ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਸ਼ਹਿਰ ਦੀ ਵਧਦੀ ਆਬਾਦੀ ਦੇ ਬਾਵਜੂਦ ਪਿਛਲੇ ਇੱਕ ਦਹਾਕੇ ਵਿੱਚ ਲਾਪਤਾ ਹੋਣ ਵਾਲੇ ਲੋਕਾਂ ਦੀ ਗਿਣਤੀ ਕਾਫ਼ੀ ਹੱਦ ਤੱਕ ਸਥਿਰ ਰਹੀ ਹੈ, ਜੋ 2016 ਤੋਂ 23,000 ਤੋਂ 24,000 ਦੇ ਵਿਚਕਾਰ ਹੈ। ਉਨਾਂ ਕਿਹਾ ਕਿ ਜਨਵਰੀ 2026 ਵਿੱਚ 1,777 ਲਾਪਤਾ ਮਾਮਲੇ ਦਰਜ ਕੀਤੇ ਗਏ ਸਨ, ਜਦਕਿ ਕੌਮੀ ਰਾਜਧਾਨੀ ਵਿੱਚ ਪ੍ਰਤੀ ਮਹੀਨਾ ਔਸਤਨ ਲਗਪਗ 2,000 ਮਾਮਲੇ ਹੁੰਦੇ ਹਨ। ਅੰਕੜੇ ਦੱਸਦੇ ਹਨ ਕਿ 2016 ਤੋਂ ਹੁਣ ਤੱਕ ਕੁੱਲ 1,80,805 ਲਾਪਤਾ ਵਿਅਕਤੀਆਂ ਨੂੰ ਲੱਭ ਕੇ ਉਨ੍ਹਾਂ ਦੇ ਪਰਿਵਾਰਾਂ ਨਾਲ ਮਿਲਾਇਆ ਗਿਆ ਹੈ, ਜੋ ਕਿ ਲਗਭਗ 77 ਫੀਸਦੀ ਦੀ ਰਿਕਵਰੀ ਦਰ ਨੂੰ ਦਰਸਾਉਂਦਾ ਹੈ।

## ਰਾਜਪਾਲ ਪੰਜਾਬ ਦੀ ਅਗਵਾਈ ਹੇਠ ਫਾਜ਼ਿਲਕਾ ਜ਼ਿਲ੍ਹੇ 'ਚ ਨਸ਼ਿਆਂ ਵਿਰੁੱਧ ਪੈਦਲ ਯਾਤਰਾ 12 ਫ਼ਰਵਰੀ ਨੂੰ : ਅਮਰਪ੍ਰੀਤ ਕੌਰ ਸੰਧੂ



**ਫਾਜ਼ਿਲਕਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਰਾਜਪਾਲ ਪੰਜਾਬ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਵੱਡੀ ਪਹਿਲਕਦਮੀ ਤਹਿਤ ਜ਼ਿਲ੍ਹਾ ਫਾਜ਼ਿਲਕਾ ਵਿੱਚ 11 ਤੇ 12 ਫ਼ਰਵਰੀ ਨੂੰ 'ਨਸ਼ਿਆਂ ਵਿਰੁੱਧ ਪੈਦਲ ਯਾਤਰਾ' ਕੱਢੀ ਜਾਵੇਗੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਪੈਦਲ ਯਾਤਰਾ ਦੀਆਂ ਅਗਾਊ ਤਿਆਰੀਆਂ ਸਬੰਧੀ ਵੱਖ-ਵੱਖ ਵਿਭਾਗਾਂ ਵੱਲੋਂ ਮੁਕੰਮਲ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਦੌਰਾਨ ਸਾਂਝੀ ਕੀਤੀ।

ਡਿਪਟੀ ਕਮਿਸ਼ਨਰ ਨੇ ਰਾਜਪਾਲ ਦੇ ਫਾਜ਼ਿਲਕਾ ਜ਼ਿਲ੍ਹੇ ਦੇ ਦੌਰੇ ਅਤੇ ਪੈਦਲ ਯਾਤਰਾ ਸਬੰਧੀ ਤਿਆਰੀਆਂ ਨੂੰ ਸਮੇਂ ਰਹਿੰਦੇ ਮੁਕੰਮਲ ਕਰਨ ਨੂੰ ਲੈ ਕੇ ਜ਼ਰੂਰੀ ਦਿਸ਼ਾ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਿਤੀ 11 ਫਰਵਰੀ 2026 ਨੂੰ ਮਾਨਯੋਗ ਰਾਜਪਾਲ ਪੰਜਾਬ ਜੀ ਫਾਜ਼ਿਲਕਾ ਦੇ ਜੱਟਵਾਲੀ ਮੁੜ ਵਸੇਬਾ ਕੇਂਦਰ ਦਾ ਦੌਰਾ ਕਰਨਗੇ।

ਇਸ ਉਪਰੰਤ ਸੰਜੀਵ ਸਿਨੇਮਾ ਫਾਜ਼ਿਲਕਾ ਤੋਂ ਘੰਟਾ ਘਰ ਫਾਜ਼ਿਲਕਾ ਤੱਕ ਪੈਦਲ ਮਾਰਚ ਦੀ ਅਗਵਾਈ ਕਰਨਗੇ੍ਰ ਇਸ ਤੋਂ ਇਲਾਵਾ ਮਾਨਯੋਗ ਰਾਜਪਾਲ ਪੰਜਾਬ ਆਸਫ ਵਾਲਾ ਸ਼ਹੀਦੀ ਸਮਾਰਕ ਵਿਖੇ ਵੀ ਨਤਮਸਤਕ ਹੋਣਗੇ੍ਰ ਇਸ ਮੌਕੇ ਉਨ੍ਹਾਂ ਵੱਲੋਂ ਸਰਹੱਦੀ ਜ਼ਿਲ੍ਹੇ ਦੀਆਂ ਪਿੰਡ ਸੁਰੱਖਿਆ ਕਮੇਟੀਆਂ (ਵੀ.ਡੀ.ਸੀ) ਨਾਲ ਮੀਟਿੰਗ ਕੀਤੀ ਜਾਵੇਗੀ੍ਰ।

ਜ਼ਿਲ੍ਹਾ ਫਾਜ਼ਿਲਕਾ ਦੇ ਦੂਸਰੇ ਦਿਨ ਦੇ ਦੌਰੇ ਦੌਰਾਨ ਮਾਨਯੋਗ ਰਾਜਪਾਲ ਪੰਜਾਬ 12 ਫਰਵਰੀ 2026 ਨੂੰ ਮਿਊਸਪਲ ਕਾਰਪੋਰੇਸ਼ਨ ਦਫਤਰ ਅਬੋਹਰ ਤੋਂ ਡੀ.ਏ.ਵੀ. ਕਾਲਜ ਅਬੋਹਰ ਤੱਕ ਨਸ਼ਿਆਂ ਵਿਰੁੱਧ ਕੱਢੀ ਜਾ ਰਹੀ ਪੈਦਲ ਯਾਤਰਾ ਦੀ ਅਗਵਾਈ ਕਰਨਗੇ। ਇਸ ਦੌਰਾਨ ਪੰਜਾਬ ਦੇ ਰਾਜਪਾਲ ਲੋਕਾਂ ਦੇ ਨਾਮ ਆਪਣਾ ਸੰਦੇਸ਼ ਵੀ ਦੇਣਗੇ। ਇਸ ਪੈਦਲ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ, ਯੂਥ ਕਲੱਬਾਂ ਦੇ ਮੈਂਬਰ, ਵਲੰਟੀਅਰ ਅਤੇ ਗੈਰ-ਸਰਕਾਰੀ ਸੰਸਥਾਵਾਂ (ਐਨ.ਜੀ.ਓਜ਼) ਆਦਿ ਸ਼ਾਮਿਲ ਹੋ ਕੇ ਨਸ਼ੇ ਤਿਆਗਣ ਅਤੇ ਨਸ਼ਿਆਂ ਦੇ ਖਾਤਮੇ ਲਈ ਇੱਕਜੁਟ ਹੋਣ ਦਾ ਸੱਦਾ ਦੇਣਗੇ।

ਡਿਪਟੀ ਕਮਿਸ਼ਨਰ ਨੇ ਇਸ ਪੈਦਲ ਯਾਤਰਾ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸੁਰੱਖਿਆ ਪ੍ਰਬੰਧਾਂ, ਟ?ਰੈਫਿਕ ਨਿਯੰਤਰਣ, ਸਾਫ਼-ਸਫ਼ਾਈ, ਸਿਹਤ ਸਹੂਲਤਾਂ, ਮੈਡੀਕਲ ਟੀਮਾਂ ਅਤੇ ਸਮਾਗਮ ਦੌਰਾਨ ਲੋੜੀਂਦੀਆਂ ਵਿਵਸਥਾਵਾਂ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਇਸ ਜਾਗਰੂਕਤਾ ਪੈਦਲ ਯਾਤਰਾ ਨੂੰ ਸਫਲ ਬਣਾਉਣ ਦੀ ਹਦਾਇਤ ਕੀਤੀ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਮਨਦੀਪ ਕੌਰ, ਸਹਾਇਕ ਕਮਿਸ਼ਨਰ ਅਮਨਦੀਪ ਸਿੰਘ ਮਾਵੀ ਸਮੇਤ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਹਰਿਆਣਾ ਵਿੱਚ ਤਰਜੀਹੀ ਖੇਤਰ ਕਰਜ਼ਾ ਦੇਣ ਦੀ ਸੰਭਾਵਨਾ 3.67 ਲੱਖ ਕਰੋੜ ਤੱਕ ਪਹੁੰਚ ਗਈ, ਨਾਬਾਰਡ ਨੇ ਸਟੇਟ ਫੋਕਸ ਪੇਪਰ ਜਾਰੀ ਕੀਤਾ

➢ ਖੇਤੀਬਾੜੀ ਨੂੰ ਲਾਭਦਾਇਕ ਬਣਾਏ ਬਿਨਾਂ ਪੇਂਡੂ ਖੁਸ਼ਹਾਲੀ ਅਸੰਭਵ : ਮੁੱਖ ਮੰਤਰੀ ਨਾਇਬ ਸਿੰਘ ਸੈਣੀ
➢ ਨਵੀਨਤਾ, ਤਕਨਾਲੋਜੀ ਅਤੇ ਵਿੱਤੀ ਸਹਾਇਤਾ ਨਾਲ ਹਰਿਆਣਾ ਦੀ ਗ੍ਰਾਮੀਣ ਅਰਥਵਿਵਸਥਾ ਨੂੰ ਬਦਲੇਗੀ

**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਨਾਬਾਰਡ ਦੁਆਰਾ ਆਯੋਜਿਤ ਰਾਜ ਪੱਧਰੀ ਕ੍ਰੈਡਿਟ ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਨੇ ਦੇਸ਼ ਦੀ ਖੁਰਾਕ ਸੁਰੱਖਿਆ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਬਦਲਦੇ ਸਮੇਂ ਦੇ ਨਾਲ, ਖੇਤੀਬਾੜੀ ਅਤੇ ਪੇਂਡੂ ਅਰਥਵਿਵਸਥਾ ਨੂੰ ਕਈ ਨਵੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਹੈ, ਜਿਨ੍ਹਾਂ ਵਿੱਚ ਭੂਮੀਗਤ ਪਾਣੀ ਦੇ ਪੱਧਰ ਵਿੱਚ ਗਿਰਾਵਟ, ਮਿੱਟੀ ਦੀ ਸਿਹਤ ਵਿੱਚ ਵਿਗੜਦੀ ਗਿਰਾਵਟ, ਜਲਵਾਯੂ ਪਰਿਵਰਤਨ ਅਤੇ ਵਧਦੀ ਉਤਪਾਦਨ ਲਾਗਤ ਸ਼ਾਮਲ ਹਨ। ਇਨ੍ਹਾਂ ਚੁਣੌਤੀਆਂ ਨੂੰ ਰਵਾਇਤੀ ਤਰੀਕਿਆਂ ਨਾਲ ਨਹੀਂ, ਸਗੋਂ ਨਵੀਨਤਾ, ਤਕਨਾਲੋਜੀ ਅਤੇ ਸੰਸਥਾਗਤ ਵਿੱਤੀ ਸਹਾਇਤਾ ਰਾਹੀਂ ਹੱਲ ਕੀਤਾ ਜਾ ਸਕਦਾ ਹੈ।

ਇਸ ਮੌਕੇ 'ਤੇ, ਮੁੱਖ ਮੰਤਰੀ ਨੇ ਨਾਬਾਰਡ ਦੁਆਰਾ ਤਿਆਰ ਕੀਤਾ ਗਿਆ ਸਾਲ 2026-27 ਲਈ ਸਟੇਟ ਫੋਕਸ ਪੇਪਰ ਵੀ ਜਾਰੀ ਕੀਤਾ। ਹਰਿਆਣਾ ਦੇ ਤਰਜੀਹੀ ਖੇਤਰ ਕਰਜ਼ਾ ਦੇਣ ਦੀ ਸੰਭਾਵਨਾ 367,000 ਕਰੋੜ ਰੁਪਏ ਤੋਂ ਵੱਧ ਹੋਣ ਦਾ ਅਨੁਮਾਨ ਹੈ, ਜੋ ਪਿਛਲੇ ਸਾਲ ਦੇ ਮੁਕਾਬਲੇ ਲਗਭਗ 17 ਪ੍ਰਤੀਸ਼ਤ ਦਾ ਵਾਧਾ ਦਰਸਾਉਂਦਾ ਹੈ। ਇਸ ਮੌਕੇ 'ਤੇ, ਮੁੱਖ ਮੰਤਰੀ ਨੇ ਕਈ ਕਮੇਟੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਕੰਮ ਲਈ ਸਨਮਾਨਿਤ ਵੀ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਖੇਤੀਬਾੜੀ ਨੂੰ ਲਾਭਦਾਇਕ ਬਣਾਏ ਬਿਨਾਂ ਪੇਂਡੂ ਖੁਸ਼ਹਾਲੀ ਅਸੰਭਵ ਹੈ। ਇਸ ਲਈ, ਸਾਨੂੰ ਘੱਟ ਜ਼ਮੀਨ ਤੋਂ ਵਧੇਰੇ ਉਤਪਾਦਨ ਅਤੇ ਪਰ ਡ੍ਰੌਪ ਮੋਰ ਕਰੋਪ ਦੇ ਮੰਤਰ ਨੂੰ ਲਾਗੂ ਕਰਨਾ ਚਾਹੀਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਬੁਨਿਆਦੀ ਢਾਂਚਾ ਪੇਂਡੂ ਵਿਕਾਸ ਲਈ ਉਨਾ ਹੀ ਜ਼ਰੂਰੀ ਹੈ ਜਿੰਨਾ ਕਿ ਕਰਜ਼ੇ ਤੱਕ ਪਹੁੰਚ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿੰਚਾਈ, ਸਟੋਰੇਜ, ਵੇਅਰਹਾਊਸਿੰਗ, ਪੇਂਡੂ ਸੜਕਾਂ, ਬਿਜਲੀ ਅਤੇ ਡਿਜੀਟਲ ਕਨੈਕਟੀਵਿਟੀ ਵਿਕਾਸ ਲਈ ਬੁਨਿਆਦੀ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲਾ ਬਜਟ ਸਮਾਰਟ ਐਗਰੀਕਲਚਰ ਜ਼ੋਨਾਂ 'ਤੇ ਕੇਂਦ੍ਰਿਤ ਹੋਵੇਗਾ, ਅਤੇ ਇਸ ਉਦੇਸ਼ ਲਈ ਸਮਰਪਿਤ ਕਲੱਸਟਰ ਬਣਾਏ ਜਾ ਰਹੇ ਹਨ। ਕਿਸਾਨਾਂ ਨੂੰ ਰਵਾਇਤੀ ਖੇਤੀ ਛੱਡਣ ਅਤੇ ਨਵੇਂ, ਆਧੁਨਿਕ ਖੇਤੀ ਅਭਿਆਸਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕਰਨ ਲਈ ਕਿੰਨੂ, ਅਮਰੂਦ, ਸਟ੍ਰਾਬੇਰੀ, ਲੀਚੀ ਆਦਿ ਲਈ ਕਲੱਸਟਰ ਬਣਾਏ ਜਾ ਰਹੇ ਹਨ। ਕਿਸਾਨਾਂ ਨੂੰ ਗੰਨੇ ਦੀ ਖੇਤੀ ਅਪਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਮਿੱਟੀ ਤੋਂ ਮਸ਼ੀਨ ਅਤੇ ਖੇਤ ਤੋਂ ਬਾਜ਼ਾਰ ਪਾਈਪਲਾਈਨ ਨੂੰ ਮਜ਼ਬੂਤ ਕਰਨ ਲਈ ਯਤਨਸ਼ੀਲ ਹੈ ਤਾਂ ਜੋ ਕਿਸਾਨ ਇੱਕ ਬਿਹਤਰ ਬਾਜ਼ਾਰ ਤੱਕ ਪਹੁੰਚ ਕਰ ਸਕਣ ਅਤੇ ਆਪਣੀਆਂ ਫਸਲਾਂ ਲਈ ਵਧੀਆ ਕੀਮਤਾਂ ਪ੍ਰਾਪਤ ਕਰ ਸਕਣ।

ਮੁੱਖ ਮੰਤਰੀ ਨੇ ਬੈਂਕਾਂ ਨੂੰ ਅਪੀਲ ਕੀਤੀ ਕਿ ਉਹ ਹਰੇਕ ਯੋਗ ਕਿਸਾਨ ਨੂੰ ਸਮੇਂ ਸਿਰ, ਸਰਲ ਅਤੇ ਪਾਰਦਰਸ਼ੀ ਕਰਜ਼ਾ ਪ੍ਰਦਾਨ ਕਰਨ ਤਾਂ ਜੋ ਸਾਡੇ ਭੋਜਨ ਪ੍ਰਦਾਤਾ ਵਿਚੋਲਿਆਂ ਦੇ ਚੁੰਗਲ ਤੋਂ ਮੁਕਤ ਹੋ ਕੇ ਸਵੈ-ਨਿਰਭਰ ਬਣ ਸਕਣ। ਨਾਬਾਰਡ ਇਸ ਯਤਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਨਾਬਾਰਡ ਖੇਤੀਬਾੜੀ ਅਤੇ ਪੇਂਡੂ ਬੁਨਿਆਦੀ ਢਾਂਚੇ ਦੇ ਵਿਕਾਸ ਦਾ ਲਗਾਤਾਰ ਸਮਰਥਨ ਕਰ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਐਮਐਸਐਮਈ, ਸਵੈ-ਸਹਾਇਤਾ ਸਮੂਹ, ਮਹਿਲਾ ਉੱਦਮੀ ਅਤੇ ਸਹਿਕਾਰੀ ਗ੍ਰਾਮੀਣ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਹਰਿਆਣਾ ਵਿੱਚ 710 ਪੈਕਸ ਹਨ। ਇਸ ਤੋਂ ਇਲਾਵਾ, ਸਹਿਕਾਰੀ ਬੈਂਕਾਂ ਦਾ ਕੰਪਿਊਟਰੀਕਰਣ ਕੀਤਾ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਕਿਸਾਨਾਂ ਨੂੰ ਪੀਏਸੀਐੱਸ ਵਿੱਚ ਪੂਰਾ ਵਿਸ਼ਵਾਸ ਹੈ, ਪਰ ਹਾਲ ਹੀ ਵਿੱਚ, ਕਿਸਾਨਾਂ ਵਿੱਚ ਉਨ੍ਹਾਂ ਦੇ ਕੰਮਕਾਜ ਬਾਰੇ ਚਿੰਤਾ ਪੈਦਾ ਹੋਈ ਹੈ। ਸਾਨੂੰ ਇਸ ਵਿਸ਼ਵਾਸ ਨੂੰ ਬਹਾਲ ਕਰਨ ਦੀ ਜ਼ਰੂਰਤ ਹੈ, ਕਿਉਂਕਿ ਪੀਏਸੀਐੱਸ ਪੇਂਡੂ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸਹਕਾਰ ਸੇ ਸ੍ਰਮਿੱਧੀ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਲਗਾਤਾਰ ਕਈ ਕਦਮ ਚੁੱਕ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਰਾਜ ਵਿੱਚ ਮੇਰੀ ਫਸਲ ਮੇਰਾ ਬਿਓਰਾ ਪੋਰਟਲ ਰਾਹੀਂ ਕਿਸਾਨਾਂ ਦੀ ਖੇਤੀਬਾੜੀ ਬਾਰੇ ਜਾਣਕਾਰੀ ਅਪਲੋਡ ਕੀਤੀ ਗਈ। ਮੰਗ ਅਨੁਸਾਰ ਕਿਸਾਨਾਂ ਨੂੰ ਖਾਦਾਂ ਦੀ ਉਪਲਬਧਤਾ ਯਕੀਨੀ ਬਣਾਈ ਗਈ। ਖਾਦਾਂ ਦੀ ਕਾਲਾਬਾਜ਼ਾਰੀ ਬੰਦ ਹੋ ਗਈ, ਅਤੇ ਸਬਸਿਡੀ ਵਿੱਚ ਲਗਭਗ 700 ਕਰੋੜ ਰੁਪਏ ਦੀ ਬਚਤ ਵੀ ਹੋਈ।

ਮੁੱਖ ਮੰਤਰੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ 2047 ਤੱਕ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਬੈਂਕ ਇਸ ਯਤਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸਾਰੇ ਬੈਂਕਾਂ ਨੂੰ ਆਸਾਨ ਕਰਜ਼ਾ ਸਹੂਲਤਾਂ ਪ੍ਰਦਾਨ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਸਾਡੇ ਕਿਸਾਨ ਸਵੈ-ਨਿਰਭਰ ਬਣ ਸਕਣ। ਉਨ੍ਹਾਂ ਕਿਹਾ ਕਿ ਵਿਕਸਿਤ ਭਾਰਤ ਦਾ ਰਸਤਾ ਵਿਕਸਿਤ ਹਰਿਆਣਾ ਵਿੱਚੋਂ ਲੰਘੇਗਾ। ਇਸ ਵਿੱਚ, ਨਾਬਾਰਡ, ਬੈਂਕਾਂ, ਰਾਜ ਸਰਕਾਰ ਅਤੇ ਸਾਰੇ ਹਿੱਸੇਦਾਰਾਂ ਦੇ ਸਾਂਝੇ ਯਤਨਾਂ ਨਾਲ, ਅਸੀਂ ਇੱਕ ਅਜਿਹਾ ਹਰਿਆਣਾ ਬਣਾਵਾਂਗੇ ਜਿੱਥੇ ਖੁਸ਼ਹਾਲੀ ਆਖਰੀ ਵਿਅਕਤੀ ਤੱਕ ਪਹੁੰਚੇ।

ਇਸ ਮੌਕੇ, ਨਾਬਾਰਡ ਦੀ ਮੁੱਖ ਜਨਰਲ ਮੈਨੇਜਰ, ਨਿਵੇਦਿਤਾ ਤਿਵਾਰੀ ਨੇ ਮੁੱਖ ਮੰਤਰੀ ਅਤੇ ਹੋਰ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ, ਨਾਬਾਰਡ ਦੀ ਰਿਪੋਰਟ ਵਿਸਥਾਰ ਨਾਲ ਪੇਸ਼ ਕੀਤੀ। ਉਨ੍ਹਾਂ ਦੱਸਿਆ ਕਿ ਨਾਬਾਰਡ ਨੇ ਸਾਲ 2026-27 ਲਈ ਹਰਿਆਣਾ ਵਿੱਚ ਤਰਜੀਹੀ ਖੇਤਰ ਕਰਜ਼ੇ ਦੇ ਤਹਿਤ 3.67 ਲੱਖ ਕਰੋੜ ਰੁਪਏ ਦੀ ਕਰਜ਼ਾ ਸੰਭਾਵਨਾ ਦਾ ਅਨੁਮਾਨ ਲਗਾਇਆ ਹੈ, ਜੋ ਕਿ ਪਿਛਲੇ ਸਾਲ ਨਾਲੋਂ 17 ਪ੍ਰਤੀਸ਼ਤ ਵੱਧ ਹੈ। ਇਸ ਵਿੱਚ, ਖੇਤੀਬਾੜੀ ਖੇਤਰ ਲਈ 1.32 ਲੱਖ ਕਰੋੜ ਰੁਪਏ ਅਤੇ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ (MSME) ਖੇਤਰ ਲਈ 2.11 ਲੱਖ ਕਰੋੜ ਰੁਪਏ ਦੀ ਕਰਜ਼ਾ ਸੰਭਾਵਨਾ ਨਿਰਧਾਰਤ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵਿਕਸਿਤ ਹਰਿਆਣਾ - ਵਿਕਸਿਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਕਿਸਾਨਾਂ, ਉੱਦਮੀਆਂ ਅਤੇ ਗ੍ਰਾਮੀਣ ਅਰਥਵਿਵਸਥਾ ਨੂੰ ਸਸ਼ਕਤ ਬਣਾਉਣ ਲਈ ਬੈਂਕਿੰਗ ਅਤੇ ਵਿੱਤੀ ਸੰਸਥਾਵਾਂ ਨਾਲ ਤਾਲਮੇਲ ਵਾਲੇ ਯਤਨ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਨਾਬਾਰਡ ਮਹਿਲਾ ਸਸ਼ਕਤੀਕਰਣ 'ਤੇ ਵਿਸ਼ੇਸ਼ ਧਿਆਨ ਦੇ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੇਂਡੂ ਬੁਨਿਆਦੀ ਢਾਂਚਾ ਵਿਕਾਸ ਲਈ ਪੇਂਡੂ ਬੁਨਿਆਦੀ ਢਾਂਚਾ ਵਿਕਾਸ ਫੰਡ (RIDF) ਦੇ ਤਹਿਤ ਹੁਣ ਤੱਕ 18,393 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ, ਜਿਸ ਵਿੱਚੋਂ 14,066 ਕਰੋੜ ਰੁਪਏ ਜਾਰੀ ਕੀਤੇ ਗਏ ਹਨ। ਇਨ੍ਹਾਂ ਫੰਡਾਂ ਦੀ ਵਰਤੋਂ ਸੜਕਾਂ, ਸਿੰਚਾਈ, ਨਵਿਆਉਣਯੋਗ ਊਰਜਾ, ਅਨਾਜ ਭੰਡਾਰਨ, ਪੀਣ ਵਾਲਾ ਪਾਣੀ, ਸੈਨੀਟੇਸ਼ਨ ਅਤੇ ਬਿਜਲੀ ਵਰਗੇ ਖੇਤਰਾਂ ਵਿੱਚ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਸਟੇਟ ਫੋਕਸ ਪੇਪਰ 2026-27 ਫਸਲ ਵਿਭਿੰਨਤਾ, ਪਾਣੀ ਸੰਭਾਲ, ਸੂਖਮ-ਸਿੰਚਾਈ, ਬਾਗਬਾਨੀ, ਮੁੱਲ ਵਾਧਾ, ਜਲਵਾਯੂ-ਲਚਕੀਲਾ ਖੇਤੀਬਾੜੀ, ਕਿਸਾਨ ਉਤਪਾਦਕ ਸੰਗਠਨਾਂ (FPOs) ਨੂੰ ਮਜ਼ਬੂਤ ਕਰਨ, ਪੇਂਡੂ MSMEs, ਨਵਿਆਉਣਯੋਗ ਊਰਜਾ ਅਤੇ ਸਮਾਜਿਕ ਬੁਨਿਆਦੀ ਢਾਂਚੇ ਨੂੰ ਉਤਸ਼ਾਹਿਤ ਕਰਨ ਵਰਗੇ ਖੇਤਰਾਂ ਨੂੰ ਤਰਜੀਹ ਦਿੰਦਾ ਹੈ ਤਾਂ ਜੋ ਸਹਕਾਰ ਸੇ ਸ੍ਰਮਿੱਧੀ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕੀਤਾ ਜਾ ਸਕੇ।

ਇਸ ਮੌਕੇ ਏਸੀਐੱਸ ਅਨੁਰਾਗ ਅਗਰਵਾਲ, ਕਮਿਸ਼ਨਰ ਅਤੇ ਸਕੱਤਰ ਸੀ ਜੀ ਰਜਨੀਕਾਂਥਨ, ਕ੍ਰਿਸ਼ਨਾ ਸ਼ਰਮਾ ਸਮੇਤ ਬੈਂਕ ਪ੍ਰਤੀਨਿਧੀ, ਅਧਿਕਾਰੀ ਆਦਿ ਮੌਜੂਦ ਸਨ।

## ਮਾਂ ਬੱਚੇ ਦੀ ਪਹਲੀ ਗੁਰੂ ਹੈ, ਸਾਡੀਆਂ ਮਾਵਾਂ ਆਪਣੇ ਬੱਚਿਆਂ ਨੂੰ ਚੰਗੇ ਸੰਸਕਾਰ ਦੇਣ : ਸੱਤ ਮੁਨੀ ਜੀ

**ਜੈਤੋਂ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜੈਤੋ ਵਿੱਚ ਧਰਮ ਸੰਮੇਲਨ ਆਯੋਜਨ ਸਮਿਤੀ ਵੱਲੋਂ 5 ਫਰਵਰੀ ਨੂੰ ਸ਼੍ਰੀ ਗੀਤਾ ਭਵਨ ਵਿੱਚ ਤੀਸਰੇ ਧਰਮ ਸੰਮੇਲਨ ਦਾ ਆਯੋਜਨ ਕੀਤਾ ਗਿਆ। ਸੰਮੇਲਨ ਵਿੱਚ ਵਿਸ਼ੇਸ਼ ਆਸ਼ੀਰਵਾਦ ਦੇਣ ਲਈ ਮਹੰਤ ਸੱਤ ਮੁਨਿ ਜੀ(ਭਗਤੂਆਣਾ ਵਾਲੇ) ਅਤੇ ਸ਼੍ਰੀ ਮਾਨ ਅਨਿਲ ਜੀ(ਫਾਰਮੇਸੀ ਅਫਸਰ) ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ।

ਸਮਿਤੀ ਅਤੇ ਗੀਤਾ ਭਵਨ ਮੰਡਲੀ ਵੱਲੋਂ ਧਰਮ ਸੰਮੇਲਨ ਵਾਲੇ ਦਿਨ ਪ੍ਰਭਾਤ ਫੇਰੀ ਕੱਢ ਕੇ ਲੋਕਾਂ ਨੂੰ ਧਰਮ ਸੰਮੇਲਨ ਵਿੱਚ ਪੁਹੰਚਣ ਦੀ ਅਪੀਲ ਕੀਤੀ ਗਈ। ਜੈਤੋ ਦੇ ਪਤਵੰਤੇ ਸੱਜਣ, ਧਰਮ ਪ੍ਰੇਮੀ ਅਤੇ ਭਾਰੀ ਗਿਣਤੀ ਵਿੱਚ ਮਹਿਲਾਵਾਂ ਨੇ ਹਿੱਸਾ ਲਿਆ। ਕਾਰਜਕਰਮ ਦੀ ਸ਼ੁਰੂਆਤ ਗੀਤਾ ਭਵਨ ਮਹਿਲਾ ਸੰਕੀਰਤਨ ਮੰਡਲੀ ਵੱਲੋਂ ਸੰਕੀਰਤਨ ਕਰਕੇ ਕੀਤੀ ਗਈ।

ਸੰਮੇਲਨ ਦਾ ਮੰਚ ਸੰਚਾਲਨ ਸ਼੍ਰੀਮਤੀ ਲਤਾ ਬਾਂਸਲ ਨੇ ਕੀਤਾ, ਨੈਤਿਕ ਸਿੱਖਿਆ ਅਤੇ ਸਵਦੇਸ਼ੀ ਦੀ ਜਾਣਕਾਰੀ ਦਿੰਦਿਆਂ ਉਹਨਾਂ ਨੇ ਕਿਹਾ ਕਿ ਸਾਨੂੰ ਆਪਣੇ ਦੇਸ਼ ਨਾਲ ਪਿਆਰ ਅਤੇ ਭਗਤੀ ਦੀ ਭਾਵਨਾ ਰੱਖਣੀ ਚਾਹੀਦੀ ਹੈ। ਸੰਮੇਲਨ ਵਿੱਚ ਛੋਟੇ ਛੋਟੇ ਬੱਚਿਆ ਨੇ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਸੁਣਾਇਆ।

ਮਹੰਤ ਸੱਤ ਜੀ ਨੇ ਅਪਣੇ ਪ੍ਰਵਚਨਾਂ ਰਾਹੀਂ ਮਾਵਾਂ ਨੂੰ ਆਪਣੇ ਬੱਚਿਆਂ ਨੂੰ ਚੰਗੇ ਸੰਸਕਾਰ ਦੇਣ ਲਈ ਕਿਹਾ। ਓਹਨਾਂ ਕਿਹਾ ਮਾਂ ਬੱਚੇ ਦੀ ਪਹਲੀ ਗੁਰੂ ਹੁੰਦੀ ਹੈ। ਜੇਕਰ ਮਾਂ ਚਾਹੇ ਤਾਂ ਬੱਚੇ ਨੂੰ ਡਾਕੂ ਬਣਾ ਸਕਦੀ ਹੈ ਮਾਂ ਚਾਹੇ ਤਾਂ ਬੱਚੇ ਨੂੰ ਸਾਧੂ ਬਣਾ ਸਕਦੀ ਹੈ। ਬਚਪਨ ਤੋਂ ਹੀ ਮਾਵਾਂ ਬੱਚਿਆ ਨੂੰ ਫੋਨ ਫੜਾਉਣ ਦੀ ਜਗ੍ਹਾ, ਦੇਸ਼ਭਗਤ ਮਹਾਪੁਰਸ਼ਾ ਦੀਆਂ ਕਹਾਣੀਆਂ ਧਰਮ ਦੀਆਂ ਗੱਲਾਂ ਸਿਖਾਉਣ। ਸੰਮੇਲਨ ਵਿੱਚ ਮੁੱਖ ਬੁਲਾਰੇ ਵਜੋਂ ਅਨਿਲ ਜੀ ਨੇ 5 ਤਰ੍ਹਾਂ ਦੇ ਬਦਲਾਅ ਦੀ ਗੱਲ ਕੀਤੀ। ਓਹਨਾਂ ਕਿਹਾ ਜੇਕਰ ਹਰ ਨਾਗਰਿਕ ਅਪਣੇ ਨਿਜੀ ਜੀਵਨ ਵਿੱਚ ਇਹ 5 ਤਰ੍ਹਾਂ ਦੇ ਬਦਲਾਅ ਲੈ ਆਵੇ ਤਾਂ ਭਾਰਤ ਨੂੰ ਵਿਸ਼ਵ ਗੁਰੂ ਬਣਨ ਤੋਂ ਕੋਈ ਨਹੀਂ ਰੋਕ ਸਕਦਾ।

1.ਸਮਾਜਿਕ ਸਮਰਸਤਾ : ਭੇਦਭਾਵ ਨੂੰ ਜੜ੍ਹੋਂ ਖਤਮ ਕਰਨ ਲਈ।
2.ਪਰਿਆਵਰਨ ਸੁਰੱਖਿਆ : ਵੇਦਾਂ ਅਨੁਸਾਰ ਪ੍ਰਕਿਰਤੀ ਨੂੰ ਪੂੱਜਣਾ ਚਾਹਿਦਾ। ਵਿਆਹ ਸ਼ਾਦੀ ਵਿੱਚ ਡਿਸਪੋਜ਼ਲ ਅਤੇ ਪਲਾਸਟਿਕ ਦੀ ਵਰਤੋਂ ਬੰਦ ਕਰਕੇ ਅਤੇ ਵੱਧ ਤੋਂ ਵੱਧ ਬੂਟੇ ਲਗੀਏ।
3.ਪਰਿਵਾਰ ਪ੍ਰਬੋਧਨ : ਪਰਿਵਾਰਕ ਏਕਤਾ ਦੇ ਲਈ ਹਫ਼ਤੇ ਵਿੱਚ ਇੱਕ ਵਾਰ ਪੂਰਾ ਪਰਿਵਾਰ ਮੰਦਰ/ਗੁਰੂਘਰ ਜਾਣ ਅਤੇ ਇਕੱਠੇ ਬੈਠ ਕੇ ਭੋਜਨ ਕਰਨ ਦੀ ਪ੍ਰਥਾ।
4.ਸਵਦੇਸ਼ੀ ਅਪਨਾਉਣਾ : ਦੇਸ਼ ਅਤੇ ਸ਼ਹਿਰ ਵਿੱਚ ਬਣੀਆਂ ਵਸਤੂਆਂ ਦੀ ਵਰਤੋਂ, ਮਹਾਂਪੁਰਸ਼ਾਂ ਦੇ ਇਤਿਹਾਸ ਨਾਲ ਬੱਚਿਆਂ ਨੂੰ ਜਾਣੂ ਕਰਵਾਉਣਾ।
5.ਨਾਗਰਿਕ ਕਰਤੱਵ : ਅਧਿਕਾਰਾਂ ਦੇ ਨਾਲ-ਨਾਲ ਕਰਤੱਵਾਂ ਦੀ ਸਮਝ ਅਤੇ ਕਾਨੂੰਨ ਦੀ ਪਾਲਣਾ ਜ਼ਿੰਮੇਵਾਰੀ ਨਾਲ ਕਰਨਾ।

ਧਰਮ ਸੰਮੇਲਨ ਆਯੋਜਨ ਸਮਿਤੀ ਦੇ ਉੱਪਅਧਿਅਕਸ਼ ਨਵਨੀਤ ਗੋਇਲ ਨੇ ਦੱਸਿਆ ਕਿ ਇਹ ਜੈਤੋ ਵਿੱਚ ਤੀਜਾ ਆਯੋਜਨ ਹੈ ਅਤੇ ਭਵਿੱਖ ਵਿੱਚ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਅਜੇਹੇ ਹੋਰ ਕਾਰਜਕਰਮ ਕਰਵਾਏ ਜਾਣਗੇ। ਉਨ੍ਹਾਂ ਜੈਤੋ ਦੀਆਂ ਸਾਰੀਆਂ ਸੰਸਥਾਵਾਂ ਨੂੰ ਅੱਗੇ ਆ ਕੇ ਅਜਿਹੇ ਸਾਰਥਕ ਲੋਕ ਭਲਾਈ ਦੇ ਆਯੋਜਨ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਗੀਤਾ ਭਵਨ ਮਹਿਲਾ ਮੰਡਲੀ, ਧਰਮ ਜਾਗਰਣ ਮੰਚ ਜੈਤੋ, ਸ਼੍ਰੀ ਸਨਾਤਨ ਸੰਕੀਰਤਨ ਅਤੇ ਜਾਗਰਣ ਮੰਡਲ, ਬਾਲਮੀਕੀ ਮੰਦਿਰ, ਬਾਬਾ ਬਾਲਕ ਨਾਥ ਡੇਰਾ, ਰਾਸ਼ਟਰੀ ਸਵੈਯੰਸੇਵਕ ਸੰਘ, ਹਰਿਆਵਲ ਪੰਜਾਬ, ਸ਼੍ਰੀ ਰਮਾਇਣ ਪ੍ਰਚਾਰ ਅਤੇ ਗੀਤਾ ਭਵਨ ਸਮੇਤ ਹੋਰ ਕਈ ਸੰਸਥਾਵਾਂ ਦੇ ਆਗੂ ਹਾਜ਼ਰ ਰਹੇ।

ਇਸ ਦੌਰਾਨ ਸਮਿਤੀ ਦੇ ਕੋਸ਼ਾਧਿਅਕਸ਼ ਹਰੀਸ਼ ਤਾਇਲ, ਸੈਕਟਰੀ ਇਸ਼ੂ ਸ਼ਿਵਾ, ਰਾਜੂ ਚਾਵਲਾ, ਗੋਪਾਲ ਗੋਇਲ ਸਮੇਤ ਮਹਿਲਾ ਮੰਡਲੀ ਤੋਂ ਸੁਮਿੱਤਰਾ ਦੇਵੀ, ਲਤਾ ਬਾਂਸਲ, ਰਮਨ ਸ਼ਾਸਤਰੀ, ਰਾਕੇਸ਼ ਰੋਮਾਣਾ, ਹਿਤੇਸ਼ ਗਰਗ, ਡਾ.ਰਮਨਦੀਪ, ਗਗਨ ਸਿੰਗਲਾ, ਸਤਿਸ਼ ਬਰਗਾੜੀ, ਸੁਰਿੰਦਰ ਗਰਗ, ਰਮੇਸ਼ ਬੰਸਲ, ਰਮੇਸ਼ ਸ਼ਰਮਾ, ਗਗਨ ਮਿੱਤਲ, ਦੇਵਾਸ਼ੂ ਗੋਇਲ, ਚੰਦਰ ਬਾਂਸਲ, ਸ਼ਾਮ ਲਾਲ, ਰਾਕੇਸ਼ ਤਾਇਲ, ਨੀਰਜ, ਹਰਸ਼, ਲਲਿਤ ਸ਼ਰਮਾ ਆਦਿ ਹਾਜ਼ਰ ਸਨ।

# ਸੰਤ ਸਮਾਜ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਸ਼ਾਨਦਾਰ ਪ੍ਰਬੰਧਾਂ ਲਈ ਭਗਵੰਤ ਸਿੰਘ ਮਾਨ ਸਰਕਾਰ ਦੀ ਸ਼ਲਾਘਾ

**ਖੁਰਾਲਗੜ੍ਹ, 7 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਸੰਤ ਸਮਾਜ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਵਿਆਪਕ ਪੱਧਰ 'ਤੇ ਸ਼ਰਧਾ ਤੇ ਸਤਿਕਾਰ ਨਾਲ ਮਨਾਉਣ ਲਈ ਕੀਤੇ ਗਏ ਪੁਖ਼ਤਾ ਪ੍ਰਬੰਧਾਂ ਤੋਂ ਪ੍ਰਭਾਵਿਤ ਹੁੰਦਿਆਂ ਇਸ ਨੇਕ ਕਾਰਜ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ।

ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਦੌਰਾਨ ਸੰਗਤਾਂ ਨੂੰ ਸੰਬੋਧਨ ਕਰਦਿਆਂ ਸੰਤ ਨਿਰਮਲ ਦਾਸ ਜੀ ਜੌੜੇ ਵਾਲੇ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਸਾਧੂ ਸੰਪਰਦਾ ਸੁਸਾਇਟੀ, ਪੰਜਾਬ ਸਰਕਾਰ ਖਾਸ ਕਰਕੇ ਮੁੱਖ ਮੰਤਰੀ ਨੂੰ ਵਿਆਪਕ ਪ੍ਰਬੰਧ ਕਰਨ ਲਈ ਵਧਾਈ ਦਿੰਦੀ ਹੈ। ਉਨ੍ਹਾਂ ਨੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਸਮਾਗਮਾਂ ਲਈ ਸਮੁੱਚੇ ਸੰਤ ਸਮਾਜ ਵੱਲੋਂ ਮੁੱਖ ਮੰਤਰੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਖੁਰਾਲਗੜ੍ਹ ਵਿਖੇ ਚਾਰ ਸਾਲ ਤੋਂ ਵੱਧ ਸਮਾਂ ਭਗਤੀ ਕਰਕੇ ਇਸ ਅਸਥਾਨ ਨੂੰ ਭਾਗ ਲਾਏ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਸਰਕਾਰ ਅੱਜ ਇਸ ਧਰਤੀ 'ਤੇ 649ਵਾਂ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾ ਰਹੀ ਹੈ।

ਡੇਰਾ ਬੱਲਾਂ ਤੋਂ ਸੰਤ ਪ੍ਰਦੀਪ ਦਾਸ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਇਤਿਹਾਸਕ ਦਿਨ ਹੈ ਕਿਉਂਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੇ ਮੌਕੇ ਮੁੱਖ ਮੰਤਰੀ ਸਮੁੱਚੀ ਕੈਬਨਿਟ ਅਤੇ ਸੰਸਦ ਮੈਂਬਰਾਂ ਨਾਲ ਸ਼ਰਧਾ ਅਤੇ ਸਤਿਕਾਰ ਭੇਟ ਕਰਨ ਲਈ ਖੁਰਾਲਗੜ੍ਹ ਪਹੁੰਚੇ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਸਥਾਪਤ ਕਰਨ ਲਈ ਡੇਰਾ ਬੱਲਾਂ ਨੇੜੇ 10 ਏਕੜ ਜ਼ਮੀਨ ਪ੍ਰਦਾਨ ਕੀਤੀ ਹੈ, ਜਿਸ ਲਈ ਉਹ ਸਰਕਾਰ ਦੇ ਧੰਨਵਾਦੀ ਹਨ। ਉਨ੍ਹਾਂ ਨੇ ਇਨ੍ਹਾਂ ਉਪਰਾਲਿਆਂ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ ਜੋ ਸ੍ਰੀ ਗੁਰੂ ਰਵਿਦਾਸ ਜੀ ਦੀ ਸ਼ਾਨਦਾਰ ਵਿਰਾਸਤ ਨੂੰ ਕਾਇਮ ਰੱਖਣ ਵਿੱਚ ਬਹੁਤ ਸਹਾਈ ਹੋਣਗੇ।

ਇਸ ਦੌਰਾਨ ਆਪਣੇ ਸੰਬੋਧਨ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਨੂੰ ਧਾਰਮਿਕ ਉਤਸ਼ਾਹ ਨਾਲ ਮਨਾਉਣ ਲਈ ਸਾਲ ਭਰ ਚੱਲਣ ਵਾਲੇ ਲੜੀਵਾਰ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਹੈ, ਜੋ ਅੱਜ ਸ਼ੁਰੂ ਹੋਈ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦੇ ਹਿੱਸੇ ਵਜੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਨੂੰ ਦੇਸ਼-ਦੁਨੀਆ ਦੇ ਹਰ ਕੋਨੇ ਵਿੱਚ ਪਹੁੰਚਾਇਆ ਜਾਵੇਗਾ। ਹਰਪਾਲ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਨੇ ਇਨ੍ਹਾਂ ਸਮਾਗਮਾਂ ਲਈ ਕੈਬਨਿਟ ਸਬ-ਕਮੇਟੀ ਬਣਾਈ ਹੈ, ਜਿਸ ਦੀ ਅਗਵਾਈ ਉਨ੍ਹਾਂ ਨੂੰ ਸੌਂਪੀ ਗਈ ਅਤੇ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।

ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਵੀ ਸੰਗਤ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਸ਼ਾਨਦਾਰ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਵਚਨਬੱਧ ਹੈ।

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਨੇ ਸ੍ਰੀ ਖੁਰਾਲਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਤੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਦੇ ਮੌਕੇ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਸ਼ੁਰੂਆਤ ਕਰਨ ਲਈ ਮੁੱਖ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਪਵਿੱਤਰ ਅਸਥਾਨ ਉਨ੍ਹਾਂ ਦੇ ਵਿਧਾਨ ਸਭਾ ਹਲਕੇ ਗੜ੍ਹਸ਼ੰਕਰ ਵਿੱਚ ਸਥਿਤ ਹੈ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਅਤੇ ਸਮੁੱਚੀ ਕੈਬਨਿਟ ਨੇ ਸੰਗਤੀ ਰੂਪ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਮੁੱਖ ਮੰਤਰੀ ਅਤੇ ਕੈਬਨਿਟ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਤਪ ਅਸਥਾਨ 'ਤੇ ਵੀ ਮੱਥਾ ਟੇਕਿਆ।

# ਵਿਦੇਸ਼ ਪੜ੍ਹਨ ਦੇ ਚਾਹਵਾਨ ਭਾਰਤੀ ਵਿਦਿਆਰਥੀਆਂ ਦਾ ਬਦਲਿਆ ਰੁਝਾਨ

**ਨਵੀਂ ਦਿੱਲੀ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਉੱਚ ਸਿੱਖਿਆ ਲਈ ਵਿਦੇਸ਼ ਜਾਣ ਦੇ ਚਾਹਵਾਨ ਭਾਰਤੀ ਵਿਦਿਆਰਥੀਆਂ ਦੇ ਰੁਝਾਨ 'ਚ ਸਾਲ 2025 ਦੌਰਾਨ ਇੱਕ ਵੱਡੀ ਤਬਦੀਲੀ ਦੇਖਣ ਨੂੰ ਮਿਲ ਰਹੀ ਹੈ। ਅਮਰੀਕਾ ਵਲੋਂ ਵੀਜ਼ਾ ਨਿਯਮਾਂ 'ਚ ਕੀਤੀ ਗਈ ਸਖ਼ਤੀ ਕਾਰਨ ਭਾਰਤੀ ਵਿਦਿਆਰਥੀਆਂ ਦਾ ਮੋਹ ਹੁਣ ਅਮਰੀਕੀ ਸੁਪਨੇ ਤੋਂ ਭੰਗ ਹੁੰਦਾ ਨਜ਼ਰ ਆ ਰਿਹਾ ਹੈ। ਤਾਜ਼ਾ ਅੰਕੜਿਆਂ ਮੁਤਾਬਿਕ ਸਾਲ 2025 'ਚ ਅਮਰੀਕਾ ਜਾਣ ਵਾਲੇ ਵਿਦਿਆਰਥੀਆਂ ਦੀ ਗਿਣਤੀ 'ਚ 30 ਫ਼ੀਸਦੀ ਦੀ ਵੱਡੀ ਗਿਰਾਵਟ ਦਰਜ ਕੀਤੀ ਗਈ ਹੈ ਜਦ ਕਿ ਇਸ ਦੇ ਉਲਟ ਯੌਰਪੀ ਦੇਸ਼ਾਂ ਵੱਲ ਖਿੱਚ ਤੇਜ਼ੀ ਨਾਲ ਵਧੀ ਹੈ।

**ਅਮਰੀਕਾ 'ਚ ਵੀਜ਼ਾ ਸਖ਼ਤੀ ਪਈ ਭਾਰੀ:** ਮਾਹਿਰਾਂ ਅਨੁਸਾਰ ਅਮਰੀਕਾ 'ਚ ਵੀਜ਼ਾ ਇੰਟਰਵਿਊ ਲਈ ਸਲਾਟਾਂ ਦੀ ਘਾਟ, ਸਖ਼ਤ ਜਾਂਚ ਅਤੇ ਪੜ੍ਹਾਈ ਤੋਂ ਬਾਅਦ ਕੰਮ ਕਰਨ ਦੇ ਵੀਜ਼ਾ ਨੂੰ ਲੈ ਕੇ ਵਧੀ ਅਨਿਸ਼ਚਿਤਤਾ ਨੇ ਵਿਦਿਆਰਥੀਆਂ ਨੂੰ ਚਿੰਤਾ 'ਚ ਪਾ ਦਿੱਤਾ ਹੈ। ਇਸ ਤੋਂ ਇਲਾਵਾ ਅਮਰੀਕੀ ਯੂਨੀਵਰਸਿਟੀਆਂ ਦੀਆਂ ਵੱਧਦੀਆਂ ਫ਼ੀਸਾਂ ਅਤੇ ਰਹਿਣ-ਸਹਿਣ ਦਾ ਖ਼ਰਚਾ ਵੀ ਵਿਦਿਆਰਥੀਆਂ ਨੂੰ ਦੂਜੇ ਵਿਕਲਪ ਲੱਭਣ ਲਈ ਮਜਬੂਰ ਕਰ ਰਿਹਾ ਹੈ।

ਦੂਜੇ ਪਾਸੇ, ਜਰਮਨੀ, ਇਟਲੀ, ਫ਼ਰਾਂਸ ਅਤੇ ਆਇਰਲੈਂਡ ਵਰਗੇ ਦੇਸ਼ ਭਾਰਤੀਆਂ ਲਈ ਨਵੇਂ ਗੜ੍ਹ ਬਣ ਕੇ ਉਭਰੇ ਹਨ। ਇੱਥੇ ਭਾਰਤੀ ਵਿਦਿਆਰਥੀਆਂ ਦੀ ਗਿਣਤੀ ਲਗਭਗ ਦੁੱਗਣੀ ਹੋ ਗਈ ਹੈ। ਮੁਫ਼ਤ ਸਿੱਖਿਆ ਅਤੇ ਪੜ੍ਹਾਈ ਤੋਂ ਬਾਅਦ 18 ਮਹੀਨੇ ਦੇ ਸਟੇਅ-ਬੈਕ ਵੀਜ਼ਾ ਕਾਰਨ ਇਹ ਸਭ ਤੋਂ ਪਸੰਦੀਦਾ ਦੇਸ਼ ਬਣਿਆ ਹੋਇਆ ਹੈ।

**ਇਟਲੀ ਅਤੇ ਫ਼ਰਾਂਸ:** ਇਨ੍ਹਾਂ ਦੇਸ਼ਾਂ 'ਚ ਭਾਰਤੀ ਵਿਦਿਆਰਥੀਆਂ ਦੀ ਗਿਣਤੀ 'ਚ ਪੰਜ ਤੋਂ ਸੱਤ ਗੁਣਾ ਤਕ ਦਾ ਵਾਧਾ ਦੇਖਿਆ ਗਿਆ ਹੈ।

**ਭਾਰਤ-EU ਸਮਝੌਤਾ:** ਭਾਰਤ ਅਤੇ ਯੌਰਪੀ ਸੰਘ (EU) ਵਿਚਾਲੇ ਹੋਏ ਤਾਜ਼ਾ ਵਪਾਰਕ ਅਤੇ ਗਤੀਸ਼ੀਲਤਾ ਸਮਝੌਤੇ ਨੇ ਵੀ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਲਈ ਰਾਹ ਸੁਖਾਲੇ ਕਰ ਦਿੱਤੇ ਹਨ।

ਸਿਰਫ਼ ਅਮਰੀਕਾ ਹੀ ਨਹੀਂ ਸਗੋਂ ਕੈਨੇਡਾ ਜਾਣ ਵਾਲੇ ਵਿਦਿਆਰਥੀਆਂ ਲਈ ਲੋਨ ਦੀ ਮੰਗ 'ਚ ਵੀ 34 ਫ਼ੀਸਦੀ ਦੀ ਕਮੀ ਆਈ ਹੈ। ਵੀਜ਼ਾ ਕੈਪਿੰਗ ਅਤੇ ਰਿਹਾਇਸ਼ੀ ਸੰਕਟ ਕਾਰਨ ਪੰਜਾਬੀ ਵਿਦਿਆਰਥੀ ਹੁਣ ਕੈਨੇਡਾ ਦੀ ਬਜਾਏ ਯੌਰਪ ਦੇ ਸਸਤੇ ਅਤੇ ਸਥਿਰ ਵਿਦਿਅਕ ਢਾਂਚੇ ਨੂੰ ਤਰਜੀਹ ਦੇ ਰਹੇ ਹਨ।

# ਨਿਪਾਹ ਵਾਇਰਸ ਦਾ ਖ਼ੌਫ਼

**ਜੋਹੈਨਸਬਰਗ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਨਸ਼ਿਆਂ ਦੇ ਮੁਕ

ਕੋਰੋਨਾ ਮਹਾਂਮਾਰੀ ਦੇ ਕਹਿਰ ਤੋਂ ਬਾਅਦ ਹੁਣ ਦੁਨੀਆਂ 'ਤੇ ਇੱਕ ਹੋਰ ਖ਼ਤਰਨਾਕ ਵਾਇਰਸ ਦਾ ਸਾਇਆ ਮੰਡਰਾ ਰਿਹਾ ਹੈ। ਭਾਰਤ ਦੇ ਪੱਛਮੀ ਬੰਗਾਲ 'ਚ ਨਿਪਾਹ ਵਾਇਰਸ ਦੇ ਦੋ ਪੁਸ਼ਟੀ ਕੀਤੇ ਮਾਮਲੇ ਸਾਹਮਣੇ ਆਉਣ ਤੋਂ ਬਾਅਦ ਵਿਸ਼ਵ ਪੱਧਰ 'ਤੇ ਹੜਕੰਪ ਮਚ ਗਿਆ ਹੈ। ਇਸ ਦੇ ਮੱਦੇਨਜ਼ਰ ਦੱਖਣੀ ਅਫ਼ਰੀਕਾ ਸਮੇਤ ਕਈ ਦੇਸ਼ਾਂ ਨੇ ਹਾਈ ਐਲਰਟ ਜਾਰੀ ਕਰ ਦਿੱਤਾ ਹੈ। ਨਿਪਾਹ ਇੱਕ ਜ਼ੂਨੋਟਿਕ ਵਾਇਰਸ ਹੈ ਜਿਸ ਦਾ ਮਤਲਬ ਹੈ ਕਿ ਇਹ ਜਾਨਵਰਾਂ ਤੋਂ ਇਨਸਾਨਾਂ 'ਚ ਫ਼ੈਲਦਾ ਹੈ। ਵਿਸ਼ਵ ਸਿਹਤ ਸੰਗਠਨ ਮੁਤਾਬਿਕ ਇਹ ਮੁੱਖ ਤੌਰ 'ਤੇ ਚਮਗਿਦੜਾਂ ਤੋਂ ਇਨਸਾਨਾਂ 'ਚ ਫ਼ੈਲਦਾ ਹੈ। ਜੇਕਰ ਕੋਈ ਵਿਅਕਤੀ ਚਮਗਿਦੜਾਂ ਦੁਆਰਾ ਜੂਠੇ ਕੀਤੇ ਫ਼ਲ ਖਾਂਦਾ ਹੈ ਜਾਂ ਇਨਫ਼ੈਕਟਿਡ ਜਾਨਵਰਾਂ ਦੇ ਸੰਪਰਕ 'ਚ ਆਉਂਦਾ ਹੈ ਤਾਂ ਉਹ ਇਸ ਦਾ ਸ਼ਿਕਾਰ ਹੋ ਸਕਦਾ ਹੈ। ਇਹ ਇਨਸਾਨ ਤੋਂ ਇਨਸਾਨ 'ਚ ਵੀ ਤੇਜ਼ੀ ਨਾਲ ਫ਼ੈਲ ਸਕਦਾ ਹੈ।

ਡਾਕਟਰਾਂ ਮੁਤਾਬਿਕ ਨਿਪਾਹ ਵਾਇਰਸ ਕੋਰੋਨਾ ਨਾਲੋਂ ਵੀ ਕਿਤੇ ਜ਼ਿਆਦਾ ਖ਼ਤਰਨਾਕ ਹੈ ਕਿਉਂਕਿ ਇਸ ਦੀ ਮੌਤ ਦਰ ਜ਼ਿਆਦਾ ਹੈ।

ਲੱਛਣ: ਤੇਜ਼ ਬੁਖ਼ਾਰ, ਸਿਰ ਦਰਦ, ਸਾਹ ਲੈਣ 'ਚ ਤਕਲੀਫ਼ ਅਤੇ ਗੰਭੀਰ ਮਾਮਲਿਆਂ 'ਚ ਦਿਮਾਗੀ ਸੋਜ। ਇਸ ਦਾ ਪੱਕਾ ਇਲਾਜ ਜਾਂ ਵੈਕਸੀਨ ਉਪਲੱਬਧ ਨਹੀਂ ਹੈ।

ਕੇਂਦਰੀ ਸਿਹਤ ਮੰਤਰਾਲੇ ਨੇ ਦੱਸਿਆ ਕਿ ਪੱਛਮੀ ਬੰਗਾਲ 'ਚ ਦੋ ਨਰਸਾਂ ਇਸ ਵਾਇਰਸ ਦੀ ਲਪੇਟ 'ਚ ਆਈਆਂ ਸਨ। ਹਾਲਾਂਕਿ ਰਾਹਤ ਦੀ ਖ਼ਬਰ ਇਹ ਹੈ ਕਿ ਦੋਵਾਂ ਦੀ ਸਿਹਤ 'ਚ ਸੁਧਾਰ ਹੋਇਆ ਹੈ, ਅਤੇ ਉਨ੍ਹਾਂ ਦੀਆਂ ਰਿਪੋਰਟਾਂ ਹੁਣ ਨੈਗੇਟਿਵ ਆਈਆਂ ਹਨ। ਪ੍ਰਸ਼ਾਸ਼ਨ ਵਲੋਂ ਪ੍ਰਭਾਵਿਤ ਇਲਾਕਿਆਂ 'ਚ ਸਖ਼ਤ ਨਿਗਰਾਨੀ ਰੱਖੀ ਜਾ ਰਹੀ ਹੈ।

ਭਾਰਤ 'ਚ ਮਾਮਲੇ ਸਾਹਮਣੇ ਆਉਣ ਤੋਂ ਬਾਅਦ ਦੱਖਣੀ ਅਫ਼ਰੀਕਾ ਦੇ ਸਿਹਤ ਵਿਭਾਗ ਦੇ ਬੁਲਾਰੇ ਫ਼ੋਸਟਰ ਮੋਹਾਲੇ ਨੇ ਕਿਹਾ ਕਿ ਉਹ ਨੈਸ਼ਨਲ ਇੰਸਟੀਚਿਊਟ ਫ਼ੌਰ ਕਮਿਊਨੀਕੇਬਲ ਡਿਜ਼ੀਜ਼ ਦੇ ਨਾਲ ਮਿਲ ਕੇ ਸਥਿਤੀ 'ਤੇ ਨਜ਼ਰ ਰੱਖ ਰਹੇ ਹਨ।

# ਵਿਰੋਧੀ ਧਿਰ ਦੇ ਹੰਗਾਮੇ ਕਾਰਨ ਲੋਕ ਸਭਾ ਫਿਰ ਮੁਲਤਵੀ

## ਰਾਹੁਲ ਗਾਂਧੀ ਵੱਲੋਂ ਸਪੀਕਰ 'ਤੇ ਵਾਅਦਾ ਖਿਲਾਫੀ ਦੇ ਦੋਸ਼



**ਨਵੀਂ ਦਿੱਲੀ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਭਾਰੀ ਹੰਗਾਮੇ ਕਾਰਨ ਸਦਨ ਦੀ ਕਾਰਵਾਈ ਮੰਗਲਵਾਰ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਹੈ। ਵਿਰੋਧੀ ਸੰਸਦ ਮੈਂਬਰ ਭਾਰਤ-ਅਮਰੀਕਾ ਅੰਤਰਿਮ ਵਪਾਰ ਢਾਂਚੇ (India-US trade framework) 'ਤੇ ਚਰਚਾ ਦੀ ਮੰਗ ਕਰ ਰਹੇ ਸਨ। ਸਦਨ ਦੀ ਕਾਰਵਾਈ ਸੋਮਵਾਰ ਨੂੰ ਸਵੇਰੇ 11 ਵਜੇ ਸ਼ੁਰੂ ਹੋਣ ਤੋਂ ਬਾਅਦ ਤਿੰਨ ਵਾਰ ਮੁਲਤਵੀ ਹੋਈ ਅਤੇ ਅੰਤ ਵਿੱਚ ਦੁਪਹਿਰ 2 ਵਜੇ ਇਸ ਨੂੰ ਅਗਲੇ ਦਿਨ ਤੱਕ ਤਕ ਰੋਕ ਦਿੱਤਾ ਗਿਆ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਨਿੱਜੀ ਤੌਰ 'ਤੇ ਭਰੋਸਾ ਦਿੱਤਾ ਗਿਆ ਸੀ ਕਿ ਬਜਟ 'ਤੇ ਚਰਚਾ ਸ਼ੁਰੂ ਹੋਣ ਤੋਂ ਪਹਿਲਾਂ ਉਨ੍ਹਾਂ ਨੂੰ ਆਪਣੀ ਗੱਲ ਰੱਖਣ ਦਾ ਮੌਕਾ ਮਿਲੇਗਾ ਪਰ ਹੁਣ ਸਦਨ ਦੇ ਚੇਅਰਮੈਨ ਆਪਣੇ ਵਾਅਦੇ ਤੋਂ ਪਿੱਛੇ ਹਟ ਰਹੇ ਹਨ। ਦੂਜੇ ਪਾਸੇ, ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਇਨ੍ਹਾਂ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਹਾ ਕਿ ਅਜਿਹਾ ਕੋਈ ਭਰੋਸਾ ਨਹੀਂ ਦਿੱਤਾ ਗਿਆ ਸੀ ਅਤੇ ਰਾਹੁਲ ਗਾਂਧੀ ਦੇ ਸ਼ਬਦ ਸੌ ਫੀਸਦੀ ਝੂਠੇ ਹਨ।

ਚੇਅਰ 'ਤੇ ਬੈਠੇ ਸੰਸਦ ਮੈਂਬਰ ਸੰਧਿਆ ਰਾਏ ਨੇ ਕਿਹਾ ਕਿ ਉਨ੍ਹਾਂ ਨੂੰ ਰਾਹੁਲ ਗਾਂਧੀ ਵੱਲੋਂ ਕੋਈ ਨੋਟਿਸ ਨਹੀਂ ਮਿਲਿਆ ਹੈ ਅਤੇ ਬਿਨਾਂ ਨੋਟਿਸ ਕਿਸੇ ਵੀ ਮੁੱਦੇ 'ਤੇ ਚਰਚਾ ਨਹੀਂ ਕੀਤੀ ਜਾ ਸਕਦੀ। ਇਸ ਦੌਰਾਨ ਕਾਂਗਰਸੀ ਆਗੂ ਸ਼ਸ਼ੀ ਥਰੂਰ ਨੇ ਵੀ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਨੂੰ ਬੋਲਣ ਦਾ ਮੌਕਾ ਦੇਣਾ ਸੰਸਦੀ ਪਰੰਪਰਾ ਹੈ। ਇਸ ਤੋਂ ਇਲਾਵਾ ਕਾਂਗਰਸ ਦੀਆਂ ਮਹਿਲਾ ਸੰਸਦ ਮੈਂਬਰਾਂ ਨੇ ਸਪੀਕਰ ਓਮ ਬਿਰਲਾ ਨੂੰ ਪੱਤਰ ਲਿਖ ਕੇ ਦੋਸ਼ ਲਾਇਆ ਕਿ ਉਨ੍ਹਾਂ ਵਿਰੁੱਧ ਬੇਬੁਨਿਆਦ ਅਤੇ ਅਪਮਾਨਜਨਕ ਦਾਅਵੇ ਕੀਤੇ ਜਾ ਰਹੇ ਹਨ। ਵਿਰੋਧੀ ਧਿਰ ਦੇ ਲਗਾਤਾਰ ਨਾਅਰੇਬਾਜ਼ੀ ਕਾਰਨ ਬਜਟ 'ਤੇ ਹੋਣ ਵਾਲੀ ਚਰਚਾ ਸ਼ੁਰੂ ਨਹੀਂ ਹੋ ਸਕੀ।

# ਸੁਪਰੀਮ ਕੋਰਟ ਵਲੋਂ ਕੁਲਦੀਪ ਸੇਂਗਰ ਦੀ ਜ਼ਮਾਨਤ ਪਟੀਸ਼ਨ 'ਤੇ ਸੁਣਵਾਈ ਤੋਂ ਇਨਕਾਰ; ਦਿੱਲੀ ਹਾਈ ਕੋਰਟ ਨੂੰ ਦਿੱਤਾ 3 ਮਹੀਨਿਆਂ ਵਿੱਚ ਫੈਸਲਾ ਲੈਣ ਦੇ ਹੁਕਮ

**ਨਵੀਂ ਦਿੱਲੀ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਉਨਾਓ ਜਬਰ ਜਨਾਹ ਦੀ ਪੀੜਤਾ ਦੇ ਪਿਤਾ ਦੀ ਹਿਰਾਸਤੀ ਮੌਤ ਦੇ ਮਾਮਲੇ ਵਿੱਚ ਭਾਜਪਾ ਦੇ ਸਾਬਕਾ ਆਗੂ ਕੁਲਦੀਪ ਸਿੰਘ ਸੇਂਗਰ ਦੀ ਜ਼ਮਾਨਤ ਪਟੀਸ਼ਨ 'ਤੇ ਅੱਜ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ।

ਸਰਵਉਚ ਅਦਾਲਤ ਨੇ ਦਿੱਲੀ ਹਾਈ ਕੋਰਟ ਨੂੰ ਨਿਰਦੇਸ਼ ਦਿੱਤੇ ਕਿ ਉਨਾਓ ਜਬਰ ਜਨਾਹ ਦੀ ਪੀੜਤਾ ਦੇ ਪਿਤਾ ਦੀ ਹਿਰਾਸਤੀ ਮੌਤ ਦੇ ਮਾਮਲੇ ਵਿੱਚ ਭਾਜਪਾ ਦੇ ਸਾਬਕਾ ਆਗੂ ਕੁਲਦੀਪ ਸਿੰਘ ਸੇਂਗਰ ਦੀ ਅਪੀਲ 'ਤੇ ਤਿੰਨ ਮਹੀਨਿਆਂ ਦੇ ਅੰਦਰ ਫੈਸਲਾ ਸੁਣਾਇਆ ਜਾਵੇ। ਅਦਾਲਤ ਨੇ ਕਿਹਾ ਕਿ ਇਸ ਮਾਮਲੇ ਦੀ ਸੁਣਵਾਈ ਪਹਿਲ ਦੇ ਆਧਾਰ 'ਤੇ ਕੀਤੀ ਜਾਣੀ ਚਾਹੀਦੀ ਹੈ।

ਚੀਫ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਐਨ.ਵੀ. ਅੰਜਾਰੀਆ ਦੇ ਬੈਂਚ ਨੇ ਹਾਈ ਕੋਰਟ ਦੇ ਉਸ ਫੈਸਲੇ ਵਿਰੁੱਧ ਸੇਂਗਰ ਦੀ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਵਿੱਚ ਉਸ ਦੀ 10 ਸਾਲ ਦੀ ਸਜ਼ਾ ਨੂੰ ਮੁਅੱਤਲ ਕਰਨ ਤੋਂ ਇਨਕਾਰ ਕੀਤਾ ਗਿਆ ਸੀ। ਸੁਪਰੀਮ ਕੋਰਟ ਨੇ ਇਹ ਵੀ ਕਿਹਾ ਕਿ ਜੇਕਰ ਪੀੜਤ ਪਰਿਵਾਰ ਵੱਲੋਂ ਵੀ ਕੋਈ ਅਪੀਲ ਦਾਇਰ ਕੀਤੀ ਗਈ ਹੈ ਤਾਂ ਹਾਈ ਕੋਰਟ ਉਸ ਨੂੰ ਵੀ ਸੇਂਗਰ ਦੀ ਪਟੀਸ਼ਨ ਦੇ ਨਾਲ ਹੀ ਸੁਣੇ।

ਸੁਣਵਾਈ ਦੌਰਾਨ ਚੀਫ਼ ਜਸਟਿਸ ਨੇ ਪੀੜਤਾ ਦੇ ਵਕੀਲ ਵੱਲੋਂ ਮੀਡੀਆ ਵਿੱਚ ਦਿੱਤੇ ਜਾ ਰਹੇ ਬਿਆਨਾਂ 'ਤੇ ਨਾਰਾਜ਼ਗੀ ਜ਼ਾਹਰ ਕੀਤੀ। ਜਸਟਿਸ ਕਾਂਤ ਨੇ ਕਿਹਾ, 'ਅਸੀਂ ਕਿਸੇ ਮਹਿਲ (Ivory Tower) ਵਿੱਚ ਨਹੀਂ ਬੈਠੇ ਹਾਂ। ਸਾਨੂੰ ਪਤਾ ਹੈ ਕਿ ਬਾਹਰ ਮੀਡੀਆ ਟਰਾਇਲ ਚੱਲ ਰਿਹਾ ਹੈ।' ਉਨ੍ਹਾਂ ਸਪੱਸ਼ਟ ਕੀਤਾ ਕਿ ਅਦਾਲਤ ਤੋਂ ਬਾਹਰ ਬਰਾਬਰ ਚੱਲ ਰਹੀ ਕਿਸੇ ਵੀ ਸੁਣਵਾਈ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।



ਜ਼ਿਕਰਯੋਗ ਹੈ ਕਿ 13 ਮਾਰਚ 2020 ਨੂੰ ਹੇਠਲੀ ਅਦਾਲਤ ਨੇ ਸੇਂਗਰ ਨੂੰ ਪੀੜਤਾ ਦੇ ਪਿਤਾ ਦੀ ਮੌਤ ਦੇ ਮਾਮਲੇ ਵਿੱਚ 10 ਸਾਲ ਦੀ ਸਜ਼ਾ ਅਤੇ 10 ਲੱਖ ਰੁਪਏ ਜੁਰਮਾਨਾ ਲਾਇਆ ਸੀ। ਪੀੜਤਾ ਦੇ ਪਿਤਾ ਨੂੰ ਸੇਂਗਰ ਦੇ ਕਹਿਣ 'ਤੇ ਆਰਮਜ਼ ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ 9 ਅਪਰੈਲ 2018 ਨੂੰ ਪੁਲੀਸ ਹਿਰਾਸਤ ਵਿੱਚ ਤਸ਼ੱਦਦ ਕਾਰਨ ਉਸ ਦੀ ਮੌਤ ਹੋ ਗਈ ਸੀ।

ਸੇਂਗਰ ਨੂੰ 2017 ਵਿੱਚ ਇੱਕ ਨਾਬਾਲਗ ਨੂੰ ਅਗਵਾ ਕਰਨ ਅਤੇ ਜਬਰ ਜਨਾਹ ਕਰਨ ਦੇ ਦੋਸ਼ ਵਿੱਚ ਪਹਿਲਾਂ ਹੀ ਉਮਰ ਕੈਦ ਦੀ ਸਜ਼ਾ ਸੁਣਾਈ ਜਾ ਚੁੱਕੀ ਹੈ।

ਦਿੱਲੀ ਹਾਈ ਕੋਰਟ ਹੁਣ 11 ਫਰਵਰੀ ਨੂੰ ਇਸ ਮਾਮਲੇ 'ਤੇ ਮੁੜ ਸੁਣਵਾਈ ਕਰੇਗੀ।

# ਖੜਗੇ ਨੂੰ ਬੋਲਣ ਦੀ ਇਜਾਜ਼ਤ ਨਾ ਦੇਣ 'ਤੇ ਵਿਰੋਧੀ ਧਿਰਾਂ ਵੱਲੋਂ ਰਾਜ ਸਭਾ ਵਿਚੋਂ ਵਾਕਆਊਟ

**ਨਵੀਂ ਦਿੱਲੀ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜ ਸਭਾ ਵਿਚ ਅੱਜ ਵਿਰੋਧੀ ਧਿਰ ਦੇ ਆਗੂ ਮਲਿਕਾਰਜੁਨ ਖੜਗੇ ਨੂੰ ਬੋਲਣ ਦੀ ਇਜਾਜ਼ਤ ਨਾ ਦੇਣ ਦੇ ਮਾਮਲੇ 'ਤੇ ਰੋਸ ਪ੍ਰਗਟਾਉਂਦਿਆਂ ਵਿਰੋਧੀ ਧਿਰ ਦੇ ਮੈਂਬਰਾਂ ਨੇ ਸਦਨ ਵਿਚੋਂ ਵਾਕਆਊਟ ਕੀਤਾ।

ਕਾਂਗਰਸ ਮੈਂਬਰ ਖੜਗੇ ਨੇ ਪ੍ਰਸ਼ਨ ਕਾਲ ਦੌਰਾਨ ਕਿਹਾ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੂੰ ਧੰਨਵਾਦ ਪ੍ਰਸਤਾਵ 'ਤੇ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਇਸ ਤੋਂ ਬਾਅਦ ਚੇਅਰਮੈਨ ਸੀ.ਪੀ. ਰਾਧਾਕ੍ਰਿਸ਼ਨਨ ਨੇ ਉਨ੍ਹਾਂ ਨੂੰ ਲੋਕ ਸਭਾ ਨਾਲ ਸਬੰਧਤ ਮੁੱਦਾ ਚੁੱਕਣ ਦੀ ਇਜਾਜ਼ਤ ਨਹੀਂ ਦਿੱਤੀ।



ਇਸ ਤੋਂ ਪਹਿਲਾਂ ਖੜਗੇ ਨੇ ਕੇਂਦਰੀ ਮੰਤਰੀ ਪਿਊਸ਼ ਗੋਇਲ ਵੱਲੋਂ ਪਿਛਲੇ ਹਫ਼ਤੇ ਭਾਰਤ-ਅਮਰੀਕਾ ਵਪਾਰ ਸਮਝੌਤੇ 'ਤੇ ਬਿਆਨ ਦੇਣ ਦਾ ਮੁੱਦਾ ਚੁੱਕਿਆ। ਇਸ ਦੌਰਾਨ ਚੇਅਰਮੈਨ ਨੇ ਖੜਗੇ ਨੂੰ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ ਜਿਸ ਤੋਂ ਬਾਅਦ ਵਿਰੋਧੀ ਧਿਰ ਦੇ ਮੈਂਬਰ ਖੜ੍ਹੇ ਹੋ ਗਏ ਤੇ ਆਪਣਾ ਵਿਰੋਧ ਪ੍ਰਗਟਾਉਣ ਲੱਗੇ।

ਇਸ ਤੋਂ ਬਾਅਦ ਚੇਅਰਮੈਨ ਨੇ ਪ੍ਰਸ਼ਨ ਕਾਲ ਸ਼ੁਰੂ ਕੀਤਾ ਪਰ ਵਿਰੋਧੀ ਧਿਰ ਦੇ ਮੈਂਬਰਾਂ ਨੇ ਆਪਣਾ ਵਿਰੋਧ ਜਾਰੀ ਰੱਖਿਆ ਅਤੇ ਬਾਅਦ ਵਿੱਚ ਸਦਨ ਤੋਂ ਵਾਕਆਊਟ ਕੀਤਾ।

# ਹਰਭਜਨ ਸਿੰਘ ਈ.ਟੀ.ਓ. ਬਾਰੇ ਟਿੱਪਣੀ ਮਾਮਲੇ ਵਿੱਚ ਐਸ.ਸੀ. ਕਮਿਸ਼ਨ ਵੱਲੋਂ ਐਸ.ਐਸ.ਪੀ. ਅੰਮ੍ਰਿਤਸਰ ਤੋਂ ਰਿਪੋਰਟ ਤਲਬ

**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਬਾਰੇ ਕੀਤੀ ਗਈ ਟਿੱਪਣੀ ਦਾ ਸੂ-ਮੋਟੋ ਨੋਟਿਸ ਲਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਸ. ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਸੋਸ਼ਲ ਮੀਡੀਆ ਰਾਹੀਂ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀਓ ਖਿਲਾਫ ਗ਼ਲਤ ਸ਼ਬਦਾਵਲੀ ਦੀ ਵਰਤੋਂ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਐਸਐਸਪੀ ਅੰਮ੍ਰਿਤਸਰ ਤੋਂ ਡੀਐਸਪੀ /ਐਸਪੀ ਪੱਧਰ ਦੇ ਅਧਿਕਾਰੀ ਰਾਹੀਂ 11 ਫਰਵਰੀ 2026 ਨੂੰ ਬਾਅਦ ਦੁਪਹਿਰ 3 ਵਜੇ ਰਿਪੋਰਟ ਤਲਬ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਇਸਦੇ ਨਾਲ ਹੀ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ ਵੀ ਇਸ ਵਾਇਰਲ ਵੀਡੀਓ ਸਬੰਧੀ ਸਪਸ਼ਟੀਕਰਨ ਦੇਣ ਲਈ 11 ਫਰਵਰੀ 2026 ਨੂੰ ਦੁਪਹਿਰ 3 ਵਜੇ ਤਲਬ ਕੀਤਾ ਗਿਆ ਹੈ।

# 4ਜੀ/5ਜੀ ਟੈਲੀਕਾਮ ਸਬੰਧੀ ਚੋਰੀਆਂ 'ਤੇ ਪੰਜਾਬ ਪੁਲਿਸ ਦੀ ਸਖ਼ਤ ਕਾਰਵਾਈ ਜਾਰੀ; 17 ਹੋਰ ਗ੍ਰਿਫ਼ਤਾਰ

## ਹੁਣ ਤੱਕ ਹੋਈਆਂ ਕੁੱਲ 126 ਗ੍ਰਿਫ਼ਤਾਰੀਆਂ ਅਤੇ 140 ਐਫ.ਆਈ.ਆਰਜ਼. ਕੀਤੀਆਂ ਦਰਜ

**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਏਅਰਟੈੱਲ ਲਿਮਟਿਡ ਨੂੰ ਨਿਸ਼ਾਨਾ ਬਣਾਉਣ ਦੇ ਇਰਾਦੇ ਨਾਲ 4ਜੀ/5ਜੀ ਟੈਲੀਕਾਮ ਬੁਨਿਆਦੀ ਢਾਂਚੇ ਦੀ ਚੋਰੀ 'ਤੇ ਵੱਡੀ ਅਤੇ ਨਿਰੰਤਰ ਕਾਰਵਾਈ ਤਹਿਤ ਪੰਜਾਬ ਪੁਲਿਸ ਨੇ 17 ਹੋਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਸ ਦੇ ਨਾਲ ਸੂਬੇ ਭਰ ਵਿੱਚ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ 126 ਹੋ ਗਈ ਹੈ ਅਤੇ 140 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ। ਇਨ੍ਹਾਂ ਫੈਸਲਾਕੁੰਨ ਕਾਰਵਾਈਆਂ ਦੇ ਲਾਗੂ ਕਰਨ ਸਦਕਾ ਅਹਿਮ ਜਨਤਕ ਟੈਲੀਕਾਮ ਸੇਵਾਵਾਂ ਨਿਰੰਤਰ ਚੱਲ ਰਹੀਆਂ ਹਨ।

ਜ਼ਿਕਰਯੋਗ ਹੈ ਕਿ 4ਜੀ/5ਜੀ ਬੁਨਿਆਦੀ ਢਾਂਚੇ ਨਾਲ ਸਬੰਧਤ ਚੋਰੀਆਂ ਦੀਆਂ ਰਿਪੋਰਟਾਂ ਤੋਂ ਬਾਅਦ, ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਹੁਕਮਾਂ 'ਤੇ ਇੱਕ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦਾ ਗਠਨ ਕੀਤਾ ਗਿਆ ਸੀ। ਚੇਅਰਮੈਨ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਰਾਜਪਾਲ ਸਿੰਘ ਸੰਧੂ ਦੀ ਅਗਵਾਈ ਵਾਲੀ ਐਸ.ਆਈ.ਟੀ. ਨੇ ਜ਼ਿਲ੍ਹਾ ਪੁਲਿਸ ਯੂਨਿਟਾਂ ਨਾਲ ਮਿਲ ਕੇ ਕੰਮ ਕੀਤਾ ਤਾਂ ਜੋ ਮੁਲਜ਼ਮਾਂ ਨੂੰ ਫੜਿਆ ਜਾ ਸਕੇ ਅਤੇ ਚੋਰੀ ਹੋਏ ਸਾਜ਼ੋ-ਸਾਮਾਨ ਦੀ ਬਰਾਮਦਗੀ ਕੀਤੀ ਜਾ ਸਕੇ।

ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਐਸ.ਆਈ.ਟੀ. ਦੇ ਚੇਅਰਮੈਨ ਆਈ.ਜੀ.ਪੀ. ਰਾਜਪਾਲ ਸੰਧੂ ਨੇ ਕਿਹਾ ਕਿ ਮੁਲਜ਼ਮਾਂ ਨੇ ਖਾਸ ਤੌਰ 'ਤੇ ਉੱਚ-ਮੁੱਲ ਵਾਲੇ ਜੀ.ਯੂ.ਸੀ.1 ਕਾਰਡਾਂ (ਬੇਸ ਬੈਂਡ ਯੂਨਿਟਾਂ) ਨੂੰ ਨਿਸ਼ਾਨਾ ਬਣਾਇਆ, ਜੋ ਕਿ 4ਜੀ ਅਤੇ 5ਜੀ ਸਿਗਨਲਾਂ ਦੇ ਸੰਚਾਰ ਲਈ ਬਹੁਤ ਅਹਿਮ ਹੁੰਦੇ ਹਨ। ਉਨ੍ਹਾਂ ਕਿਹਾ," ਚੋਰੀ ਦੀ ਪੂਰੀ ਕਾਰਵਾਈ ਨੂੰ ਦੋ ਮਿੰਟਾਂ ਤੋਂ ਵੀ ਘੱਟ ਸਮੇਂ ਵਿੱਚ ਅੰਜਾਮ ਦਿੱਤਾ ਗਿਆ, ਜਿਸ ਤੋਂ ਬਾਅਦ ਦੋਸ਼ੀ ਮੌਕੇ ਤੋਂ ਫਰਾਰ ਹੋ ਗਏ,"। ਇਨ੍ਹਾਂ ਚੋਰੀਆਂ ਕਾਰਨ ਪ੍ਰਭਾਵਿਤ ਖੇਤਰਾਂ ਵਿੱਚ ਦੂਰਸੰਚਾਰ ਸੇਵਾਵਾਂ ਵਿੱਚ ਕਾਫ਼ੀ ਪ੍ਰਭਾਵਿਤ ਰਹੀਆਂ,ਜਿਸ ਨਾਲ ਲੋਕਾਂ ਜ਼ਰੂਰੀ ਵਾਇਸ ਅਤੇ ਡੇਟਾ ਕਨੈਕਟੀਵਿਟੀ ਤੋਂ ਵਾਂਝੀ ਰਹੇ।

# ਬੁਨਿਆਦੀ ਢਾਂਚੇ ਨਾਲ ਸਬੰਧਤ ਨਵੇਂ ਪ੍ਰੋਜੈਕਟਾਂ ਨਾਲ ਸ੍ਰੀ ਅਨੰਦਪੁਰ ਸਾਹਿਬ ਵਿੱਚ ਵਿਕਾਸ ਜ਼ੋਰਾਂ 'ਤੇ: ਹਰਜੋਤ ਸਿੰਘ ਬੈਂਸ

**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਹੋਰ ਤੇਜ਼ੀ ਲਿਆਉਣ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਸ. ਹਰਜੋਤ ਸਿੰਘ ਬੈਂਸ ਨੇ ਅੱਜ ਐਲਾਨ ਕੀਤਾ ਕਿ ਇਲਾਕੇ ਵਿੱਚ ਸੜਕੀ ਸੰਪਰਕ ਨੂੰ ਹੋਰ ਬਿਹਤਰ ਬਣਾਉਣ ਅਤੇ ਆਰਥਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਬੁਨਿਆਦੀ ਢਾਂਚੇ ਨਾਲ ਸਬੰਧਤ ਅਹਿਮ ਪ੍ਰੋਜੈਕਟਾਂ ਨੂੰ ਹਰੀ ਝੰਡੀ ਮਿਲ ਗਈ ਹੈ।

ਇੱਥੋਂ ਜਾਰੀ ਵੀਡੀਓ ਸੰਦੇਸ਼ ਵਿੱਚ ਸ. ਹਰਜੋਤ ਸਿੰਘ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਲੋਕਾਂ ਨੂੰ ਵਧਾਈ ਦਿੱਤੀ ਅਤੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਪੰਜ ਅਹਿਮ ਪੁਲਾਂ ਨੂੰ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐਮਬੀ) ਵੱਲੋਂ ਮਨਜ਼ੂਰੀ ਮਿਲ ਗਈ ਹੈ।



ਸ. ਬੈਂਸ ਨੇ ਕਿਹਾ, ਸ੍ਰੀ ਅਨੰਦਪੁਰ ਸਾਹਿਬ ਵਿੱਚ ਵਿਕਾਸ ਜੰਗੀ ਪੱਧਰ 'ਤੇ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਵਾਨਿਤ ਪੁਲ ਪ੍ਰੋਜੈਕਟਾਂ ਵਿੱਚ ਬ੍ਰਹਮਪੁਰ ਅਤੇ ਡਰੋਲੀ ਪੁਲ ਸ਼ਾਮਲ ਹਨ, ਜੋ ਅਸਲ ਵਿੱਚ ਨਹਿਰ ਦੀ ਉਸਾਰੀ ਸਮੇਂ ਬਣਾਏ ਗਏ ਸਨ। ਇਨ੍ਹਾਂ ਪੁਲਾਂ ਨੂੰ ਆਧੁਨਿਕ ਜ਼ਰੂਰਤਾਂ ਨੂੰ ਵੇਖਦਿਆਂ ਹੁਣ ਦੁਬਾਰਾ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਗੰਗੂਵਾਲ ਡਬਲ ਪੁਲ ਇੱਕ ਰਣਨੀਤਕ ਪ੍ਰੋਜੈਕਟ ਹੈ। ਇਨ੍ਹਾਂ ਪੁਲਾਂ ਦੀ ਉਸਾਰੀ ਨਾਲ ਖਾਸ ਕਰਕੇ ਗੁਰੂ ਕਾ ਲਾਹੌਰ ਵਿਖੇ ਵਿਆਹ ਪੁਰਬ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮੁਹੱਲਾ ਦੌਰਾਨ ਵੱਡੀ ਗਿਣਤੀ ਵਿੱਚ ਪੁੱਜਣ ਵਾਲੀ ਸੰਗਤ ਨੂੰ ਜਿੱਥੇ ਵੱਡੀ ਸੌਖ ਹੋਵੇਗੀ ਉੱਥੇ ਟ੍ਰੈਫਿਕ ਦੀ ਸਮੱਸਿਆ ਹੱਲ ਹੋਵੇਗੀ। ਉਨ੍ਹਾਂ ਕਿਹਾ, ਇਸ ਨਾਲ ਸੰਗਤ ਲਈ ਨਿਰਵਿਘਨ ਯਾਤਰਾ ਯਕੀਨੀ ਬਣਾਏਗੀ।

ਇਸ ਤੋਂ ਇਲਾਵਾ, ਅਟਾਰੀ ਪਿੰਡ ਦਾ ਪੁਲ ਅਟਾਰੀ ਪਿੰਡ ਨੂੰ ਸਿੱਧੇ ਕੌਮੀ ਰਾਜਮਾਰਗ ਨਾਲ ਜੋੜੇਗਾ ਜਿਸ ਨਾਲ ਲੰਬੇ ਚੱਕਰ ਖਤਮ ਹੋਣਗੇ ਅਤੇ ਸਥਾਨਕ ਆਰਥਿਕਤਾ ਨੂੰ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਭਾਓਵਾਲ ਪੁਲ ਨਾਲ ਖੇਤਰ ਵਿੱਚ ਰੁਜ਼ਗਾਰ ਅਤੇ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਸਿੱਖਿਆ ਮੰਤਰੀ ਨੇ ਕਿਹਾ ਕਿ ਸਰਸਾ ਨੰਗਲ ਪੁਲ ਪ੍ਰੋਜੈਕਟ ਦਾ ਟੈਂਡਰ ਪਹਿਲਾਂ ਹੀ ਜਾਰੀ ਹੋ ਚੁੱਕਾ ਹੈ ਅਤੇ ਇਸ ਦਾ ਕੰਮ 14 ਅਪ੍ਰੈਲ ਦੇ ਆਸਪਾਸ ਸ਼ੁਰੂ ਹੋ ਜਾਵੇਗਾ।

ਸ. ਬੈਂਸ ਨੇ ਨੰਗਲ ਤੋਂ ਕਲਮਾ ਮੋੜ ਸੜਕ ਅਤੇ ਭੰਗਲਾਂ ਤੋਂ ਕਾਨਪੁਰ ਖੂਹੀ ਸੜਕ ਸਬੰਧੀ ਯੋਜਨਾਵਾਂ ਬਾਰੇ ਵੀ ਯੋਜਨਾ ਸਾਂਝੀ ਕੀਤੀ। ਨੰਗਲ ਤੋਂ ਕਲਮਾ ਮੋੜ ਸੜਕ 10 ਕਰੋੜ ਰੁਪਏ ਦੀ ਲਾਗਤ ਨਾਲ ਭਾਰੀ ਉਦਯੋਗਿਕ ਆਵਾਜਾਈ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਬਣਾਈ ਜਾਵੇਗੀ, ਜਦੋਂ ਕਿ ਭੰਗਲਾਂ ਤੋਂ ਕਾਨਪੁਰ ਖੂਹੀ ਸੜਕ ਨੂੰ ਅਪਗ੍ਰੇਡ ਕਰਨ ਨਾਲ ਬੱਸ ਸੰਪਰਕ ਵਿੱਚ ਸੁਧਾਰ ਹੋਵੇਗਾ ਅਤੇ ਖੇੜਾ ਕਲਮੋਟ ਵਿੱਚ ਪਾਣੀ ਭਰਨ ਦੀਆਂ ਸਮੱਸਿਆਵਾਂ ਨਾਲ ਨਜਿੱਠਣ ਲਈ ਸੜਕ ਦੇ ਦੋਵੇਂ ਪਾਸੇ ਕੰਕਰੀਟ ਦੀ ਡਰੇਨ ਬਣਾਈ ਜਾਵੇਗੀ। ਇਹ ਪ੍ਰਾਜੈਕਟ ਲਗਭਗ 12.5 ਕਰੋੜ ਰੁਪਏ ਨਾਲ ਤਿਆਰ ਹੋਵੇਗਾ। ਇਨ੍ਹਾਂ ਦੋਵਾਂ ਪ੍ਰੋਜੈਕਟਾਂ 'ਤੇ ਕੰਮ ਅਗਲੇ ਦੋ ਹਫ਼ਤਿਆਂ ਦੇ ਅੰਦਰ ਸ਼ੁਰੂ ਹੋ ਜਾਵੇਗਾ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਜਿੱਥੇ ਲੋਕਾਂ ਦੀ ਚਿਰੋਕਣੀ ਮੰਗ ਪੂਰੀ ਹੋਵੇਗੀ ਉੱਥੇ ਇਲਾਕੇ ਵਿੱਚ ਰੁਜ਼ਗਾਰ ਦੇ ਮੌਕੇ ਵਧਣਗੇ ਅਤੇ ਸੜਕੀ ਸੰਪਰਕ ਬਿਹਤਰ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਮਹਿਜ਼ ਬੁਨਿਆਦੀ ਢਾਂਚੇ ਦਾ ਵਿਕਾਸ ਨਹੀਂ, ਬਲਕਿ ਲੋਕਾਂ ਦੀਆਂ ਜ਼ਿੰਦਗੀਆਂ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਦਾ ਜ਼ਰੀਆ ਸਾਬਤ ਹੋਣਗੇ।

ਉਨ੍ਹਾਂ ਦੁਹਰਾਇਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨਾਗਰਿਕਾਂ ਦੇ ਜੀਵਨ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਟਿਕਾਊ ਵਿਕਾਸ 'ਤੇ ਧਿਆਨ ਕੇਂਦਰਿਤ ਕੀਤਾ ਜਾ ਰਿਹਾ ਹੈ।

# ਪੰਜਾਬ ਐਂਡ ਹਰਿਆਣਾ ਹਾਈਕੋਰਟ ਨੂੰ ਬੰਬ ਨਾਲ ਉਡਾਉਣ ਦੀ ਧਮਕੀ




**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਅਤੇ ਹਰਿਆਣਾ ਹਾਈਕੋਰਟ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਅੱਜ ਇੱਕ ਈਮੇਲ ਪ੍ਰਾਪਤ ਹੋਈ, ਜਿਸ ਵਿੱਚ ਕੰਪਲੈਕਸ 'ਚ ਬੰਬ ਰੱਖੇ ਹੋਣ ਦੀ ਧਮਕੀ ਦਿੱਤੀ ਗਈ। ਈਮੇਲ ਮਿਲਣ ਮਗਰੋਂ ਅਦਾਲਤ ਪ੍ਰਸ਼ਾਸਨ ਨੇ ਤੁਰੰਤ ਚੰਡੀਗੜ੍ਹ ਪੁਲੀਸ ਨੂੰ ਸੂਚਿਤ ਕੀਤਾ ਤੇ ਕੰਪਲੈਕਸ ਦੀ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ।

ਸੂਚਨਾ ਮਿਲਦਿਆਂ ਹੀ ਪੁਲੀਸ ਨੇ ਬੰਬ ਨਕਾਰਾ ਦਸਤੇ ਅਤੇ ਹੋਰ ਸੁਰੱਖਿਆ ਦਸਤੇ ਤਾਇਨਾਤ ਕਰ ਦਿੱਤੇ।

ਜ਼ਿਕਰਯੋਗ ਹੈ ਕਿ ਪਿਛਲੇ ਸਾਲ ਦੋ ਵਾਰ ਅਜਿਹੀ ਧਮਕੀ ਮਿਲੀ ਸੀ ਪਰ ਉਦੋਂ ਤਲਾਸ਼ੀ ਦੌਰਾਨ ਕੋਈ ਵੀ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ ਸੀ।

# ਪੰਜਾਬ ਸਰਕਾਰ ਐਸ ਸੀ/ਬੀ ਸੀ ਵਰਗਾਂ ਦੇ ਹੱਕਾਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ: ਡਾ. ਬਲਜੀਤ ਕੌਰ



**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਇਸਦੇ ਨਾਲ ਨਾਲ ਐਸ.ਸੀ ਅਤੇ ਬੀ.ਸੀ ਭਾਈਚਾਰੇ ਦੇ ਹੱਕਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਸਮਾਜਿਕ-ਆਰਥਿਕ ਤਰੱਕੀ ਲਈ ਵੀ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਦੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।

ਪੰਜਾਬ ਭਵਨ ਵਿਖੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਦੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਐਸ.ਸੀ/ਬੀ.ਸੀ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਯੂਨੀਅਨ ਵੱਲੋਂ ਰੱਖੀਆਂ ਗਈਆਂ ਮੰਗਾਂ ਨੂੰ ਮੰਤਰੀ ਨੇ ਬੜੀ ਗੰਭੀਰਤਾ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਹਰ ਜਾਇਜ਼ ਮੰਗ ਨੂੰ ਤਰਜੀਹ ਦੇ ਅਧਾਰ 'ਤੇ ਪੂਰਾ ਕੀਤਾ ਜਾਵੇਗਾ।

ਉਨ੍ਹਾਂ ਸਪਸ਼ਟ ਕੀਤਾ ਕਿ ਜਿਹੜੀਆਂ ਮੰਗਾਂ ਵਿਭਾਗੀ ਪੱਧਰ 'ਤੇ ਹੱਲ ਹੋ ਸਕਦੀਆਂ ਹਨ, ਉਨ੍ਹਾਂ ਨੂੰ ਤੁਰੰਤ ਅਤੇ ਸਮੇਂ-ਬੱਧ ਤਰੀਕੇ ਨਾਲ ਪੂਰਾ ਕੀਤਾ ਜਾਵੇਗਾ। ਇਸਦੇ ਨਾਲ ਹੀ ਜਿਹੜੀਆਂ ਮੰਗਾਂ ਸਰਕਾਰ ਪੱਧਰ 'ਤੇ ਨੀਤੀਗਤ ਫੈਸਲੇ ਦੀ ਮੰਗ ਕਰਦੀਆਂ ਹਨ, ਉਨ੍ਹਾਂ ਨੂੰ ਸਰਕਾਰ ਨਾਲ ਜਲਦ ਤੋਂ ਜਲਦ ਟੇਕ ਅੱਪ ਕਰਕੇ ਯੋਗ ਹੱਲ ਯਕੀਨੀ ਬਣਾਇਆ ਜਾਵੇਗਾ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਰੰਗਲਾ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਇਹ ਲਾਜ਼ਮੀ ਹੈ ਕਿ ਸਮਾਜ ਦਾ ਹਰ ਵਰਗ ਤਰੱਕੀ ਦੀ ਮੁੱਖ ਧਾਰਾ ਨਾਲ ਜੁੜੇ। ਉਨ੍ਹਾਂ ਕਿਹਾ ਕਿ ਐਸ.ਸੀ ਅਤੇ ਬੀ.ਸੀ ਵਰਗਾਂ ਨੂੰ ਸਨਮਾਨ, ਸਮਾਨ ਅਵਸਰ ਅਤੇ ਨਿਆਂ ਮਿਲੇ ਬਿਨਾਂ ਰੰਗਲਾ ਪੰਜਾਬ ਦੀ ਕਲਪਨਾ ਅਧੂਰੀ ਹੈ। ਜਦੋਂ ਹਰ ਘਰ ਵਿੱਚ ਖੁਸ਼ਹਾਲੀ, ਹਰ ਮਨ ਵਿੱਚ ਵਿਸ਼ਵਾਸ ਅਤੇ ਹਰ ਵਰਗ ਨੂੰ ਅੱਗੇ ਵਧਣ ਦਾ ਮੌਕਾ ਮਿਲੇਗਾ, ਤਦੋਂ ਹੀ ਅਸਲ ਅਰਥਾਂ ਵਿੱਚ ਰੰਗਲਾ ਪੰਜਾਬ ਬਣੇਗਾ, ਉਨ੍ਹਾਂ ਭਰੋਸਾ ਦਿਵਾਇਆ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਾਸ਼ੀਆਗ੍ਰਸਤ ਅਤੇ ਪੱਛੜੇ ਵਰਗਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਲਗਾਤਾਰ ਠੋਸ ਅਤੇ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਮੀਟਿੰਗ ਸੁਚੱਜੇ ਅਤੇ ਸਕਾਰਾਤਮਕ ਮਾਹੌਲ ਵਿੱਚ ਸੰਪੰਨ ਹੋਈ।

ਇਸ ਮੌਕੇ ਮੀਟਿੰਗ ਵਿੱਚ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਵੀ.ਕੇ. ਮੀਨਾ,ਆਈ.ਏ.ਐਸ, ਵਿਭਾਗ ਦੇ ਡਾਇਰੈਕਟਰ ਸ੍ਰੀਮਤੀ ਵਿੰਮੀ ਭੁੱਲਰ, ਆਈ.ਏ.ਐਸ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਪ੍ਰਤਾਪ ਬਾਜਵਾ ਦਾ ਘਰ ਘੇਰਨ ਜਾਂਦੇ 'ਆਪ' ਵਰਕਰਾਂ 'ਤੇ ਪਾਣੀ ਦੀਆਂ ਬੁਛਾੜਾਂ



**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਵਿੱਚ ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਦੇ ਘਰ ਦਾ ਘਿਰਾਓ ਕਰਨ ਜਾਂਦੇ ਆਮ ਆਦਮੀ ਪਾਰਟੀ ਦੇ ਵਰਕਰਾਂ ਨੂੰ ਪੁਲੀਸ ਨੇ ਐਮਐਲਏ ਹੋਸਟਲ ਦੇ ਗੇਟ ਉੱਤੇ ਹੀ ਵੱਡੀਆਂ ਰੋਕਾਂ ਲਗਾ ਕੇ ਰੋਕ ਦਿੱਤਾ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਪੁਲੀਸ ਦੀਆਂ ਰੋਕਾਂ ਨੂੰ ਤੋੜਨ ਦੀ ਕੋਸ਼ਿਸ਼ ਕੀਤੀ ਗਈ ਜਿਸ ਤੋਂ ਬਾਅਦ ਚੰਡੀਗੜ੍ਹ ਪੁਲੀਸ ਨੇ ਉਨ੍ਹਾਂ 'ਤੇ ਪਾਣੀ ਦੀਆਂ ਬੁਛਾੜਾਂ ਮਾਰੀਆਂ। ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਦੇ ਆਗੂ ਚੰਡੀਗੜ੍ਹ ਦੇ ਸੈਕਟਰ ਚਾਰ ਸਥਿਤ ਪੰਜਾਬ ਐਮਐਲਏ ਹੋਸਟਲ ਵਿਚ ਇਕੱਠੇ ਹੋ ਕੇ ਪ੍ਰਤਾਪ ਸਿੰਘ ਬਾਜਵਾ ਦੇ ਘਰ ਦਾ ਘਿਰਾਓ ਕਰਨ ਲਈ ਜਾ ਰਹੇ ਸਨ।

ਇਸ ਤੋਂ ਪਹਿਲਾਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵਿਰੁੱਧ ਵਰਤੀ ਇਤਰਾਜ਼ਯੋਗ ਸ਼ਬਦਾਵਲੀ ਖਿਲਾਫ 'ਆਪ' ਵਲੋਂ ਚੰਡੀਗੜ੍ਹ ਦੇ ਐਮਐਲਏ ਹੋਸਟਲ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਨੇ ਬੈਂਡ ਬਾਜੇ ਵਾਲਿਆਂ ਨਾਲ ਪ੍ਰਦਰਸ਼ਨ ਕੀਤਾ। ਆਮ ਆਦਮੀ ਪਾਰਟੀ ਦੇ ਆਗੂਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਦਲਿਤਾਂ ਦਾ ਹਮੇਸ਼ਾ ਹੀ ਨਿਰਾਦਰ ਕਰਦੀ ਰਹੀ ਹੈ ਅਤੇ ਉਨ੍ਹਾਂ ਨੂੰ ਵੋਟ ਬੈਂਕ ਦੀ ਤਰ੍ਹਾਂ ਵਰਤਦੀ ਰਹੀ ਹੈ। ਇਸ ਦੇ ਨਾਲ ਹੀ ਆਪ ਆਗੂਆਂ ਨੇ ਪ੍ਰਤਾਪ ਬਾਜਵਾ ਨੂੰ ਮੁਆਫ਼ੀ ਮੰਗਣ ਲਈ ਕਿਹਾ।

# ਮਸਲੇ ਹੱਲ ਨਾ ਹੋਣ 'ਤੇ 11 ਫਰਵਰੀ ਨੂੰ ਹੋਵੇਗਾ PRTC ਅਤੇ PUNBUS ਦਾ ਚੱਕਾ ਜਾਮ




**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰੋਡਵੇਜ਼, ਪਨਬੱਸ ਅਤੇ PRTC ਕੰਟਰੈਕਟ ਵਰਕਰਜ਼ ਯੂਨੀਅਨ ਨੇ ਸਰਕਾਰ ਵਿਰੁੱਧ ਸੰਘਰਸ਼ ਦਾ ਐਲਾਨ ਕਰਦਿਆਂ 11 ਫਰਵਰੀ ਨੂੰ ਸੂਬੇ ਭਰ ਵਿੱਚ ਬੱਸਾਂ ਦਾ ਮੁਕੰਮਲ ਚੱਕਾ ਜਾਮ ਕਰਨ ਦਾ ਫੈਸਲਾ ਕੀਤਾ ਹੈ। ਯੂਨੀਅਨ ਨੇ ਕਿਹਾ ਕਿ 11 ਨੂੰ ਪਨਬੱਸ ਅਤੇ PRTC ਦੀਆਂ ਲਗਪਗ 7,200 ਸਰਕਾਰੀ ਬੱਸਾਂ ਸੜਕਾਂ 'ਤੇ ਨਹੀਂ ਚੱਲਣਗੀਆਂ। ਮੁਲਾਜ਼ਮਾਂ ਨੇ ਇਹ ਸਪੱਸ਼ਟ ਕੀਤਾ ਹੈ ਕਿ ਜੇਕਰ 11 ਤਰੀਕ ਦੀ ਹੜਤਾਲ ਤੋਂ ਬਾਅਦ ਵੀ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ 12 ਫਰਵਰੀ ਨੂੰ ਸੰਗਰੂਰ ਵਿਚ ਮੁੱਖ ਮੰਤਰੀ **ਭਗਵੰਤ ਮਾਨ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।**

ਲੁਧਿਆਣਾ ਡਿਪੂ ਵਿਚ ਕੀਤੀ ਗਈ ਗੇਟ ਰੈਲੀ ਦੌਰਾਨ ਯੂਨੀਅਨ ਦੇ ਜਨਰਲ ਸਕੱਤਰ ਪ੍ਰਵੀਨ ਕੁਮਾਰ ਨੇ ਕਿਹਾ ਕਿ ਮੁਲਾਜ਼ਮ ਪਿਛਲੇ ਕਈ ਸਾਲਾਂ ਤੋਂ ਕੱਚੇ ਕਾਮਿਆਂ ਨੂੰ ਪੱਕਾ ਕਰਨ ਦੀ ਮੰਗ ਕਰ ਰਹੇ ਹਨ। ਇਸ ਤੋਂ ਇਲਾਵਾ ਉਹ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਰਾਹੀਂ ਚਲਾਈ ਜਾਣ ਵਾਲੀ 'ਕਿਲੋਮੀਟਰ ਸਕੀਮ' ਦਾ ਵੀ ਸਖ਼ਤ ਵਿਰੋਧ ਕਰ ਰਹੇ ਹਨ। ਯੂਨੀਅਨ ਨੇ ਆਮ ਲੋਕਾਂ ਨੂੰ ਅਗਾਊਂ ਸੂਚਿਤ ਕੀਤਾ ਹੈ ਤਾਂ ਜੋ ਹੜਤਾਲ ਕਾਰਨ ਹੋਣ ਵਾਲੀ ਖੱਜਲ-ਖੁਆਰੀ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਟਾਲ-ਮਟੋਲ ਵਾਲੀਆਂ ਨੀਤੀਆਂ ਕਾਰਨ ਹੁਣ ਉਹ ਆਰ-ਪਾਰ ਦੀ ਲੜਾਈ ਲੜਨ ਲਈ ਮਜਬੂਰ ਹਨ।

# ਮੁੰਡੇ ਨੇ ਕਾਲਜ 'ਚ ਨਾਲ ਪੜ੍ਹਦੀ ਵਿਦਿਆਰਥਣ ਨੂੰ ਮਾਰੀ ਗੋਲੀ; ਖੁਦ ਨੂੰ ਵੀ ਉਸੇ ਪਿਸਤੌਲ ਨਾਲ ਆਪਣੇ ਸਿਰ 'ਤੇ ਗੋਲੀ ਮਾਰੀ; ਹਾਲਤ ਗੰਭੀਰ

**ਤਰਨਤਾਰਨ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਉਸਮਾ ਸਥਿਤ ਇੱਕ ਕਾਲਜ ਵਿੱਚ ਉਸ ਵੇਲੇ ਦਹਿਸ਼ਤ ਦਾ ਮਾਹੌਲ ਬਣ ਗਿਆ, ਜਦੋਂ ਇੱਕ ਨੌਜਵਾਨ ਨੇ ਆਪਣੀ ਸਹਿਪਾਠੀ ਵਿਦਿਆਰਥਣ ਨੂੰ ਗੋਲੀ ਮਾਰਨ ਤੋਂ ਬਾਅਦ ਖ਼ੁਦ ਨੂੰ ਵੀ ਗੋਲੀ ਮਾਰ ਲਈ। ਮ੍ਰਿਤਕ ਵਿਦਿਆਰਥਣ ਦੀ ਪਛਾਣ ਸੰਦੀਪ ਕੌਰ (ਵਾਸੀ ਪਿੰਡ ਨੌਸ਼ਹਿਰਾ ਪੰਨੂਆਂ) ਅਤੇ ਨੌਜਵਾਨ ਦੀ ਪਛਾਣ ਪ੍ਰਿੰਸਰਾਜ ਸਿੰਘ (ਵਾਸੀ ਪਿੰਡ ਮੱਲ੍ਹੀਆਂ) ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਇਸ ਲੜਕੇ ਨੇ ਪਹਿਲਾਂ ਲੜਕੀ ਦੇ ਸਿਰ ਵਿਚ ਗੋਲੀ ਮਾਰੀ ਤੇ ਮੁੜ ਆਪਣੇ ਵੀ ਸਿਰ ਵਿਚ ਗੋਲੀ ਮਾਰੀ। ਉਹ ਇਸ ਵੇਲੇ ਹਸਪਤਾਲ ਵਿਚ ਜ਼ੇਰੇ ਇਲਾਜ ਹੈ ਤੇ ਉਸ ਦੀ ਹਾਲਤ ਗੰਭੀਰ ਬਣੀ ਹੋਈ ਹੈ।

ਮ੍ਰਿਤਕ ਵਿਦਿਆਰਥਣ ਦੀ ਪਛਾਣ ਸੰਦੀਪ ਕੌਰ ਅਤੇ ਨੌਜਵਾਨ ਦੀ ਪਛਾਣ ਪ੍ਰਿੰਸਰਾਜ ਸਿੰਘ ਵਜੋਂ ਹੋਈ ਹੈ।

ਘਟਨਾ ਦੀ ਵੀਡੀਓ ਸੋਸ਼ਲ ਮੀਡੀਆ ਉੱਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਜਾਣਕਾਰੀ ਅਨੁਸਾਰ, ਪ੍ਰਿੰਸਰਾਜ ਸਿੰਘ ਅਤੇ ਸੰਦੀਪ ਕੌਰ ਦੋਵੇਂ ਕਾਲਜ ਵਿੱਚ ਕਾਨੂੰਨ (Law) ਦੀ ਪੜ੍ਹਾਈ ਕਰ ਰਹੇ ਸਨ। ਪ੍ਰਿੰਸਰਾਜ ਅਚਾਨਕ ਕਾਲਜ ਕੈਂਪਸ ਵਿੱਚ ਦਾਖ਼ਲ ਹੋਇਆ ਅਤੇ ਆਪਣੇ ਨਾਲ ਲਿਆਂਦੀ ਪਿਸਤੌਲ ਨਾਲ ਸੰਦੀਪ ਕੌਰ ਨੂੰ ਗੋਲੀ ਮਾਰ ਦਿੱਤੀ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਵਾਰਦਾਤ ਨੂੰ ਅੰਜਾਮ ਦੇਣ ਤੋਂ ਤੁਰੰਤ ਬਾਅਦ ਨੌਜਵਾਨ ਨੇ ਉਸੇ ਹਥਿਆਰ ਨਾਲ ਖ਼ੁਦ ਨੂੰ ਵੀ ਗੋਲੀ ਮਾਰ ਲਈ। ਇਸ ਖ਼ੂਨੀ ਘਟਨਾ ਤੋਂ ਬਾਅਦ ਕਾਲਜ ਵਿੱਚ ਹੜਕੰਪ ਮੱਚ ਗਿਆ ਅਤੇ ਪ੍ਰਸ਼ਾਸਨ ਨੇ ਤੁਰੰਤ ਪੁਲੀਸ ਨੂੰ ਸੂਚਿਤ ਕੀਤਾ। ਐੱਸ.ਐੱਸ.ਪੀ. ਤਰਨਤਾਰਨ ਸੁਰਿੰਦਰ ਲਾਂਬਾ ਨੇ ਦੱਸਿਆ ਕਿ ਪੁਲੀਸ ਨੇ ਮੌਕੇ ਤੋਂ ਵਾਰਦਾਤ ਵਿੱਚ ਵਰਤਿਆ ਪਿਸਤੌਲ ਬਰਾਮਦ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਹਰ ਪਹਿਲੂ ਤੋਂ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਕਿ ਨੌਜਵਾਨ ਕੋਲ ਹਥਿਆਰ ਕਿੱਥੋਂ ਆਇਆ ਅਤੇ ਉਹ ਸੁਰੱਖਿਆ ਦੇ ਬਾਵਜੂਦ ਹਥਿਆਰ ਸਮੇਤ ਕਾਲਜ ਦੇ ਅੰਦਰ ਕਿਵੇਂ ਪਹੁੰਚਿਆ। ਘਟਨਾ ਤੋਂ ਬਾਅਦ ਕਾਲਜ ਕੈਂਪਸ ਨੂੰ ਖਾਲੀ ਕਰਵਾਇਆ ਗਿਆ ਹੈ ਅਤੇ ਸੁਰੱਖਿਆ ਵਜੋਂ ਭਾਰੀ ਪੁਲੀਸ ਬਲ ਤਾਇਨਾਤ ਕੀਤਾ ਗਿਆ ਹੈ। ਫੋਰੈਂਸਿਕ ਮਾਹਰਾਂ ਦੀ ਟੀਮ ਨੇ ਮੌਕੇ 'ਤੋਂ ਸਬੂਤ ਇਕੱਠੇ ਕੀਤੇ ਹਨ। ਇਸ ਘਟਨਾ ਨੇ ਜਿੱਥੇ ਵਿਦਿਆਰਥੀਆਂ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ ਹੈ, ਉੱਥੇ ਹੀ ਕਾਲਜਾਂ ਦੀ ਸੁਰੱਖਿਆ 'ਤੇ ਵੀ ਵੱਡੇ ਸਵਾਲ ਖੜ੍ਹੇ ਕਰ ਦਿੱਤੇ ਹਨ।

# ਸਿੱਖ ਪ੍ਰੀਖਿਆਰਥੀਆਂ ਦੇ ਕੜੇ ਲਹਾਉਣ ਦਾ ਵਿਰੋਧ; ਸ਼੍ਰੋਮਣੀ ਕਮੇਟੀ ਵੱਲੋਂ ਮਾਮਲੇ 'ਚ ਜਾਂਚ ਦੇ ਨਿਰਦੇਸ਼

**ਅੰਮ੍ਰਿਤਸਰ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਅਧਿਆਪਕ ਯੋਗਤਾ ਪ੍ਰੀਖਿਆ ਵਿਚ ਸਿੱਖ ਪ੍ਰੀਖਿਆਰਥੀਆਂ ਦੇ ਕੜੇ ਲਹਾਏ ਜਾਣ ਦਾ ਵਿਰੋਧ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਦੀ ਜਾਂਚ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਆਖਿਆ ਕਿ ਇਹ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਹੈ, ਜਿਸ ਨੂੰ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਬੀਤੇ ਦਿਨ ਅਧਿਆਪਕ ਯੋਗਤਾ ਪ੍ਰੀਖਿਆ ਲਈ ਬਠਿੰਡਾ ਦੇ ਪਿੰਡ ਭੋਖੜਾ ਵਿਖੇ ਦਿੱਲੀ ਪਬਲਿਕ ਸਕੂਲ 'ਚ ਬਣੇ ਪ੍ਰੀਖਿਆ ਕੇਂਦਰ ਵਿਚ ਸਿੱਖ ਪ੍ਰੀਖਿਆਰਥੀਆਂ ਦੇ ਕੜੇ ਲਹਾਏ ਜਾਣ ਦਾ ਮਾਮਲਾ ਸਾਹਮਣੇ ਆਇਆ ਸੀ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਬਹੁਗਿਣਤੀ ਸਿੱਖ ਵਸੋਂ ਵਾਲਾ ਖਿੱਤਾ ਹੈ, ਜਿਥੇ ਹਰ ਇਕ ਨੂੰ ਇਹ ਪਤਾ ਹੈ ਕਿ ਕੜਾ ਸਿੱਖਾਂ ਦਾ ਅਨਿੱਖੜਵਾਂ ਅੰਗ ਹਨ, ਪਰ ਇਸ ਦੇ ਬਾਵਜੂਦ ਵੀ ਸਿੱਖ ਪ੍ਰੀਖਿਆਰਥੀਆਂ ਦੇ ਕੜੇ ਲਹਾਉਣ ਦੀ ਹਰਕਤ ਮੰਦਭਾਗੀ ਹੈ। ਉਨ੍ਹਾਂ ਆਖਿਆ ਕਿ ਗੁਰੂਆਂ ਦੀ ਧਰਤੀ ਪੰਜਾਬ ਵਿਚ ਅਜਿਹੀਆਂ ਹਰਕਤਾਂ ਕਿਸ ਦੀ ਸਾਜ਼ਿਸ਼ ਹੈ, ਇਹ ਜਾਂਚ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਜੇ ਸਰਕਾਰ ਇਸ ਨੂੰ ਪ੍ਰਵਾਨਗੀ ਦੇ ਰਹੀ ਹੈ ਤਾਂ ਇਸ ਤੋਂ ਦੁਖਦਾਈ ਹੋਰ ਕੀ ਹੋ ਸਕਦਾ ਹੈ। ਧਾਮੀ ਨੇ ਕਿਹਾ ਕਿ ਇਸ ਸੰਜੀਦਾ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਕਾਰਵਾਈ ਵਾਸਤੇ ਲਿਖਿਆ ਜਾਵੇਗਾ। ਫਿਲਹਾਲ ਇਸ ਦੀ ਪੜਤਾਲ ਕਰਵਾਈ ਜਾ ਰਹੀ ਹੈ। ਜਾਂਚ ਪੜਤਾਲ ਦੀ ਇਸ ਕਾਰਵਾਈ ਲਈ ਗੁਰਦੁਆਰਾ ਸ੍ਰੀ ਹਾਜੀਰਤਨ ਸਾਹਿਬ ਬਠਿੰਡਾ ਦੇ ਮੈਨੇਜਰ ਦਰਸ਼ਨ ਸਿੰਘ, ਸਬ-ਆਫ਼ਿਸ ਤਲਵੰਡੀ ਸਾਬੋ ਦੇ ਇੰਚਾਰਜ ਭੋਲਾ ਸਿੰਘ ਅਤੇ ਪ੍ਰਚਾਰਕ ਸਿੰਘਾਂ ਦੀ ਡਿਊਟੀ ਲਗਾਈ ਗਈ ਹੈ। ਇਸ ਕਮੇਟੀ ਦੀ ਜਾਂਚ ਰਿਪੋਰਟ ਅਨੁਸਾਰ ਬਣਦੀ ਕਰਵਾਈ ਹੋਵੇਗੀ।



ਐਡਵੋਕੇਟ ਧਾਮੀ ਨੇ ਪੰਜਾਬ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਅਜਿਹੀਆਂ ਹਰਕਤਾਂ ਦਾ ਮੌਕੇ 'ਤੇ ਹੀ ਵਿਰੋਧ ਦਰਜ ਕਰਵਾਇਆ ਜਾਵੇ। ਕਿਸੇ ਵੀ ਸਿੱਖ ਵਿਰੋਧੀ ਕਾਰਵਾਈ ਨੂੰ ਚੁਣੌਤੀ ਦਿੱਤੀ ਜਾਵੇ ਅਤੇ ਮੌਕੇ 'ਤੇ ਮੌਜੂਦ ਸਿੱਖ ਜਥੇਬੰਦੀ ਵਿਚ ਆਪਣੀ ਗੱਲ ਰੱਖ ਕੇ ਕੌਮੀ ਤਰਜਮਾਨੀ ਕਰਨਾ ਹਰ ਸਿੱਖ ਦਾ ਫ਼ਰਜ਼ ਹੈ ਅਤੇ ਜੇਕਰ ਅਜਿਹੀਆਂ ਹਰਕਤਾਂ ਨੂੰ ਮੂਕ ਪ੍ਰਵਾਨਗੀ ਮਿਲਦੀ ਰਹੀ ਤਾਂ ਸਿੱਖ ਵਿਰੋਧੀ ਤਾਕਤਾਂ ਦੇ ਹੌਸਲੇ ਹੋਰ ਵਧਣਗੇ।

# ਵਿਧਾਇਕ ਕੋਹਲੀ ਦੀ ਮੌਜੂਦਗੀ 'ਚ ਪਟਿਆਲਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਦਾ ਆਗਾਜ਼

**ਪਟਿਆਲਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ ਧਾਰਮਿਕ ਭਾਵਨਾਵਾਂ ਨਾਲ ਜੁੜੀ ਮਹੱਤਵਪੂਰਨ ਯੋਜਨਾ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੱਜ ਪਟਿਆਲਾ ਤੋਂ ਤੀਰਥ ਯਾਤਰੀਆਂ ਦੇ ਜੱਥੇ ਨੂੰ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਹਰੀ ਝੰਡੀ ਦੇ ਕੇ ਯਾਤਰਾ ਦੀ ਸ਼ੁਰੂਆਤ ਕਰਵਾਈ। ਓਹਨਾ ਦਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ , ਦੁਰਗਿਆਣਾ ਮੰਦਿਰ ਆਦਿ ਦੇ ਦਰਸ਼ਨ ਕਰਨਗੇ।

ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂ, ਸਥਾਨਕ ਨਿਵਾਸੀ, ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਰਹੇ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਤੀਰਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਆਪਣੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਖਾਸ ਕਰਕੇ ਉਹ ਲੋਕ ਜੋ ਆਰਥਿਕ ਕਾਰਨਾਂ ਕਰਕੇ ਯਾਤਰਾ ਕਰਨ ਤੋਂ ਵਾਂਝੇ ਰਹਿ ਜਾਂਦੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ-ਕਲਿਆਣਕ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰ ਰਹੀ ਹੈ ਅਤੇ ਤੀਰਥ ਯਾਤਰਾ ਸਕੀਮ ਇਸ ਦੀ ਇੱਕ ਸ਼ਾਨਦਾਰ ਮਿਸਾਲ ਹੈ। ਇਸ ਯੋਜਨਾ ਤਹਿਤ ਯਾਤਰੀਆਂ ਨੂੰ ਆਉਣ-ਜਾਣ, ਰਹਿਣ ਅਤੇ ਭੋਜਨ ਦੀ ਪੂਰੀ ਸੁਵਿਧਾ ਮੁਫ਼ਤ ਪ੍ਰਦਾਨ ਕੀਤੀ ਜਾਂਦੀ ਹੈ। ਵਿਧਾਇਕ ਕੋਹਲੀ ਨੇ ਕਿਹਾ ਕਿ ਇਹ ਯਾਤਰਾ ਸਿਰਫ਼ ਧਾਰਮਿਕ ਨਹੀਂ, ਸਗੋਂ ਸਮਾਜਿਕ ਸਾਂਝ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਵੀ ਇੱਕ ਮਾਧਿਅਮ ਹੈ।



## ਸੰਪਾਦਕੀ

# ਬਿਜਲੀ ਕਾਨੂੰਨ, ਕੌਮੀ ਬਿਜਲੀ ਨੀਤੀ ਤੇ ਬਿਜਲੀ ਦਰਾਂ

ਭਾਰਤ ਸਰਕਾਰ ਨੇ ਤਕਰੀਬਨ 22 ਸਾਲਾਂ ਬਾਅਦ ਦੇਸ਼ ਦੀ ਕੌਮੀ ਬਿਜਲੀ ਨੀਤੀ 2026 ਦਾ ਖਰੜਾ ਸੂਬਿਆਂ ਅਤੇ ਬਾਕੀ ਸਬੰਧਿਤ ਧਿਰਾਂ ਤੋਂ ਇਸ ਸਬੰਧੀ ਟਿੱਪਣੀਆਂ ਅਤੇ ਸੁਝਾਅ ਲੈਣ ਲਈ 20 ਜਨਵਰੀ 2026 ਨੂੰ ਜਾਰੀ ਕੀਤਾ ਹੈ। ਇਸ ਸਬੰਧੀ ਤੀਹ ਦਿਨਾਂ ਦੇ ਅੰਦਰ-ਅੰਦਰ ਉਨ੍ਹਾਂ ਆਪਣੇ ਸੁਝਾਅ ਦਰਜ ਕਰਵਾਉਣੇ ਹਨ। ਇਸ ਤੋਂ ਪਹਿਲਾਂ ਬਿਜਲੀ ਕਾਨੂੰਨ 2003 ਲਾਗੂ ਹੋਣ ਤੋਂ ਬਾਅਦ 12 ਫਰਵਰੀ 2005 ਨੂੰ 'ਕੌਮੀ ਬਿਜਲੀ ਨੀਤੀ 2005' ਨੋਟੀਫਾਈ ਕੀਤੀ ਗਈ ਸੀ। ਬਿਜਲੀ ਕਾਨੂੰਨ 2003 ਮੁੱਢ ਤੋਂ ਹੀ ਖਪਤਕਾਰਾਂ ਲਈ ਵਾਜਬ ਅਤੇ ਲਾਗਤ ਅਨੁਸਾਰ ਬਿਜਲੀ ਦੀਆਂ ਦਰਾਂ (ਤੈਅ ਕਰਨ ਲਈ ਸੂਬਾਈ ਸਰਕਾਰਾਂ, ਬਿਜਲੀ ਕੰਪਨੀਆਂ ਅਤੇ ਰੈਗੂਲੇਟਰਜ਼ ਨੂੰ ਵਚਨਬੱਧ ਕਰਦਾ ਹੈ, ਪਰ ਹੁਣ ਬਿਜਲੀ ਸੋਧ ਬਿੱਲ 2025 ਅਤੇ ਕੌਮੀ ਬਿਜਲੀ ਨੀਤੀ 2026 ਰਾਹੀਂ ਇਸ ਦਿਸ਼ਾ ਵੱਲ ਹੋਰ ਦ੍ਰਿੜਤਾ ਨਾਲ ਕਦਮ ਉਠਾਏ ਜਾਣਗੇ। ਇਸ ਗੱਲ ਤੋਂ ਕੋਈ ਵੀ ਮੁਨਕਰ ਨਹੀਂ ਹੋ ਸਕਦਾ ਕਿ ਬਿਜਲੀ ਕੰਪਨੀਆਂ ਨੂੰ ਖਪਤਕਾਰਾਂ ਤੱਕ ਬਿਜਲੀ ਪਹੁੰਚਾਉਣ ਲਈ ਹੋ ਰਹੇ ਖਰਚਿਆਂ ਦੀ ਪੂਰਤੀ ਹੋਣ ਦੇ ਨਾਲ ਨਾਲ ਵਾਜਬ ਦਰਾਂ 'ਤੇ ਬਿਜਲੀ ਮਿਲਣੀ ਚਾਹੀਦੀ ਹੈ। ਸੂਬਾਈ ਸਰਕਾਰਾਂ ਵੱਲੋਂ ਵਾਅਦੇ ਅਨੁਸਾਰ ਸਮੇਂ ਸਿਰ ਸਬਸਿਡੀ ਅਤੇ ਬਿਜਲੀ ਲਾਗਤ ਕੀਮਤ ਨਾ ਮਿਲਣ ਕਰ ਕੇ ਬਿਜਲੀ ਵੰਡ ਕੰਪਨੀਆਂ 6.9 ਲੱਖ ਕਰੋੜ ਦੇ ਘਾਟੇ ਅਤੇ 7.18 ਲੱਖ ਕਰੋੜ ਦੇ ਕਰਜ਼ੇ ਥੱਲੇ ਹਨ। ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਸਿਰ ਵੀ ਤਕਰੀਬਨ 12,000 ਕਰੋੜ ਦਾ ਕਰਜ਼ਾ ਹੈ। ਹੁਣ ਸਵਾਲ ਇਹ ਹੈ ਕਿ ਉਪਰੋਕਤ ਕਾਨੂੰਨ, ਦੇਸ਼ ਦੀ ਟੈਰਿਫ ਨੀਤੀ ਅਤੇ ਆ ਰਹੀ ਬਿਜਲੀ ਨੀਤੀ ਦੇ ਮੱਦੇਨਜ਼ਰ ਕੀ ਪੰਜਾਬ ਵਿੱਚ ਬਿਜਲੀ ਦੀਆਂ ਦਰਾਂ ਇਨ੍ਹਾਂ ਜ਼ਾਬਤਿਆਂ ਦੀ ਭਾਵਨਾ 'ਤੇ ਖ਼ਰੀਆਂ ਉਤਰਦੀਆਂ ਹਨ? ਅਖ਼ਬਾਰ ਵਿੱਚ ਖ਼ਬਰ ਛਪੀ ਕਿ 'ਚੁਣਾਵੀ ਸਾਲ 'ਚ ਬਿਜਲੀ ਦਰਾਂ ਘਟਣ ਦੇ ਆਸਾਰ'। ਪੰਜਾਬ ਵਿੱਚ ਬਿਜਲੀ ਦੇ ਸਿਰ 'ਤੇ ਚੋਣ ਦੰਗਲ ਜਿੱਤਣ ਦੀ ਰਵਾਇਤ ਪਿਛਲੇ ਤਕਰੀਬਨ ਤੀਹ ਸਾਲਾਂ (1997 ਵਿੱਚ ਖੇਤੀ ਲਈ ਬਿਜਲੀ ਮੁਆਫ਼ ਕੀਤੀ ਗਈ) ਤੋਂ ਚੱਲ ਰਹੀ ਹੈ। ਵਿੱਤੀ ਸਾਲ 2017 ਅਤੇ 2022 (ਜੋ ਚੋਣ ਵਰ੍ਹੇ ਸਨ) ਵਿੱਚ ਤਾਂ ਬਿਜਲੀ ਦਰਾਂ ਵਧਾਉਣ ਦੀ ਬਜਾਏ 0.65 ਅਤੇ 0.89 ਫ਼ੀਸਦੀ ਘਟਾਈਆਂ ਗਈਆਂ। ਪੰਜਾਬ ਰਾਜ ਬਿਜਲੀ ਰੈਗੂਲੇਟਰ ਨੇ ਬਿਜਲੀ ਨਿਗਮ ਵੱਲੋਂ ਦਾਇਰ ਕੀਤੀ ਟੈਰਿਫ ਪਟੀਸ਼ਨ ਵਿੱਚ ਮੰਗੀ ਗਈ ਕੀਮਤ ਦੇ ਨੇੜੇ-ਤੇੜੇ ਕਦੇ ਵੀ ਬਿਜਲੀ ਦਰਾਂ ਤੈਅ ਨਹੀਂ ਕੀਤੀਆਂ। ਇਸ ਦੇ ਨਤੀਜੇ ਵਜੋਂ ਪੰਜਾਬ ਰਾਜ ਬਿਜਲੀ ਨਿਗਮ (ਜੋ ਵਿੱਤੀ ਸਾਲ 2021 ਵਿੱਚ 1669 ਕਰੋੜ ਦੇ ਮੁਨਾਫ਼ੇ ਵਿੱਚ ਸੀ) ਵਿੱਤੀ ਸਾਲ 2023 ਵਿੱਚ 4072 ਕਰੋੜ ਦੇ ਘਾਟੇ 'ਚ ਚਲਾ ਗਿਆ। ਬਿਜਲੀ ਨਿਗਮ ਨੇ 2023-24 ਦੀ ਟੈਰਿਫ ਪਟੀਸ਼ਨ ਦਾਇਰ ਕਰਨ ਵੇਲੇ ਵਿੱਤੀ ਸਾਲ 2024 ਤੱਕ ਦਾ ਕੁੱਲ ਘਾਟਾ 7619 ਕਰੋੜ ਰੁਪਏ ਦੱਸਿਆ ਸੀ, ਜਿਸ ਨੂੰ ਰੈਗੂਲੇਟਰ ਨੇ ਘਟਾ ਕੇ 3980 ਕਰੋੜ ਰੁਪਏ ਕਰ ਦਿੱਤਾ। ਵਿੱਤੀ ਸਾਲ 2024 ਦੌਰਾਨ ਨਿਗਮ ਨੇ 1,018 ਕਰੋੜ ਰੁਪਏ ਦਾ ਘਾਟਾ ਕਲੇਮ ਕੀਤਾ ਸੀ, ਪਰ ਰੈਗੂਲੇਟਰ ਨੇ ਉਲਟਾ 212 ਕਰੋੜ ਰੁਪਏ ਦਾ ਮੁਨਾਫ਼ਾ ਮੰਨ ਕੇ ਬਿਜਲੀ ਦਰਾਂ ਤੈਅ ਕੀਤੀਆਂ। ਇਸੇ ਤਰ੍ਹਾਂ ਮਾਲੀ ਸਾਲ 2025-26 ਦੀ ਟੈਰਿਫ ਪਟੀਸ਼ਨ ਵਿੱਚ ਬਿਜਲੀ ਨਿਗਮ ਨੇ 2,528 ਕਰੋੜ ਦਾ ਲਾਭ ਕਲੇਮ ਕੀਤਾ ਸੀ, ਜਿਸ ਨੂੰ ਰੈਗੂਲੇਟਰ ਨੇ ਵਧਾ ਕੇ 4284 ਕਰੋੜ ਰੁਪਏ ਕਰ ਦਿੱਤਾ ਹੈ। ਕੁੱਲ ਮਿਲਾ ਕੇ ਬਿਜਲੀ ਨਿਗਮ ਨੇ 2025-26 ਦੀ ਪਟੀਸ਼ਨ ਵਿੱਚ ਪਿਛਲੇ ਕੁੱਲ ਸਾਲਾਂ ਦਾ ਘਾਟਾ 5090 ਕਰੋੜ ਰੁਪਏ ਕਲੇਮ ਕੀਤਾ ਸੀ, ਪਰ ਰੈਗੂਲੇਟਰ ਨੇ ਉਲਟਾ 312 ਕਰੋੜ ਰੁਪਏ ਦਾ ਮੁਨਾਫ਼ਾ ਮੰਨ ਕੇ ਬਿਜਲੀ ਦਰਾਂ ਵਿੱਚ ਕੋਈ ਵਾਧਾ ਨਹੀਂ ਕੀਤਾ ਸੀ। ਇਹ ਜਾਂਚ ਦਾ ਵਿਸ਼ਾ ਹੈ ਕਿ ਬਿਜਲੀ ਨਿਗਮ ਵੱਲੋਂ ਮੰਗੀਆਂ ਕੀਮਤਾਂ ਤੇ ਰੈਗੂਲੇਟਰ ਵੱਲੋਂ ਮੰਨੀਆਂ ਰਕਮਾਂ ਵਿੱਚ ਇੰਨਾ ਅੰਤਰ ਕਿਉਂ ਹੈ ? ਇਹ ਹੈਰਾਨ ਕਰਨ ਵਾਲੀ ਗੱਲ ਹੈ ਕਿ 2020-21 ਤੋਂ ਲੈ ਕੇ 2025-26 ਤੱਕ ਬਿਜਲੀ ਦਰਾਂ ਵਿੱਚ ਤਕਰੀਬਨ ਨਾ ਬਰਾਬਰ ਵਾਧਾ ਹੋਇਆ ਅਤੇ ਹੁਣ ਫਿਰ ਵਿੱਤੀ ਸਾਲ 2026-27 ਲਈ ਬਿਜਲੀ ਦਰਾਂ ਘਟਣ ਦੀ ਖ਼ਬਰ ਨਸ਼ਰ ਹੋਈ ਹੈ। ਨਵੀਂ ਆਉਣ ਵਾਲੀ ਬਿਜਲੀ ਨੀਤੀ 2026 ਮੁਤਾਬਿਕ ਜੇਕਰ ਬਿਜਲੀ ਨਿਗਮ ਸਮੇਂ ਸਿਰ ਬਿਜਲੀ ਦਰਾਂ ਤੈਅ ਕਰਨ ਲਈ ਪਟੀਸ਼ਨ ਦਾਖ਼ਲ ਨਹੀਂ ਕਰਦੇ ਤਾਂ ਰੈਗੂਲੇਟਰ ਬਿਜਲੀ ਦਰਾਂ ਨੂੰ ਕਿਸੇ ਯੋਗ ਸੂਚਕ ਅੰਕ, ਜਿਵੇਂ ਕਿ ਥੋਕ ਮਹਿੰਗਾਈ ਸੂਚਕ ਅੰਕ, ਨਾਲ ਜੋੜ ਕੇ ਆਪਣੇ ਆਪ ਬਿਜਲੀ ਦਰਾਂ ਤੈਅ ਕਰ ਸਕਦਾ ਹੈ। ਸਾਲ 2020-21 ਤੋਂ ਲੈ ਕੇ ਮਾਲੀ ਸਾਲ 2024-25 ਤੱਕ ਥੋਕ ਮਹਿੰਗਾਈ ਸੂਚਕ ਅੰਕ ਦੂਹਰੇ ਹਿੰਦਸੇ ਵਾਲਾ ਹੀ ਰਿਹਾ ਹੈ। ਬਿਜਲੀ ਦੀਆਂ ਉਤਪਾਦਨ ਕੀਮਤਾਂ ਉੱਪਰ ਥੋਕ ਮਹਿੰਗਾਈ ਦਾ ਸਿੱਧਾ ਅਸਰ ਪੈਂਦਾ ਹੈ ਕਿਉਂਕਿ ਇਹ ਮਹਿੰਗਾਈ ਬਿਜਲੀ ਵਿੱਚ ਵਰਤੇ ਜਾਣ ਵਾਲੇ ਬਾਲਣ ਅਤੇ ਹੋਰ ਸਾਜ਼ੋ-ਸਮਾਨ ਨੂੰ ਸਿੱਧਾ ਪ੍ਰਭਾਵਿਤ ਕਰਦੀ ਹੈ। ਕੇਂਦਰੀ ਬਿਜਲੀ ਰੈਗੂਲੇਟਰ (ਸੀ ਈ ਆਰ ਸੀ) ਹਰ ਛੇ ਮਹੀਨੇ ਬਾਅਦ ਵਧਦੀਆਂ ਕੀਮਤਾਂ ਦੇ ਮੱਦੇਨਜ਼ਰ ਬਿਜਲੀ ਦਰਾਂ ਨੂੰ ਵਧਾਉਣ/ਘਟਾਉਣ ਲਈ ਨੋਟੀਫਿਕੇਸ਼ਨ ਜਾਰੀ ਕਰਦਾ ਹੈ। ਬਿਜਲੀ ਸਮਝੌਤਿਆਂ ਦੀਆਂ ਸਥਿਰ ਕੀਮਤਾਂ ਦਾ ਇੱਕ ਹਿੱਸਾ ਅਤੇ ਅਸਥਿਰ ਕੀਮਤਾਂ ਮਹਿੰਗਾਈ ਸੂਚਕ ਅੰਕ ਅਨੁਸਾਰ ਵੀ ਬਦਲਦੀਆਂ ਹਨ। ਪੰਜਾਬ ਰਾਜ ਬਿਜਲੀ ਨਿਗਮ ਦੀਆਂ ਅਸਲ ਮਾਲੀਆ ਲੋੜਾਂ ਵਿੱਚ ਵੀ ਇਹ ਸਾਬਿਤ ਹੋ ਚੁੱਕਿਆ ਹੈ ਕਿ ਬਿਜਲੀ ਦਰਾਂ ਵਿੱਚ ਵਾਧਾ ਹੋਣਾ ਚਾਹੀਦਾ ਸੀ। ਬਿਜਲੀ ਦੀ ਪ੍ਰਤੀ ਯੂਨਿਟ ਦੀ ਕੁੱਲ ਲਾਗਤ ਕੀਮਤ ਵਿੱਚ ਮੁੱਖ ਹਿੱਸਾ, ਤਕਰੀਬਨ 80 ਫ਼ੀਸਦੀ, ਬਿਜਲੀ ਉਤਪਾਦਨ/ਖਰੀਦ ਕੀਮਤ ਦਾ ਹੁੰਦਾ ਹੈ। ਵਿੱਤੀ ਸਾਲ 2020-21 ਤੋਂ 2023-24 ਤੱਕ ਬਿਜਲੀ ਖਰੀਦ ਕੀਮਤ 4.21 ਰੁਪਏ ਤੋਂ 4.95 ਰੁਪਏ ਤੱਕ ਪ੍ਰਤੀ ਯੂਨਿਟ ਹੋ ਗਈ। ਇਸ ਤਰ੍ਹਾਂ ਇਨ੍ਹਾਂ ਚਾਰ ਸਾਲਾਂ ਵਿੱਚ ਬਿਜਲੀ ਦੀ ਪ੍ਰਤੀ ਯੂਨਿਟ ਕੀਮਤ ਵਿੱਚ ਸਾਲਾਨਾ ਮਿਸ਼ਰਤ ਵਾਧਾ (ਸੀ ਏ ਜੀ ਆਰ) 4.13 ਫ਼ੀਸਦੀ ਤਾਂ ਹੋਣਾ ਹੀ ਚਾਹੀਦਾ ਸੀ, ਪਰ ਵਿੱਤੀ ਸਾਲ 2021, 2022, 2023 ਅਤੇ 2024 ਵਿੱਚ ਵਾਧਾ ਕ੍ਰਮਵਾਰ 0.71, -0.89, 0.00 ਅਤੇ 8.64 ਫ਼ੀਸਦੀ ਕੀਤਾ ਗਿਆ। ਪਹਿਲੇ ਤਿੰਨ ਸਾਲ ਘੱਟ ਕਿਉਂ ਤੇ ਫਿਰ ਇਕਦਮ ਵੱਧ ਕਿਉਂ ? ਬਿਜਲੀ ਕਾਨੂੰਨ ਵਿੱਚ ਇਹ ਵੀ ਦਰਜ ਹੈ ਕਿ ਖਪਤਕਾਰਾਂ ਦੇ ਹਿੱਤਾਂ ਦੀ ਰੱਖਿਆ ਕਰਨ ਦੇ ਨਾਲੋ-ਨਾਲ ਵਾਜਬ ਢੰਗ ਨਾਲ ਬਿਜਲੀ ਦੀ ਲਾਗਤ ਕੀਮਤ ਅਨੁਸਾਰ ਦਰਾਂ ਤੈਅ ਹੋਣ। ਕੌਮੀ ਬਿਜਲੀ ਨੀਤੀ ਵੀ ਕਈ ਪੱਖਾਂ ਤੋਂ ਖਪਤਕਾਰ ਦੀ ਸੰਤੁਸ਼ਟੀ ਅਤੇ ਤਸੱਲੀ ਦੀ ਗੱਲ ਕਰਦੀ ਹੈ। ਇਸ ਨੀਤੀ ਵਿੱਚ ਬਿਜਲੀ ਖੇਤਰ ਦੇ ਵਿੱਤੀ ਟਿਕਾਊਪਣ ਅਤੇ ਉਦਯੋਗ ਨੂੰ ਆਰਥਿਕ ਮੁਕਾਬਲੇ ਲਈ ਤਿਆਰ ਕਰਨ ਦੀ ਗੱਲ ਕਰਦੇ ਹੋਏ ਕਿਹਾ ਗਿਆ ਹੈ: ਕਿਉਂਕਿ ਬਿਜਲੀ ਲਾਇਸੈਂਸ ਧਾਰਕਾਂ (ਵੰਡ ਕੰਪਨੀਆਂ) ਨੂੰ ਉਦਯੋਗਾਂ ਅਤੇ ਰੇਲਵੇ ਨੂੰ ਵੀ ਬਿਜਲੀ ਦੇਣੀ ਪੈਂਦੀ ਹੈ ਭਾਵੇਂ ਇਹ ਆਪਣੇ ਤੌਰ 'ਤੇ ਕਿਤੋਂ ਵੀ ਬਿਜਲੀ ਲੈਣ ਦੇ ਸਮਰੱਥ ਹਨ। ਇਸ ਲਈ ਬਿਜਲੀ ਵੰਡ ਕੰਪਨੀਆਂ ਨੂੰ (ਅਜਿਹੇ) ਬਿਜਲੀ ਸਮਝੌਤੇ ਕਰਨੇ ਪੈਂਦੇ ਹਨ ਕਿ ਖਪਤਕਾਰਾਂ ਉੱਪਰ ਬਿਨਾਂ ਬਿਜਲੀ ਵਰਤੇ ਸਥਿਰ ਕੀਮਤਾਂ ਦਾ ਬੋਝ ਪੈਂਦਾ ਹੈ। ਪਰ ਪੰਜਾਬ ਦੇ ਖਪਤਕਾਰਾਂ ਨਾਲ ਤਾਂ ਅਜਿਹਾਂ ਪਿਛਲੇ ਦਸ-ਬਾਰਾਂ ਸਾਲਾਂ ਤੋਂ ਵਾਪਰ ਰਿਹਾ ਹੈ। ਬਿਨਾਂ ਬਿਜਲੀ ਵਰਤੇ ਪੰਜਾਬ ਦੇ ਖਪਤਕਾਰ 2024 ਤੱਕ ਤਕਰੀਬਨ 8,000 ਕਰੋੜ ਰੁਪਏ ਪੰਜਾਬ ਦੇ ਨਿੱਜੀ ਥਰਮਲ ਪਲਾਂਟਾਂ ਨੂੰ ਅਦਾ ਕਰ ਚੁੱਕੇ ਹਨ। ਬਿਜਲੀ ਖਪਤਕਾਰਾਂ ਦੀ ਸੰਤੁਸ਼ਟੀ ਅਤੇ ਹਿੱਤਾਂ ਦੀ ਅਸਲ ਰੂਪ ਵਿੱਚ ਤਾਂ ਹੀ ਰੱਖਿਆ ਕੀਤੀ ਜਾ ਸਕਦੀ ਹੈ ਜੇਕਰ ਬਿਜਲੀ ਕੰਪਨੀਆਂ (ਉਤਪਾਦਕਾਂ ਅਤੇ ਵੰਡ ਕੰਪਨੀਆਂ) ਦੁਆਰਾ ਦੱਸੀਆਂ ਕੀਮਤਾਂ ਭਰੋਸੇਯੋਗ ਹੋਣ। ਪੰਜਾਬ ਦੇ ਪ੍ਰਾਈਵੇਟ ਥਰਮਲ ਪਲਾਂਟਾਂ ਦੇ ਜੋ ਬਿਜਲੀ ਖਰੀਦ ਸਮਝੌਤੇ ਹੋਏ ਹਨ, ਉਹ ਪੰਜਾਬ ਦੇ ਗੁਆਂਢੀ ਰਾਜ ਵਿੱਚ ਉਸੇ ਵੇਲੇ ਉਹੋ ਜਿਹੀ ਤਕਨੀਕ ਅਤੇ ਸਮਰੱਥਾ ਵਾਲੇ ਸਥਾਪਿਤ ਹੋਏ ਥਰਮਲ ਪਲਾਂਟਾਂ ਤੋਂ ਵੱਧ 'ਸਥਿਰ ਸਮਰੱਥਾ ਕੀਮਤ' 'ਤੇ ਹੋਏ ਹਨ। ਹਰਿਆਣੇ ਦੇ ਝੱਜਰ ਸਥਿਤ ਥਰਮਲ ਪਲਾਂਟ ਨਾਲੋਂ ਰਾਜਪੁਰਾ ਅਤੇ ਤਲਵੰਡੀ ਥਰਮਲ ਪਲਾਂਟ ਦੀ ਸਥਿਰ ਕੀਮਤ ਕ੍ਰਮਵਾਰ ਤਕਰੀਬਨ 11 ਪੈਸੇ ਅਤੇ 37 ਪੈਸੇ ਪ੍ਰਤੀ ਯੂਨਿਟ ਵੱਧ ਹੈ, ਜਿਸ ਕਰ ਕੇ ਪੰਜਾਬ ਦੇ ਖਪਤਕਾਰਾਂ ਨੂੰ 25 ਸਾਲਾਂ ਵਿੱਚ ਤਕਰੀਬਨ 12,000 ਕਰੋੜ ਰੁਪਏ ਵਾਧੂ ਅਦਾ ਕਰਨੇ ਪੈਣਗੇ। ਕੀ ਇਨ੍ਹਾਂ ਤੈਅ ਕੀਤੀਆਂ ਕੀਮਤਾਂ ਨੂੰ ਸਹੀ ਮਾਅਨਿਆਂ ਵਿੱਚ ਬਿਜਲੀ ਲਾਗਤ ਕੀਮਤਾਂ ਕਿਹਾ ਜਾ ਸਕਦਾ ਹੈ ? ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਵੱਲੋਂ ਵਿੱਤੀ ਸਾਲ 2025-26 ਲਈ ਜਾਰੀ ਬਿਜਲੀ ਦਰਾਂ ਉਪਰੋਕਤ ਕਥਨ ਦੀ ਸ਼ਾਹਦੀ ਭਰਦੀਆਂ ਹਨ। ਪੰਜਾਬ ਦੀ ਕੁੱਲ ਹਿੰਦ ਥਰਮਲਾਂ ਤੋਂ ਖਰੀਦ ਕੀਮਤ 4.49 ਰੁਪਏ ਪ੍ਰਤੀ ਯੂਨਿਟ ਹੈ ਜਦੋਂਕਿ ਪੰਜਾਬ ਦੇ ਪ੍ਰਾਈਵੇਟ ਥਰਮਲਾਂ ਤੋਂ ਖਰੀਦ 4.92 ਰੁਪਏ ਪ੍ਰਤੀ ਯੂਨਿਟ ਹੈ। ਹੋਰ ਤਾਂ ਹੋਰ ਪੰਜਾਬ ਦੇ ਆਪਣੇ ਸਰਕਾਰੀ ਥਰਮਲ, ਜੋ ਕਿ ਕਾਫ਼ੀ ਪੁਰਾਣੇ ਹਨ, ਦੀ ਖਰੀਦ ਕੀਮਤ ਵੀ ਤਕਰੀਬਨ 4.82 ਰੁਪਏ ਪ੍ਰਤੀ ਯੂਨਿਟ ਬਣਦੀ ਹੈ।

# ਹੋਮ ਗਾਰਡਜ਼ ਜਵਾਨਾਂ ਸਿੱਖੇ ਸੁਰੱਖਿਆ ਗੁਰ



**ਬਟਾਲਾ,7 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਬਟਾਲੀਅਨ ਹੈਡ ਕੁਆਟਰ ਨੰਬਰ 2 ਪੰਜਾਬ ਹੋਮ ਗਾਰਡਜ਼ ਵਿਖੇ ਸੰਜੀਵ ਕਾਲੜਾ ਡਾਇਰੈਕਟਰ ਜਰਨਲ ਆਫ ਪੁਲਿਸ, ਪੰਜਾਬ ਹੋਮ ਗਾਰਡਜ ਅਤੇ ਡਾਇਰੈਕਟਰ ਸਿਵਲ ਡਿਫੈਂਸ ਪੰਜਾਬ ਅਤੇ ਐਡੀਸ਼ਨਲ ਕਮਾਡੈਂਟ ਜਨਰਲ ਹਰਮਨਜੀਤ ਸਿੰਘ, ਡਵੀਜਨਲ ਕਮਾਡੈਂਟ ਅਨਿਲ ਕੁਮਾਰ ਪਰੂਥੀ ਜਲੰਧਰ ਦੇ ਨਿਰਦੇਸ ਅਨੁਸਾਰ ਅਤੇ ਬਟਾਲੀਅਨ ਕਮਾਂਡੈਂਟ ਮਨਪ੍ਰੀਤ ਸਿੰਘ ਰੰਧਾਵਾ ( ਪ੍ਰੈਜ਼ੀਡੈਂਟ ਐਵਾਰਡੀ-2 ਵਾਰ ) ਦੀ ਅਗਵਾਈ ਵਿਚ ਕੈਂਪ ਲਗਾਏ ਗਏ। ਸਟਾਫ ਅਫ਼ਸਰ ਜਤਿੰਦਰ ਸਿੰਘ ਰੰਧਾਵਾ, ਇੰਦਰਜੀਤ ਸਿੰਘ ਮੱਲੀ, ਨਵਜੀਤ ਸਿੰਘ, ਕਰਮਜੀਤ ਸਿੰਘ, ਨਰਿੰਦਰ ਸਿੰਘ ਪੁਲਿਸ ਲਾਈਨ ਤੇ ਪੋਸਟ ਵਾਰਡਨ ਹਰਬਖਸ਼ ਸਿੰਘ ਸਿਵਲ ਡਿਫੈਂਸ ਦੇ ਨਾਲ ਜਵਾਨ ਹਾਜ਼ਰ ਸਨ।

ਇਹਨਾਂ ਦਿਨਾਂ ਦੌਰਾਨ ਪੋਸਟ ਵਾਰਡਨ ਹਰਬਖਸ਼ ਸਿੰਘ ਵਲੋਂ ਜਾਵਨਾਂ ਨੂੰ ਨਾਗਰਿਕ ਸੁਰੱਖਿਆ, ਰਾਸ਼ਟਰੀ ਸਹਾਇਤਾ ਨੰਬਰ 112 ਤੇ 1033, ਸੜਕ ਸੁਰੱਖਿਆ, ਭੁਚਾਲ ਮੌਕੇ ਕੀ ਕਰੀਏ-ਕੀ ਨਾ ਕਰੀਏ, ਸਿਹਤ ਸੰਭਾਲ, ਪ੍ਰਾਇਮਰੀ ਫਾਇਰ ਸੇਫਟੀ, ਕੁਦਰਤੀ ਅਤੇ ਗੈਰ-ਕੁਦਰਤੀ ਆਫਤਾਂ, ਘਰੇਲੂ ਗੈਸ ਸੁਰੱਖਿਆਂ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣਾਂ ਆਪਣੀ ਸੁਰੱਖਿਆ ਕਰਦੇ ਹੋਏ ਰਾਹਤ ਕਾਰਜਾਂ ਵਿੱਚ ਹਿੱਸਾ ਲੈਣਾ ਆਦਿ ਬਾਰੇ ਦੱਸਿਆ ਗਿਆ।

ਆਖਰੀ ਦਿਨ ਅੱਗ ਸੁਰੱਖਿਆ ਤਹਿਤ ਵੱਖ ਵੱਖ ਅੱਗ ਬੁਝਾਊ ਯੰਤਰਾਂ ਬਾਰੇ ਦਸਿਆ ਤੇ ਜਵਾਨਾਂ ਪਾਸੋ ਪ੍ਰਾਇਮਰੀ ਮੌਕ ਡਰਿਲ ਕਰਵਾਈ ਗਈ

# ਪੰਜਾਬ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਨੂੰ ਸੁਵਿਧਾਵਾਂ ਮੁਹੱਈਆ : ਵਿਧਾਇਕ ਜਗਰੂਪ ਸਿੰਘ ਗਿੱਲ

**ਬਠਿੰਡਾ, 7 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਆਮ ਲੋਕਾਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਬਠਿੰਡਾ (ਸਹਿਰੀ) ਸ. ਜਗਰੂਪ ਸਿੰਘ ਗਿੱਲ ਨੇ ਪਵਿੱਤਰ ਸ਼ਹਿਰ ਅੰਮ੍ਰਿਤਸਰ ਦੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਨਾਮਦੇਵ ਰੋਡ ਤੋਂ ਬੱਸ ਨੂੰ ਝੰਡੀ ਦੇ ਕੇ ਰਵਾਨਾ ਕਰਦਿਆਂ ਕੀਤਾ ਇਸ ਮੌਕੇ ਉਨ੍ਹਾਂ ਨਾਲ ਚੈਅਰਮੈਨ ਜੰਗਲਾਤ ਵਿਭਾਗ ਸ਼੍ਰੀ ਰਾਕੇਸ਼ ਪੁਰੀ ਅਤੇ ਕੌਂਸਲਰ ਸ਼੍ਰੀ ਸੁਖਜੀਤ ਸਿੰਘ ਢਿੱਲੋਂ ਵੀ ਹਾਜ਼ਰ ਰਹੇ।

ਇਸ ਦੌਰਾਨ ਵਿਧਾਇਕ ਬਠਿੰਡਾ (ਸ਼ਹਿਰੀ) ਸ. ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਜਿੱਥੇ ਆਮ ਲੋਕਾਂ ਨੂੰ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ਰਿਹਾ ਹੈ, ਉੱਥੇ ਹੀ ਉਨ੍ਹਾਂ ਨੂੰ ਮਹਾਨ ਗੁਰੂ ਸਾਹਿਬਾਨਾਂ ਦੀਆਂ ਉੱਚੀਆਂ ਅਤੇ ਜੀਵਨ ਮਾਰਗ ਦਰਸ਼ਕ ਸਿੱਖਿਆਵਾਂ ਬਾਰੇ ਵੀ ਜਾਣਕਾਰੀ ਪ੍ਰਾਪਤ ਹੋ ਰਹੀ ਹ ਇਸੇ ਤਰ੍ਹਾਂ ਹਲਕਾ ਮੌੜ ਦੇ ਪਿੰਡ ਪਿੱਥੋ ਤੋਂ ਚੇਅਰਮੈਨ ਮਾਰਕਿਟ ਕਮੇਟੀ ਬਲਜਿੰਦਰ ਸਿੰਘ ਨੇ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀ ਬੱਸ ਨੂੰ ਰਵਾਨਾ ਕੀਤਾ। ਉਹਨਾਂ ਸੂਬਾ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਮਹਾਨ ਗੁਰੂਆਂ, ਦੇਵਤਿਆਂ, ਸੰਤਾਂ ਅਤੇ ਸ਼ਹੀਦਾਂ ਦੀ ਪਵਿੱਤਰ ਧਰਤੀ ਹੈ, ਜਿਨ੍ਹਾਂ ਨੇ ਸਾਨੂੰ ਆਪਸੀ ਭਾਈਚਾਰੇ, ਭਾਈਵਾਲੀ ਏਕਤਾ ਦਾ ਸੰਦੇਸ਼ ਦਿੱਤਾ ਹੈ।

ਇਸ ਤੋਂ ਇਲਾਵਾ ਹਲਕਾ ਬਠਿੰਡਾ (ਦਿਹਾਤੀ) ਦੇ ਪਿੰਡ ਬਹਿਮਣ ਦੀਵਾਨਾ ਤੋਂ ਮੰਡੀ ਬੋਰਡ ਦੇ ਚੇਅਰਮੈਨ ਲਖਵੀਰ ਸਿੰਘ ਵਲੋਂ ਬੱਸ ਨੂੰ ਰਵਾਨਾ ਕੀਤਾ ਗਿਆ । ਉਹਨਾਂ ਕਿਹਾ ਕਿ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਵਿੱਤਰ ਸਥਾਨਾਂ ਦੀ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹ ਯੋਜਨਾ ਸਾਰੀਆਂ ਜਾਤਾਂ, ਧਰਮਾਂ, ਆਮਦਨ ਵਰਗਾਂ ਅਤੇ ਜੀਵਨ ਦੇ ਹਰ ਵਰਗ ਦੇ ਲੋਕਾਂ ਲਈ ਖੁੱਲ੍ਹੀ ਹੈ, ਜੋ ਕਿ ਸਰਕਾਰ ਦਾ ਇੱਕ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ।

ਇਸੇ ਤਰ੍ਹਾਂ ਅੱਜ ਹਲਕਾ ਤਲਵੰਡੀ ਸਾਬੋ ਦੇ ਪਿੰਡ ਬੰਗੀ ਨਿਹਾਲ ਸਿੰਘ, ਹਲਕਾ ਭੁੱਚੋ ਮੰਡੀ ਦੇ ਪਿੰਡ ਮਹਿਮਾ ਸਵਾਈ ਅਤੇ ਹਲਕਾ ਰਾਮਪੁਰਾ ਫੂਲ ਦੇ ਪਿੰਡ ਸਿਰੀਏਵਾਲਾ ਤੋਂ ਵੀ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਬੱਸਾਂ ਨੂੰ ਰਵਾਨਾ ਕੀਤਾ ਗਿਆ।

# ਸੜਕ ਹਾਦਸੇ 'ਚ ਕਿਸਾਨ ਦੀ ਮੌਤ, ਪੁੱਤਰੀ ਜ਼ਖ਼ਮੀ

**ਸਮਾਣਾ, 7 ਫਰਵਰੀ**
**-ਸਰਬਜੀਤ ਤਲਵੰਡੀ-**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਣਾ-ਪਾਤੜਾਂ ਸੜਕ 'ਤੇ ਇੱਕ ਕਾਰ ਦੀ ਟੱਕਰ ਕਾਰਨ ਮੋਟਰਸਾਈਕਲ ਸਵਾਰ ਕਿਸਾਨ ਦੀ ਮੌਤ ਹੋ ਗਈ, ਜਦਕਿ ਉਸ ਦੇ ਨਾਲ ਮੋਟਰਸਾਈਕਲ 'ਤੇ ਸਵਾਰ ਉਸ ਦੀ ਧੀ ਜ਼ਖਮੀ ਹੋ ਗਈ। ਦੋਵਾਂ ਨੂੰ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਹਾਦਸੇ ਤੋਂ ਬਾਅਦ ਕਾਰ ਚਾਲਕ ਮੌਕੇ 'ਤੇ ਹੀ ਕਾਰ ਛੱਡ ਕੇ ਫ਼ਰਾਰ ਹੋ ਗਿਆ।ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਿਸ ਦੇ ਏ.ਐਸ.ਆਈ. ਧਰਮਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਅਵਤਾਰ ਸਿੰਘ (58) ਦੀ ਪੁੱਤਰੀ ਖੁਸ਼ਪ੍ਰੀਤ ਕੌਰ, ਨਿਵਾਸੀ ਗੁਰੂ ਤੇਗ ਬਹਾਦਰ ਨਗਰ (ਪਿੰਡ ਬਮਨਾ) ਵੱਲੋਂ ਦਰਜ ਕਰਵਾਈ ਸ਼ਿਕਾਇਤ 3 ਫਰਵਰੀ ਦੀ ਦੁਪਹਿਰ ਨੂੰ ਉਹ ਆਪਣੇ ਪਿਤਾ ਨਾਲ ਮੋਟਰਸਾਈਕਲ ਤੇ ਸਵਾਰ ਹੋ ਕੇ ਰਿਲਾਇੰਸ ਪੈਟਰੋਲ ਪੰਪ ਨੇੜੇ ਜਾ ਰਹੀ ਸੀ ਕਿ ਮੁਲਜ਼ਮ ਕਾਰ ਚਾਲਕ ?? ਆਪਣੀ ਤੇਜ਼ ਰਫ਼ਤਾਰ ਕਾਰ ਲਾਪਰਵਾਹੀ ਨਾਲ ਉਹਨਾਂ ?? ਮੋਟਰਸਾਈਕਲ ਵਿੱਚ ਮਾਰ ਦਿੱਤੀ। ਹਾਦਸੇ ਵਿੱਚ ਦੋਵੇਂ ਗੰਭੀਰ ਜ਼ਖਮੀ ਹੋ ਗਏ। ਹਸਪਤਾਲ ਲਿਜਾਣ 'ਤੇ ਡਾਕਟਰਾਂ ਨੇ ਉਸ ਦੇ ਪਿਤਾ ਨੂੰ ਮ੍ਰਿਤਕ ਐਲਾਨ ਦਿੱਤਾ।

# ਚਾਇਲਡ ਕੇਅਰ ਇੰਸਟੀਟਿਊਸ਼ਨ, ਓਲਡ ਏਜ ਹੋਮਾਂ ਅਤੇ ਅਨਾਥ ਆਸ਼ਰਮ ਦਾ ਕੀਤਾ ਗਿਆ ਦੌਰਾ



**ਫਾਜ਼ਿਲਕਾ, 7 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਣਯੋਗ ਜਸਟਿਸ ਸ੍ਰੀ ਅਸ਼ਵਨੀ ਕੁਮਾਰ ਮਿਸ਼ਰਾ, ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ), ਮਾਣਯੋਗ ਮੈਡਮ ਜਸਟਿਸ ਲਪਿਤਾ ਬੈਨਰਜੀ, ਪ੍ਰਬੰਧਕੀ ਜੱਜ ਅਤੇ ਸ੍ਰੀਮਤੀ ਨਵਜੋਤ ਕੌਰ, ਮਾਣਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਮਿਤੀ 06.02.2026 ਨੂੰ ਸ੍ਰੀ ਧਰਮਿੰਦਰ ਪਾਲ ਸਿੰਗਲਾ ਜੀ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਅਤੇ ਮੈਡਮ ਰੂਚੀ ਸਵਪਨ ਸ਼ਰਮਾ ਜੀ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਵੱਲੋਂ ਚਾਇਲਡ ਕੇਅਰ ਇੰਸਟੀਟਿਊਸ਼ਨ (ਉਦਭਵ ਆਵਾਸ), ਸਮਰੱਥ ਓਲਡ ਏਜ ਹੋਮ, ਡਿਗਨਿਟੀ ਓਲਡ ਏਜ ਹੋਮ ਅਤੇ ਮਾਤਰ ਛਾਇਆ ਅਨਾਥ ਆਸ਼ਰਮ, ਅਬੋਹਰ ਦਾ ਦੌਰਾ ਕੀਤਾ ਗਿਆ।

ਦੌਰੇ ਦੌਰਾਨ ਅਧਿਕਾਰੀਆਂ ਵੱਲੋਂ ਉਕਤ ਸਾਰੀਆਂ ਸੰਸਥਾਵਾਂ ਦੀ ਵਿਸਥਾਰਪੂਰਵਕ ਇੰਸਪੈਕਸ਼ਨ ਕੀਤੀ ਗਈ। ਇਸ ਦੌਰਾਨ ਉੱਥੇ ਰਹਿ ਰਹੇ ਬੱਚਿਆਂ ਅਤੇ ਬਜ਼ੁਰਗਾਂ ਦੀ ਸਿਹਤ, ਰਹਿਣ-ਸਹਿਣ, ਸਫਾਈ, ਭੋਜਨ ਦੀ ਗੁਣਵੱਤਾ, ਸੁਰੱਖਿਆ ਪ੍ਰਬੰਧ, ਦਿਨਚਰੀ, ਸਿੱਖਿਆ ਅਤੇ ਮਨੋਰੰਜਨ ਸੰਬੰਧੀ ਸਹੂਲਤਾਂ ਬਾਰੇ ਗਹਿਰਾਈ ਨਾਲ ਜਾਂਚ ਕੀਤੀ ਗਈ। ਜਾਂਚ ਦੌਰਾਨ ਇਹ ਪਾਇਆ ਗਿਆ ਕਿ ਸਾਰੀਆਂ ਸੰਸਥਾਵਾਂ ਵਿੱਚ ਪ੍ਰਬੰਧ ਸੁਚੱਜੇ ਢੰਗ ਨਾਲ ਚੱਲ ਰਹੇ ਹਨ ਅਤੇ ਉੱਥੇ ਰਹਿ ਰਹੇ ਵਸਨੀਕਾਂ ਦੀ ਚੰਗੀ ਤਰ੍ਹਾਂ ਸੰਭਾਲ ਕੀਤੀ ਜਾ ਰਹੀ ਹੈ।

ਚਾਇਲਡ ਕੇਅਰ ਇੰਸਟੀਟਿਊਸ਼ਨ (ਉਦਭਵ ਆਵਾਸ) ਅਤੇ ਮਾਤਰ ਛਾਇਆ ਅਨਾਥ ਆਸ਼ਰਮ, ਅਬੋਹਰ ਵਿਖੇ ਬੱਚਿਆਂ ਦੀ ਪੜ੍ਹਾਈ, ਸਿਹਤ ਅਤੇ ਕੁੱਲ ਵਿਕਾਸ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਗਈ। ਬੱਚਿਆਂ ਨਾਲ ਸਿੱਧੀ ਗੱਲਬਾਤ ਕਰਕੇ ਉਨ੍ਹਾਂ ਨੂੰ ਮਨ ਲਾ ਕੇ ਪੜ੍ਹਾਈ ਕਰਨ, ਅਨੁਸ਼ਾਸਨ ਵਿੱਚ ਰਹਿਣ, ਖੇਡਾਂ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ ਗਿਆ।

ਸਮਰੱਥ ਅਤੇ ਡਿਗਨਿਟੀ ਓਲਡ ਏਜ ਹੋਮਾਂ ਵਿੱਚ ਮਾਣਯੋਗ ਅਧਿਕਾਰੀਆਂ ਵੱਲੋਂ ਬਜ਼ੁਰਗਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਜ਼ਰੂਰਤਾਂ, ਸਿਹਤ ਸੰਬੰਧੀ ਮੁਸ਼ਕਲਾਂ ਅਤੇ ਦਿਨਚਰੀ ਬਾਰੇ ਪੁੱਛਗਿੱਛ ਕੀਤੀ ਗਈ। ਬਜ਼ੁਰਗਾਂ ਨੂੰ ਸਕਾਰਾਤਮਕ ਸੋਚ, ਸਰਗਰਮ ਜੀਵਨ ਅਤੇ ਆਪਸੀ ਸਹਿਯੋਗ ਨਾਲ ਜੀਵਨ ਬਿਤਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਇਹਨਾਂ ਸੰਸਥਾਵਾਂ ਵਿਖੇ ਮਾਣਯੋਗ ਅਧਿਕਾਰੀਆਂ ਵੱਲੋਂ ਉੱਥੇ ਰਹਿ ਰਹੇ ਬੱਚਿਆਂ ਅਤੇ ਵਸਨੀਕਾਂ ਨੂੰ ਖਾਣ-ਪੀਣ ਦਾ ਸਮਾਨ ਵੀ ਵੰਡਿਆ ਗਿਆ।

ਇਹਨਾਂ ਸੰਸਥਾਵਾਂ ਵਿਖੇ ਰਹਿ ਰਹੇ ਵਸਨੀਕਾਂ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਸੰਸਥਾ ਵੱਲੋਂ ਉਨ੍ਹਾਂ ਦੀ ਪੂਰੀ ਸੰਭਾਲ ਕੀਤੀ ਜਾ ਰਹੀ ਹੈ।

ਮਾਣਯੋਗ ਸੈਸ਼ਨ ਜੱਜ ਸਾਹਿਬ ਅਤੇ ਮਾਣਯੋਗ ਸਕੱਤਰ ਜੀ ਵੱਲੋਂ ਇਹ ਵੀ ਭਰੋਸਾ ਦਿਵਾਇਆ ਗਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਵੱਲੋਂ ਭਵਿੱਖ ਵਿੱਚ ਵੀ ਬੱਚਿਆਂ, ਬਜ਼ੁਰਗਾਂ ਅਤੇ ਲੋੜਵੰਦ ਵਰਗਾਂ ਦੀ ਭਲਾਈ ਲਈ ਹਰ ਸੰਭਵ ਸਹਿਯੋਗ ਜਾਰੀ ਰੱਖਿਆ ਜਾਵੇਗਾ।

ਅੰਤ ਵਿੱਚ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਕਿਸੇ ਵੀ ਕਿਸਮ ਦੀ ਮੁਫ਼ਤ ਕਾਨੂੰਨੀ ਸਲਾਹ ਜਾਂ ਸਹਾਇਤਾ ਲਈ ਟੋਲ-ਫ੍ਰੀ ਨੰਬਰ 15100 ਜਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੇ ਟੈਲੀਫੋਨ ਨੰਬਰ 01638-261500 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਮੇਅਰ ਵੱਲੋਂ ਜੱਸੀ ਚੌਂਕ ਵਿਖੇ ਸੀਵਰੇਜ ਤੇ ਜਲ ਸਪਲਾਈ ਪ੍ਰੋਜੈਕਟ ਦਾ ਉਦਘਾਟਨ

**ਬਠਿੰਡਾ, 7 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਨਗਰ ਨਿਗਮ ਦੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕੌਂਸਲਰ ਸ਼੍ਰੀ ਬਲਰਾਜ ਸਿੰਘ ਪੱਕਾ ਦੇ ਵਾਰਡ ਨੰਬਰ 16 ਵਿੱਚ ਸਥਿਤ ਜੱਸੀ ਚੌਂਕ ਵਿਖੇ ਲਗਭਗ 16 ਕਰੋੜ ਰੁਪਏ ਦੀ ਲਾਗਤ ਵਾਲੇ ਸੀਵਰੇਜ ਤੇ ਜਲ ਸਪਲਾਈ ਪਾਈਪਲਾਈਨ ਪ੍ਰੋਜੈਕਟ ਦਾ ਰਸਮੀ ਉਦਘਾਟਨ ਕੀਤਾ, ਜਿਸ ਨਾਲ ਜੱਸੀ ਚੌਂਕ ਅਤੇ ਸੁਸ਼ਾਂਤ ਸਿਟੀ-2 ਦੇ ਵਸਨੀਕਾਂ ਨੂੰ ਕਾਫ਼ੀ ਰਾਹਤ ਮਿਲੀ।

ਇਸ ਮੌਕੇ ਕੌਂਸਲਰ ਬਲਰਾਜ ਸਿੰਘ ਪੱਕਾ (ਐਮ.ਸੀ., ਵਾਰਡ 16) ਨਿਰਮਲ ਸਿੰਘ ਮਾਨ, ਬਲਵਿੰਦਰ ਸਿੰਘ, ਸਰਪੰਚ ਗੁਰਵਿੰਦਰ ਸਿੰਘ, ਹਰੀ ਸਿੰਘ, ਜਗਰੂਪ ਸਿੰਘ, ਦੇਵ ਸਿੰਘ, ਡਾ. ਮਨਜੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਵਾਰਡ ਨੰ. 16 ਵਿੱਚ ਜੱਸੀ ਚੌਂਕ ਅਤੇ ਸੁਸ਼ਾਂਤ ਸਿਟੀ-2 ਦੇ ਵਸਨੀਕਾਂ ਦੀ ਇਹ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋਣ ਵਾਲੀ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦੇ ਪੂਰਾ ਹੋਣ ਨਾਲ ਇਲਾਕੇ ਵਿੱਚ ਸੀਵਰੇਜ ਅਤੇ ਪੀਣ ਵਾਲੇ ਪਾਣੀ ਦੀਆਂ ਸਮੱਸਿਆਵਾਂ ਦਾ ਸਥਾਈ ਹੱਲ ਮਿਲੇਗਾ ਅਤੇ ਲੋਕਾਂ ਨੂੰ ਸਾਫ਼ ਤੇ ਸੁਚਾਰੂ ਪਾਣੀ ਦੀ ਸਪਲਾਈ ਮਿਲੇਗੀ।

ਮੇਅਰ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ ਸਮੱਸਿਆ-ਮੁਕਤ ਅਤੇ ਨਸ਼ਾ-ਮੁਕਤ ਸੂਬਾ, ਰੰਗਲਾ ਪੰਜਾਬ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ।

ਇਸ ਲੜੀ ਤਹਿਤ ਬਠਿੰਡਾ ਨੂੰ ਦੇਸ਼ ਦੇ ਮਾਡਲ ਸ਼ਹਿਰ ਵਜੋਂ ਵਿਕਸਤ ਕਰਨ ਲਈ ਦਿਨ-ਰਾਤ ਯਤਨ ਕੀਤੇ ਜਾ ਰਹੇ ਹਨ।

ਇਸ ਮੌਕੇ ਕੌਂਸਲਰ ਬਲਰਾਜ ਸਿੰਘ ਪੱਕਾ, ਸਰਪੰਚ ਗੁਰਵਿੰਦਰ ਸਿੰਘ ਅਤੇ ਨਿਰਮਲ ਸਿੰਘ ਮਾਨ ਨੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦਾ ਪ੍ਰੋਜੈਕਟ ਦਾ ਉਦਘਾਟਨ ਕਰਨ ਲਈ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਯੋਜਨਾ ਇਲਾਕੇ ਦੇ ਵਿਕਾਸ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗੀ।

# ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣਗੇ ਲੜੀਵਾਰ ਸਮਾਗਮ, ਮੁੱਖ ਮੰਤਰੀ ਨੇ ਕੀਤੀ ਸ਼ੁਰੂਆਤ

**ਖੁਰਾਲਗੜ੍ਹ, 7 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਾਨ ਵਿਰਾਸਤ ਪ੍ਰਤੀ ਸ਼ਰਧਾ ਤੇ ਸਤਿਕਾਰ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਸਰਕਾਰ ਨੇ ਗੁਰੂ ਸਾਹਿਬ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਲੜੀਵਾਰ ਸਮਾਗਮਾਂ ਦੀ ਰਸਮੀ ਤੌਰ ਉਤੇ ਸ਼ੁਰੂਆਤ ਕੀਤੀ। ਇਨ੍ਹਾਂ ਲੜੀਵਾਰ ਸਮਾਗਮਾਂ ਤਹਿਤ 20 ਫਰਵਰੀ, 2027 ਤੱਕ ਸੂਬਾ ਭਰ ਵਿੱਚ ਧਾਰਮਿਕ, ਸੱਭਿਆਰਚਾਰਕ ਅਤੇ ਅਕਾਦਮਿਕ ਪੱਧਰ ਉਤੇ ਵੱਖ-ਵੱਖ ਉਪਰਾਲੇ ਕੀਤੇ ਜਾਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਨ੍ਹਾਂ ਯਾਦਗਾਰੀ ਸਮਾਗਮਾਂ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਸਾਲ ਭਰ ਸੰਤ ਸੰਮੇਲਨ, ਕਾਨਫਰੰਸਾਂ, ਕਥਾ-ਕੀਰਤਨ ਅਤੇ ਯੂਨੀਵਰਸਿਟੀਆਂ ਵਿੱਚ ਸੈਮੀਨਾਰ ਕਰਵਾਏ ਜਾਣਗੇ। ਇਸ ਦੇ ਨਾਲ ਹੀ ਖੁਰਾਲਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਯਾਦਗਾਰ ਦੇ ਵਿਸਥਾਰ ਦਾ ਕਾਰਜ ਅਤੇ ਫਰੀਦਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦੀ ਸਥਾਪਨਾ ਸਮੇਤ ਬੁਨਿਆਦੀ ਢਾਂਚੇ ਦੇ ਵੱਡੇ ਪ੍ਰਾਜੈਕਟ ਦਾ ਐਲਾਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਸਾਹਿਬ ਜੀ ਨੂੰ ਸਮਰਿਪਤ ਮਹਾਨ ਸਮਾਗਮਾਂ ਅਤੇ ਪ੍ਰਾਜੈਕਟਾਂ ਲਈ ਫੰਡਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਭਰੋਸਾ ਦਿੱਤਾ ਕਿ ਸੰਤ ਸਮਾਜ ਦੇ ਸਾਰੇ ਆਦੇਸ਼ ਪੂਰੀ ਤਰ੍ਹਾਂ ਲਾਗੂ ਕੀਤੇ ਜਾਣਗੇ। ਸਾਲ ਭਰ ਚੱਲਣ ਵਾਲੇ ਪ੍ਰੋਗਰਾਮ 'ਆਪ' ਸਰਕਾਰ ਦੇ ਸ਼ਾਸਨ ਦੇ ਅਨੁਕੂਲ ਹੋਣਗੇ ਜੋ ਸਿੱਖਿਆ ਸੁਧਾਰਾਂ ਨੂੰ ਤਰਜੀਹ ਦਿੰਦਾ ਹੈ, 10 ਲੱਖ ਰੁਪਏ ਤੱਕ ਦੇ ਨਕਦ ਰਹਿਤ ਇਲਾਜ ਨਾਲ ਜਨਤਕ ਸਿਹਤ ਸੰਭਾਲ ਦਾ ਵਿਸਤਾਰ ਕਰਦਾ ਹੈ ਅਤੇ ਲੋਕ ਭਲਾਈ ਤੇ ਅਧਾਰਿਤ ਫੈਸਲੇ ਲੈਂਦਾ ਹੈ।

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਕਰਵਾਏ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੰਗਤ ਨੂੰ ਵਧਾਈ ਦਿੱਤੀ ਅਤੇ ਕਿਹਾ, ਗੁਰੂ ਜੀ ਦੇ ਸੰਦੇਸ਼ ਨੂੰ ਦੁਨੀਆ ਭਰ ਵਿੱਚ ਫੈਲਾਉਣਾ ਸਾਡਾ ਸਮੂਹਿਕ ਫਰਜ਼ ਹੈ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਹਰੇਕ ਤਰ੍ਹਾਂ ਦੇ ਭੇਦਭਾਵ ਤੋਂ ਮੁਕਤ ਬਰਾਬਰੀ ਵਾਲੇ ਸਮਾਜ ਦੀ ਕਲਪਨਾ ਕੀਤੀ ਸੀ।ਸੰਗਤ ਵਿੱਚ ਹਾਜ਼ਰੀ ਲਵਾ ਕੇ ਆਪਣੇ ਆਪ ਨੂੰ ਭਾਗਾਂ ਵਾਲਾ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਨੂੰ ਵਿਆਪਕ ਪੱਧਰ ਉਤੇ ਮਨਾਉਣ ਵਿੱਚ ਕੋਈ ਕਸਰ ਨਹੀਂ ਛੱਡੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਹਾਲ ਹੀ ਵਿੱਚ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਪਵਿੱਤਰ ਮੌਕੇ ਨੂੰ ਲੜੀਵਾਰ ਸਮਾਗਮ ਕਰਕੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵੀ ਵਿਆਪਕ ਢੰਗ ਨਾਲ ਮਨਾਉਣ ਲਈ ਸਾਲ ਭਰ ਚੱਲਣ ਵਾਲੇ ਸਮਾਗਮ ਉਲੀਕੇ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਖੁਰਾਲਗੜ੍ਹ ਦੀ ਪਾਵਨ ਧਰਤੀ ਨਾਲ ਜੁੜ ਕੇ ਸੁਭਾਗਾ ਮਹਿਸੂਸ ਕਰਦੇ ਹਨ ਕਿਉਂਕਿ ਗੁਰੂ ਜੀ ਨੇ ਇੱਥੇ ਚਾਰ ਸਾਲ ਤੋਂ ਵੱਧ ਸਮਾਂ ਰਹਿ ਕੇ ਭਗਤੀ ਕੀਤੀ ਅਤੇ ਬਰਾਬਰਤਾ ਦਾ ਸੰਦੇਸ਼ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਾਨ ਵਿਰਾਸਤ ਨੂੰ ਕਾਇਮ ਰੱਖਣ ਲਈ ਸੂਬਾ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਖੋਜ ਲਈ ਚੇਅਰਾਂ ਸਥਾਪਤ ਕੀਤੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਸੰਤ ਸਮਾਜ ਦੀ ਅਗਵਾਈ ਹੇਠ ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਸਮਾਗਮ ਕਰਵਾਏਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸੀਂ ਸਾਰੇ ਭਾਗਾਂ ਵਾਲੇ ਹਾਂ ਕਿ ਸਾਨੂੰ ਗੁਰੂ ਜੀ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਆਪਣੇ ਜੀਵਨ ਵਿੱਚ ਸੁਭਾਗ ਹਾਸਲ ਹੋਇਆ ਹੈ।

ਸਮਾਜ ਦੇ ਕਮਜ਼ੋਰ ਅਤੇ ਪੱਛੜੇ ਵਰਗਾਂ ਦੀਆਂ ਸਮੱਸਿਆਵਾਂ ਦੂਰ ਕਰਨ ਲਈ ਅਣਥੱਕ ਮਿਹਨਤ ਕਰਨ ਦਾ ਪ੍ਰਣ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਦੇ ਅਨੁਸਾਰ ਉਹ ਇਹ ਭਾਵਨਾ ਰੱਖਦੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਗਰੀਬ ਤੋਂ ਗਰੀਬ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਜਿਸ ਲਈ ਲੋਕ ਭਲਾਈ ਦੀਆਂ ਕਈ ਵੱਡੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਆਸ਼ੀਰਵਾਦ ਨਾਲ ਉਨ੍ਹਾਂ ਦੀ ਸਰਕਾਰ ਭਾਰੀ ਬਹੁਮਤ ਨਾਲ ਸੱਤਾ ਵਿੱਚ ਆਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਲਈ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਮਨੁੱਖਤਾ ਦੀ ਭਲਾਈ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਬਰਾਬਰੀ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਅਜਿਹੇ ਆਦਰਸ਼ ਸਮਾਜ ਦਾ ਸੰਕਲਪ ਲਿਆ, ਜਿੱਥੇ ਕਿਸੇ ਨੂੰ ਵੀ ਕਿਸੇ ਕਿਸਮ ਦਾ ਦੁੱਖ ਨਾ ਹੋਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅਤੇ ਦਰਸ਼ਨ 'ਤੇ ਅਧਾਰਤ ਸਮਾਜ ਦੀ ਸਿਰਜਣਾ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਮਹਾਨ ਜੀਵਨ ਅਤੇ ਸਿੱਖਿਆਵਾਂ ਮਨੁੱਖਤਾ ਨੂੰ ਬਰਾਬਰੀ ਵਾਲਾ ਸਮਾਜ ਸਿਰਜਣ ਵੱਲ ਸੇਧਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਸਮਾਜ ਦੇ ਗਰੀਬ ਅਤੇ ਪਛੜੇ ਵਰਗਾਂ ਦੇ ਮਹਾਨ ਅਧਿਆਤਮਕ ਦੂਤ ਅਤੇ ਮਸੀਹਾ ਸਨ, ਜਿਨ੍ਹਾਂ ਨੇ ਸਾਨੂੰ ਜੀਵਨ ਜਿਉਣ ਦਾ ਸਹੀ ਰਸਤਾ ਦਿਖਾਇਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਇਹ 'ਪ੍ਰਕਾਸ਼ ਪੁਰਬ' ਇੱਕ ਅਜਿਹੇ ਸਮਾਜ ਦੀ ਸਿਰਜਣਾ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਦਾ ਮੌਕਾ ਹੈ ਜਿੱਥੇ ਹਰ ਮਨੁੱਖ ਬਿਨਾਂ ਕਿਸੇ ਭੇਦਭਾਵ ਦੇ ਸਵੈ-ਮਾਣ ਨਾਲ ਜੀਵਨ ਜੀਵੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਭਾਰਤ ਰਤਨ ਬਾਬਾ ਸਾਹਿਬ ਬੀ.ਆਰ. ਅੰਬੇਡਕਰ ਦੀ ਵਿਚਾਰਧਾਰਾ ਅਨੁਸਾਰ ਸੂਬਾ ਸਰਕਾਰ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਮਿਆਰੀ ਸਿੱਖਿਆ ਦੇ ਕੇ ਉਨ੍ਹਾਂ ਨੂੰ ਸਸ਼ਕਤ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੁਆਰਾ ਸਥਾਪਿਤ 'ਸਕੂਲ ਆਫ਼ ਐਮੀਨੈਂਸ' ਹੋਣਹਾਰ ਗ਼ਰੀਬ ਵਿਦਿਆਰਥੀਆਂ ਨੂੰ ਖੁਸ਼ਹਾਲ ਭਵਿੱਖ ਲਈ ਤਿਆਰ ਕਰਕੇ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੇ ਹਨ। ਇਸ ਮੌਕੇ ਭਗਵੰਤ ਸਿੰਘ ਮਾਨ ਨੇ ਸ਼ਰਧਾਲੂਆਂ ਨੂੰ ਸੂਬੇ ਦੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ-ਬੇਨਤੀ ਕਰਨ ਦੀ ਅਪੀਲ ਵੀ ਕੀਤੀ ਅਤੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਆਸ਼ੀਰਵਾਦ ਨਾਲ ਸੂਬਾ ਸਰਕਾਰ ਛੇਤੀ ਹੀ ਪੰਜਾਬ ਨੂੰ ਰੰਗਲਾ ਅਤੇ ਪ੍ਰਗਤੀਸ਼ੀਲ ਸੂਬਾ ਬਣਾਏਗੀ।

ਮੁੱਖ ਮੰਤਰੀ ਨੇ ਕਿਹਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਸੂਬੇ ਭਰ ਵਿੱਚ ਲਾਗੂ ਕੀਤੀ ਜਾ ਰਹੀ ਹੈ, ਜੋ ਕਿ ਸੂਬੇ ਦਾ ਸਭ ਤੋਂ ਵੱਡਾ ਸਿਹਤ ਸੁਧਾਰ ਪ੍ਰੋਗਰਾਮ ਹੈ। ਉਨ੍ਹਾਂ ਕਿਹਾ ਕਿ ਹੁਣ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਇੱਕ ਪਰਿਵਾਰ 5 ਲੱਖ ਰੁਪਏ ਤੱਕ ਦਾ ਇਲਾਜ ਕਰਵਾ ਸਕਦਾ ਸੀ, ਜਿਸ ਨੂੰ ਹੁਣ ਵਧਾ ਕੇ 10 ਲੱਖ ਰੁਪਏ ਕਰ ਦਿੱਤਾ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਯੋਜਨਾ ਨਾਲ ਲਗਭਗ 65 ਲੱਖ ਪਰਿਵਾਰਾਂ ਨੂੰ ਲਾਭ ਹੋਵੇਗਾ ਜਿਸ ਦਾ ਉਦੇਸ਼ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ।

ਮੁੱਖ ਮੰਤਰੀ ਨੇ ਲੋਕਾਂ ਨੂੰ ਸਮਾਜ ਵਿੱਚ ਪ੍ਰਚਲਿਤ ਵੱਖ-ਵੱਖ ਸਮਾਜਿਕ ਬੁਰਾਈਆਂ ਨੂੰ ਖਤਮ ਕਰਨ ਲਈ ਸ੍ਰੀ ਗੁਰੂ ਰਵਿਦਾਸ ਜੀ ਦੁਆਰਾ ਦਿਖਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮੁੱਚੀ ਦੁਨੀਆ ਨੂੰ ਮਨੁੱਖਤਾ ਦਾ ਰਾਹ ਦਿਖਾਇਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਦੀ ਬਾਣੀ ਸਮਾਜ ਨੂੰ ਵੱਖ-ਵੱਖ ਸਮੱਸਿਆਵਾਂ ਤੋਂ ਮੁਕਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਖੁਰਾਲਗੜ੍ਹ ਵਿੱਚ ਲਗਭਗ 148 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਵਿਸ਼ਵ ਪੱਧਰੀ ਯਾਦਗਾਰ ਬਣਾਈ ਹੈ ਅਤੇ ਇਹ ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੂੰ ਨਿਮਰ ਸ਼ਰਧਾਂਜਲੀ ਹੈ। ਉਨ੍ਹਾਂ ਕਿਹਾ ਕਿ ਇਹ ਯਾਦਗਾਰ ਸੈਲਾਨੀ ਸਹੂਲਤਾਂ ਵਾਲੀ ਇਮਾਰਤ, ਬਹੁ-ਪੱਧਰੀ ਪਾਰਕਿੰਗ, ਮੀਨਾਰ-ਏ-ਬੇਗਮਪੁਰਾ, ਸੰਗਤ ਹਾਲ, ਅਤਿ-ਆਧੁਨਿਕ ਆਡੀਟੋਰੀਅਮ ਅਤੇ ਹੋਰ ਸਹੂਲਤਾਂ ਨਾਲ ਲੈਸ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਮਨੁੱਖਤਾ ਦੀ ਭਲਾਈ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਬਰਾਬਰੀ ਦਾ ਸੰਦੇਸ਼ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਅਧਿਐਨ ਕੇਂਦਰ ਲਈ 10 ਕਰੋੜ ਰੁਪਏ ਦੀ ਲਾਗਤ ਨਾਲ ਜਲੰਧਰ ਦੇ ਪਿੰਡ ਫਰੀਦਪੁਰ ਅਤੇ ਨੌਗਜ਼ਾ ਵਿੱਚ 12 ਏਕੜ ਜ਼ਮੀਨ ਖਰੀਦੀ ਹੈ। ਉਨ੍ਹਾਂ ਨੇ ਕਲਪਨਾ ਕੀਤੀ ਕਿ ਇਹ ਅਤਿ-ਆਧੁਨਿਕ ਕੇਂਦਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਦਰਸ਼ਨ 'ਤੇ ਵਿਸ਼ਾਲ ਅਧਿਐਨ ਕੇਂਦਰ ਵਜੋਂ ਉਭਰੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕੇਂਦਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਦੇ ਪ੍ਰਚਾਰ ਦੇ ਨਾਲ-ਨਾਲ ਸਿੱਖਿਆ ਅਤੇ ਸ਼ਰਧਾ ਦੇ ਚਾਨਣ ਮੁਨਾਰੇ ਵਜੋਂ ਕੰਮ ਕਰੇਗਾ।

ਆਪਣੇ ਸੰਬੋਧਨ ਵਿੱਚ ਸੀਨੀਅਰ ਆਪ ਆਗੂ ਮਨੀਸ਼ ਸਿਸੋਦੀਆ ਨੇ ਕਿਹਾ ਕਿ ਉਹ ਖੁਰਾਲਗੜ੍ਹ ਦੀ ਇਸ ਪਵਿੱਤਰ ਧਰਤੀ 'ਤੇ ਆਉਣ ਦਾ ਮੌਕਾ ਮਿਲਣ 'ਤੇ ਖੁਦ ਨੂੰ ਸੁਭਾਗਾ ਮਹਿਸੂਸ ਕਰ ਰਹੇ ਹਨ, ਜਿੱਥੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਆਪਣੇ ਚਰਨ ਪਾਏ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਇਸ ਧਰਤੀ ਤੋਂ ਮਨੁੱਖਤਾ ਲਈ ਬਰਾਬਰਤਾ ਦਾ ਸੰਦੇਸ਼ ਦਿੱਤਾ ਅਤੇ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਵੀ ਸਮਾਜ ਦੇ ਸਾਰੇ ਵਰਗਾਂ ਨੂੰ ਬਰਾਬਰ ਅਧਿਕਾਰ ਪ੍ਰਦਾਨ ਕਰਕੇ ਗੁਰੂ ਰਵਿਦਾਸ ਮਹਾਰਾਜ ਜੀ ਦੇ ਮਾਰਗ 'ਤੇ ਚੱਲ ਰਹੀਆਂ ਹਨ। ਮਨੀਸ਼ ਸਿਸੋਦੀਆ ਨੇ ਅੱਗੇ ਕਿਹਾ ਕਿ ਅੱਜ ਪੰਜਾਬ ਵਿੱਚ ਬਰਾਬਰੀ ਦੇ ਸਿਧਾਂਤ ਨੂੰ ਕਾਇਮ ਰੱਖਦਿਆਂ ਸੂਬਾ ਸਰਕਾਰ ਹਰੇਕ ਨਾਗਰਿਕ ਨੂੰ ਸਿੱਖਿਆ, ਸਿਹਤ ਅਤੇ ਹੋਰ ਸਹੂਲਤਾਂ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਿਰਫ਼ ਪੰਜਾਬ ਹੀ ਨਹੀਂ, ਸਗੋਂ ਸਮੁੱਚੇ ਦੇਸ਼ ਨੂੰ ਅਜਿਹੇ ਸੰਕਲਪ ਦੀ ਲੋੜ ਹੈ ਜਿੱਥੇ ਹਰ ਵਿਅਕਤੀ ਨਾਲ ਬਰਾਬਰ ਵਿਵਹਾਰ ਕੀਤਾ ਜਾਵੇ।

# ਖ਼ਤਰਨਾਕ ਹਨ ਅਲਸਰ



ਅਲਸਰਾਂ ਕਾਰਨ ਕਈ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਸਮੇਂ 'ਤੇ ਦਵਾਈ ਨਾ ਲੈਣ 'ਤੇ ਇਹ ਅਲਸਰ ਜ਼ਖ਼ਮ ਦਾ ਰੂਪ ਧਾਰਨ ਕਰ ਲੈਂਦੇ ਹਨ ਜਿਸ ਕਰਕੇ ਮਰੀਜ਼ਾਂ ਨੂੰ ਇਸ ਦੇ ਨਾਲ ਹੋਰ ਵੀ ਕਈ ਤਰ੍ਹਾਂ ਦੀਆਂ ਮੁਸ਼ਕਿਲਾਂ ਆ ਜਾਂਦੀਆਂ ਹਨ। ਪੇਪਟਿਕ ਅਲਸਰ ਜਾਂ ਗੈਸਿਟ੍ਰਕ ਅਲਸਰ ਛੋਟੀ ਅੰਤੜੀ ਦੇ ਉੱਪਰਲੇ ਹਿੱਸੇ 'ਚ ਹੁੰਦੇ ਹਨ। ਅਲਸਰ ਉਸ ਸਮੇਂ ਬਣਦੇ ਹਨ ਜਦੋਂ ਪਾਚਨ ਪ੍ਰਣਾਲੀ ਜਾਂ ਅੰਤੜੀ ਦੀ ਦੀਵਾਰ ਨੂੰ ਨੁਕਸਾਨ ਪਹੁੰਚਦੇ ਹਨ ਤੇ ਕੁੱਝ ਸਮੇਂ ਬਾਅਦ ਇਹ ਫੱਟ ਵੀ ਜਾਂਦੇ ਹਨ।

### ਕਾਰਨ

- ਖਾਣ-ਪੀਣ ਦੀਆਂ ਗ਼ਲਤ ਆਦਤਾਂ ਤੇ ਉਸ ਦੇ ਕਾਰਨ ਬਣਨ ਵਾਲਾ ਐਸਿਡ ਇਸ ਬਿਮਾਰੀ ਨੂੰ ਹੋਰ ਜ਼ਿਆਦਾ ਵਧਾ ਦਿੰਦਾ ਹੈ।
- ਕਈ ਵਾਰ ਦਵਾਈਆਂ ਦੀ ਵਜ੍ਹਾ ਕਰਕੇ ਵੀ ਇਸ ਬਿਮਾਰੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਦੇ ਇਲਾਵਾ ਤਣਾਅ ਵੀ ਅਲਸਰ ਦਾ ਮੁੱਖ ਕਾਰਨ ਹੈ ਕਿਉਂਕਿ ਇਸ ਨਾਲ ਐਸਿਡ ਜ਼ਿਆਦਾ ਬਣਦਾ ਹੈ।
- ਸਿਰਫ਼ ਖਾਣ-ਪੀਣ ਜਾਂ ਪੇਟ 'ਚ ਐਸਿਡ ਨਾਲ ਹੀ ਅਲਸਰ ਨਹੀਂ ਬਣਦੇ ਜਦਕਿ ਹੇਲੀਕੋਬੈਕਟਰ ਪਾਇਲੋਰੀ ਬੈਕਟੀਰੀਆ ਵੀ ਇਸ ਦਾ ਕਾਰਨ ਹੈ।
- ਜਦੋਂ ਪੇਟ 'ਚ ਅਲਸਰ ਹੁੰਦੇ ਹਨ ਤਾਂ ਖਾਣਾ-ਖਾਣ ਤੋਂ ਬਾਅਦ ਬਹੁਤ ਜ਼ਿਆਦਾ ਦਰਦ ਹੁੰਦੀ ਹੈ।

### ਲੱਛਣ

- ਪੇਟ ਦੇ ਉਪੱਰਲੇ ਹਿੱਸੇ 'ਚ ਦਰਦ ਹੋਣਾ ਅਲਸਰ ਦਾ ਪਹਿਲਾ ਲੱਛਣ ਹੋ ਸਕਦਾ ਹੈ। ਖਾਣਾ-ਖਾਣ ਤੋਂ ਬਾਅਦ ਪੇਟ 'ਚ ਦਰਦ ਹੁੰਦੀ ਹੈ।
- ਇਸ ਦੇ ਇਲਾਵਾ ਪੇਟ 'ਚ ਦਰਦ, ਉਲਟੀਆਂ ਤੇ ਖ਼ੂਨ ਵੀ ਆਉਣਾ ਸ਼ੁਰੂ ਹੋ ਜਾਂਦਾ ਹੈ। ਅਲਸਰਾਂ ਦੇ ਪੱਕਣ ਨਾਲ ਮਲ ਕਾਲੇ ਰੰਗ ਦਾ ਹੋ ਜਾਂਦਾ ਹੈ।

### ਇਲਾਜ

ਅਲਸਰਾਂ 'ਚ ਐਸਿਡ ਨੂੰ ਘੱਟ ਕਰਨ ਵਾਲੀ ਦਵਾਈ ਦਿੱਤੀ ਜਾਂਦੀ ਹੈ ਤੇ ਡਾਕਟਰ ਦੁਆਰਾ ਦੱਸਿਆ ਗਿਆ ਪਰਹੇਜ਼ ਬਹੁਤ ਹੀ ਜ਼ਰੂਰੀ ਹੈ।

- ਅਲਸਰ ਦੀ ਪਰੇਸ਼ਾਨੀ ਜ਼ਿਆਦਾ ਵਧਣ 'ਤੇ ਅਪਰੇਸ਼ਨ ਵੀ ਹੋ ਸਕਦਾ ਹੈ ਕਿਉਂਕਿ ਇਨ੍ਹਾਂ ਅਲਸਰਾਂ ਨਾਲ ਕੈਂਸਰ ਵੀ ਹੋ ਸਕਦਾ ਹੈ। ਇਸ ਲਈ ਅਲਸਰਾਂ ਤੋਂ ਸੁਚੇਤ ਰਹਿਣਾ ਚਾਹੀਦਾ ਹੈ।
- ਇਸ ਦੌਰਾਨ ਮਿਰਚ ਤੇ ਮਸਾਲੇਦਾਰ ਚੀਜ਼ਾਂ ਦਾ ਇਸਤੇਮਾਲ ਨਹੀਂ ਕਰਨਾ ਚਾਹੀਦਾ। ਅਲਸਰ ਹੋਣ ਤੋਂ ਬਾਅਦ ਚਾਹ, ਕੌਫੀ, ਕੋਲਡਰਿੰਗ, ਜੰਕ ਫੂਡ ਆਦਿ ਚੀਜ਼ਾਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।

# ਪੇਟ ਦੇ ਕੀੜਿਆਂ ਪ੍ਰਤੀ ਰਹੋ ਸਾਵਧਾਨ

ਮਾਂ - ਬਾਪ ਦੀ ਇਕ ਹੀ ਸ਼ਿਕਾਇਤ ਹੁੰਦੀ ਹੈ ਕਿ ਉਨ੍ਹਾਂ ਦਾ ਬੱਚਾ ਠੀਕ ਤਰ੍ਹਾਂ ਖਾਂਦਾ-ਪੀਂਦਾ ਨਹੀਂ , ਵਜ਼ਨ ਵੱਧ ਰਿਹਾ ਹੈ ਜਾਂ ਉਸ ਦੀ ਲੰਬਾਈ ਨਹੀਂ ਵੱਧ ਰਹੀ ਹੈ। ਇਹ ਸ਼ਿਕਾਇਤਾਂ ਸੁਣਨ 'ਚ ਬਹੁਤ ਆਮ ਜਿਹੀਆਂ ਲੱਗਦੀਆਂ ਹਨ ਪਰ ਹਕੀਕਤ ਇਹ ਹੈ ਕਿ ਇਹ ਸਾਰੀਆਂ ਪਰੇਸ਼ਾਨੀਆਂ ਆਮ ਕਰਕੇ ਬੱਚਿਆਂ ਦੀਆਂ ਆਂਤੜੀਆਂ 'ਚ ਕੀੜੇ ਹੋਣ ਕਰਕੇ ਸਾਹਮਣੇ ਆਉਂਦੀਆਂ ਹਨ। ਆਮ ਤੌਰ 'ਤੇ ਮਾਤਾ-ਪਿਤਾ ਇਸ ਸਮੱਸਿਆ ਨੂੰ ਗੰਭੀਰਤਾ ਨਾਲ ਨਹੀਂ ਲੈਂਦੇ। ਭਾਰਤ 'ਚ 14 ਸਾਲ ਦੀ ਉਮਰ ਦੇ 24.1 ਕਰੋੜ ਬੱਚੇ ਆਂਤੜੀਆਂ 'ਚ ਕੀੜੇ ਦੀ ਇਨਫੈਕਸ਼ਨ ਨਾਲ ਗ੍ਰਸਤ ਹਨ। ਕੀੜਿਆਂ ਤੋਂ ਲਗਾਤਾਰ ਪੀੜਤ ਬੱਚੇ ਵੱਡੇ ਹੋ ਕੇ ਕਮਜ਼ੋਰ ਸਾਬਤ ਹੁੰਦੇ ਹਨ। ਕੀੜੇ ਬੱਚਿਆਂ ਦੀ ਜ਼ਿਆਦਾਤਰ ਖ਼ੁਰਾਕ ਖ਼ੁਦ ਹੜੱਪ ਜਾਂਦੇ ਹਨ ਜਿਸ ਕਰਕੇ ਬੱਚਿਆਂ 'ਚ ਖ਼ੂਨ ਦੀ ਘਾਟ, ਕੁਪੋਸ਼ਣ ਤੇ ਸਰੀਰਕ, ਮਾਨਸਿਕ ਵਿਕਾਸ 'ਚ ਘਾਟ ਵਜੋਂ ਸਾਹਮਣੇ ਆਉਂਦਾ ਹੈ। ਇਸ 'ਚ ਬੱਚੇ ਨੂੰ ਭੁੱਖ ਨਾ ਲੱਗਣਾ ਜਾਂ ਬਹੁਤ ਜ਼ਿਆਦਾ ਲੱਗਣਾ ਪਰ ਉਸ ਦੇ ਅਨੁਪਾਤ 'ਚ ਉਨ੍ਹਾਂ ਦਾ ਵਜ਼ਨ ਨਾ ਵਧਣਾ, ਬੱਚਿਆਂ ਦਾ ਪੇਟ ਵਧਣਾ ਤੇ ਬੱਚੇ 'ਚ ਖ਼ੂਨ ਦੀ ਘਾਟ ਕਾਰਨ ਥਕਾਵਟ ਹੋਣੀ, ਮਲ-ਮੂਤਰ ਤੇ ਖਾਰਿਸ਼ ਆਉਣਾ ਆਦਿ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਤੋਂ ਇਲਾਵਾ ਦੁਰਲਭ ਕੇਸਾਂ 'ਚ ਦਿਮਾਗ਼ 'ਚ ਵੀ ਕੀੜਿਆਂ ਦੇ ਅੰਡੇ ਪਹੁੰਚਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ। ਜਿਸ ਨਾਲ ਬੱਚਿਆਂ ਨੂੰ ਦੌਰੇ ਪੈਣ ਲੱਗਦੇ ਹਨ। ਬੱਚੇ ਪਾਰਕਾਂ 'ਚ ਅਕਸਰ ਨੰਗੇ ਪੈਰ ਵੀ ਖੇਡਦੇ ਹਨ ਤੇ ਖੇਡਣ ਪਿੱਛੋਂ ਬਿਨਾਂ ਹੱਥ-ਮੂੰਹ ਧੋਤੇ ਕੁੱਝ ਵੀ ਖਾ ਲੈਂਦੇ ਹਨ ਕਿਉਂਕਿ ਇਹ ਕਿਰਮੀ ਪੈਰ ਦੀ ਚਮੜੀ, ਮਲ ਮਾਰਗ ਤੇ ਮੂੰਹ ਕਿਧਰੋਂ ਵੀ ਸਰੀਰ 'ਚ ਦਾਖ਼ਲ ਹੋ ਸਕਦੇ ਹਨ। ਇਸ ਲਈ ਇਸ ਉਮਰ ਦੇ ਬੱਚੇ ਇਨ੍ਹਾਂ ਦਾ ਆਸਾਨੀ ਨਾਲ ਸ਼ਿਕਾਰ ਹੁੰਦੇ ਹਨ। ਇਸ ਬਿਮਾਰੀ ਦਾ ਇਲਾਜ ਬੇਹੱਦ ਸੌਖਾ ਹੈ। ਸਾਲ 'ਚ ਦੋ ਵਾਰੀ ਕੀੜਿਆਂ ਦੀ ਦਵਾਈ ਖਾਣ ਨਾਲ ਪੇਟ ਦੇ ਕੀੜੇ ਮਰ ਜਾਂਦੇ ਹਨ।



# ਪਨੀਰ ਸਿਹਤ ਲਈ ਗੁਣਕਾਰੀ



ਕਈ ਲੋਕ ਦੁੱਧ ਤੋਂ ਬਣੀਆਂ ਚੀਜ਼ਾਂ ਤੋਂ ਬਹੁਤ ਜ਼ਿਆਦਾ ਪਰਹੇਜ਼ ਕਰਦੇ ਹਨ ਕਿ ਜੇ ਅਸੀਂ ਇਸ ਦਾ ਸੇਵਨ ਕਰ ਲਿਆ ਤਾਂ ਫੈਟ ਦਾ ਸਾਹਮਣਾ ਕਰਨਾ ਪਵੇਗਾ ਇਹ ਗ਼ਲਤ ਸੋਚ ਹੈ ਜੋ ਲੋਕ ਦੁੱਧ, ਦਹੀਂ, ਪਨੀਰ, ਮੱਖਣ ਆਦਿ ਦਾ ਸੇਵਨ ਨਹੀਂ ਕਰਦੇ ਜ਼ਿਆਦਤਰ ਉਨ੍ਹਾਂ 'ਚ ਹੀ ਕਮਜ਼ੋਰੀ ਪਾਈ ਜਾਂਦੀ ਹੈ। ਇਸ ਕਰਕੇ ਇਨ੍ਹਾਂ ਚੀਜ਼ਾਂ ਦਾ ਸੇਵਨ ਕਰਨਾ ਸਿਹਤ ਲਈ ਬਹੁਤ ਹੀ ਲਾਭਕਾਰੀ ਹੈ। ਆਓ ਜਾਣਦੇ ਹਾਂ ਇਸ ਦੇ ਫ਼ਾਇਦੇ।

**ਮੈਟਾਬਾਲਿਜ਼ਮ** - ਪਾਚਨ ਦੇ ਲਈ ਮੈਟਾਬਾਲਿਜ਼ਮ ਦਾ ਰੋਲ ਬਹੁਤ ਮਹੱਤਵਪੂਰਨ ਹੈ। ਪਨੀਰ 'ਚ ਕਾਫ਼ੀ ਮਾਤਰਾ 'ਚ ਫਾਇਬਰ ਪਾਇਆ ਜਾਂਦਾ ਹੈ ਜੋ ਭੋਜਨ ਨੂੰ ਪਚਾਉਣ 'ਚ ਮਦਦਗਾਰ ਹੈ।

**ਦੰਦ ਤੇ ਹੱਡੀਆਂ**

ਪਨੀਰ ਦਾ ਸਭ ਤੋਂ ਬੇਹਤਰੀਨ ਲਾਭ ਇਹ ਹੈ ਕਿ ਦੰਦਾਂ ਤੇ ਹੱਡੀਆਂ ਨੂੰ ਮਜ਼ਬੂਤ ਕਰਦਾ ਹੈ ਤੇ ਨਾਲ ਹੀਂ ਕੈਲਸ਼ੀਅਮ ਤੇ ਫਾਸਫੋਰਸ ਦਾ ਵਧੀਆ ਸਰੋਤ ਵੀ ਹੈ। ਰੋਜ਼ ਪਨੀਰ ਦਾ ਸੇਵਨ ਹੱਡੀਆਂ ਦੀ ਸਮੱਸਿਆ, ਜੋੜਾਂ ਦੇ ਦਰਦ ਤੇ ਦੰਦਾਂ ਦੇ ਰੋਗ ਤੋਂ ਬਚਾਉਣ ਲਈ ਮਦਦਗਾਰ ਹੈ।

***ਡਾਇਬਟੀਜ਼*** - *ਓਮੇਗਾ 3 ਨਾਲ ਭਰਪੂਰ ਪਨੀਰ ਡਾਇਬਟੀਜ਼ ਨਾਲ ਲੜਨ ਦੀ ਸ਼ਕਤੀ ਦਿੰਦਾ ਹੈ। ਡਾਕਟਰਾਂ ਦਾ ਕਹਿਣਾ ਹੈ ਕਿ ਡਾਇਬਟੀਜ਼ ਦੇ ਰੋਗੀਆਂ ਨੂੰ ਆਪਣੇ ਖਾਣੇ 'ਚ ਪਨੀਰ ਸ਼ਾਮਿਲ ਕਰਨਾ ਚਾਹੀਦਾ ਹੈ।*

**ਕੈਂਸਰ** - ਪਨੀਰ ਦਾ ਸਭ ਤੋਂ ਵੱਡਾ ਲਾਭ ਇਹ ਹੈ ਕਿ ਇਹ ਕੈਂਸਰ ਦੇ ਖ਼ਤਰਿਆਂ ਤੋਂ ਬਚਾਉਂਦਾ ਹੈ। ਪੇਟ ਦਾ ਕੈਂਸਰ, ਬਰੈਸਟ ਕੈਂਸਰ ਦੇ ਇਲਾਜ ਲਈ ਬਹੁਤ ਲਾਭਦਾਇਕ ਹੈ।

**ਐਨਰਜੀ** - ਪਨੀਰ ਖਾਣ ਨਾਲ ਕਾਫ਼ੀ ਐਨਰਜੀ ਪ੍ਰਾਪਤ ਹੁੰਦੀ ਹੈ। ਜੋ ਵਿਅਕਤੀ ਜਿੰਮ ਲਗਾਉਂਦਾ ਹੈ ਜਾਂ ਕਸਰਤ ਕਰਦਾ ਹੈ ਉਸ ਦੇ ਲਈ ਪਨੀਰ ਬਹੁਤ ਹੀ ਵਧੀਆ ਹੈ।

# ਦਮੇ ਨੂੰ ਕਰੋ ਜੜ੍ਹ ਤੋਂ ਖ਼ਤਮ

ਸਾਹ ਲੈਣ 'ਚ ਪਰੇਸ਼ਾਨੀ ਹੋਣ ਨੂੰ ਦਮਾ ਕਿਹਾ ਜਾਂਦਾ ਹੈ। ਕਿਸੇ ਚੀਜ਼ ਤੋਂ ਐਲਰਜੀ ਜਾਂ ਪ੍ਰਦੂਸ਼ਣ ਦੇ ਕਾਰਨ ਲੋਕਾਂ 'ਚ ਇਹ ਸਮੱਸਿਆ ਆਮ ਦੇਖਣ ਨੂੰ ਮਿਲਦੀ ਹੈ। ਦਮੇ ਕਾਰਨ ਖਾਂਸੀ, ਸਾਹ ਲੈਣ 'ਚ ਤਕਲੀਫ਼ ਤੇ ਨੱਕ 'ਚੋਂ ਆਵਾਜ ਆਉਣੀ ਇਸ ਤਰ੍ਹਾਂ ਦੀਆਂ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਵੈਸੇ ਤਾਂ ਲੋਕ ਇਸ ਬਿਮਾਰੀ ਤੋਂ ਛੁਟਕਾਰਾ ਪਾਉਣ ਲਈ ਹੋਮਿਉਪੈਥਿਕ ਵਰਗੀਆਂ ਦਵਾਈਆਂ ਦਾ ਸੇਵਨ ਕਰਦੇ ਹਨ ਪਰ ਕੁੱਝ ਘਰੇਲੂ ਉਪਾਅ ਦੁਆਰਾ ਵੀ ਇਸ ਰੋਗ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।



**ਵੱਡੀ ਇਲਾਚੀ** - ਵੱਡੀ ਇਲਾਚੀ ਖਜੂਰ ਤੇ ਅੰਗੂਰ ਨੂੰ ਸਾਮਾਨ ਮਾਤਰਾ 'ਚ ਪੀਸ ਕੇ ਸ਼ਹਿਦ ਦੇ ਨਾਲ ਖਾਓ ਇਸ ਦਾ ਸੇਵਨ ਸਿਹਤ ਲਈ ਲਾਭਕਾਰੀ ਹੈ।

**ਪਿੱਪਲ ਦੇ ਪੱਤੇ** - ਪਿੱਪਲ ਦੇ ਪੱਤਿਆਂ ਨੂੰ ਸੁੱਕਾ ਕੇ ਚੰਗੀ ਤਰ੍ਹਾਂ ਸਾੜ ਲਓ ਇਸ 'ਚ ਸ਼ਹਿਦ ਮਿਲਾਓ। ਦਿਨ 'ਚ ਤਿੰਨ ਵਾਰ ਖਾਣ ਨਾਲ ਵੀ ਕਾਫ਼ੀ ਫ਼ਰਕ ਪੈਂਦਾ ਹੈ।

**ਸੋਠ** - ਨਮਕ, ਜ਼ੀਰਾ, ਭੁੰਨੀ ਹੋਈ ਹਿੰਗ ਤੇ ਤੁਲਸੀ ਦੇ ਪੱਤਿਆਂ ਨੂੰ ਪੀਸ ਕੇ 00 ਮਿ. ਲੀਟਰ ਪਾਣੀ ਵਿਚ ਚੰਗੀ ਤਰ੍ਹਾਂ ਉਬਾਲ ਲਓ। ਇਸ ਪਾਣੀ ਨਾਲ ਦਮੇ ਦੀ ਪਰੇਸ਼ਾਨੀ ਨੂੰ ਦੂਰ ਕੀਤਾ ਜਾ ਸਕਦਾ ਹੈ।



## ਮੇਥੀ ਦੇ ਦਾਣੇ

ਮੇਥੀ ਨੂੰ ਪਾਣੀ 'ਚ ਉਬਾਲ ਕੇ ਇਸ 'ਚ ਸ਼ਹਿਦ ਤੇ ਅਦਰਕ ਦਾ ਰਸ ਮਿਲਾ ਕੇ ਰੋਜ਼ ਪੀਣ ਨਾਲ ਦਮੇ ਦੇ ਰੋਗ ਤੋਂ ਰਾਹਤ ਪਾਈ ਜਾ ਸਕਦੀ ਹੈ।

## ਆਂਵਲਾ ਪਾਊਡਰ

2 ਟੀਸਪੂਨ ਆਂਵਲਾ ਪਾਊਡਰ 'ਚ 1 ਟੀਸਪੂਨ ਸ਼ਹਿਦ ਮਿਲਾ ਕੇ ਸਵੇਰੇ ਖ਼ਾਲੀ ਪੇਟ ਸੇਵਨ ਕਰੋ ਇਸ ਨਾਲ ਇਹ ਸਮੱਸਿਆ ਨੂੰ ਕੰਟਰੋਲ ਕੀਤਾ ਜਾ ਸਕਦਾ ਹੈ।



## ਪਾਲਕ ਤੇ ਗਾਜਰ

ਪਾਲਕ ਤੇ ਗਾਜਰ ਦੇ ਰਸ ਨੂੰ ਮਿਲਾ ਕੇ ਰੋਜ਼ਾਨਾ ਪੀਣ ਨਾਲ ਦਮੇ ਦੀ ਸਮੱਸਿਆ ਦੂਰ ਹੁੰਦੀ ਹੈ।

*ਕੁਦਰਤੀ ਇਲਾਜ ਪ੍ਰਣਾਲੀ ਵਿਚ ਆਕਾਸ਼, ਹਵਾ, ਅਗਨੀ, ਜਲ, ਪ੍ਰਿਥਵੀ, ਯੋਗਾ, ਮਸਾਜ ਅਤੇ ਧਿਆਨ(ਮੈਡੀਟੇਸ਼ਨ)ਰਾਹੀਂ ਸਰੀਰ, ਮਨ ਅਤੇ ਆਤਮਾ ਨੂੰ ਨਿਰੋਗ ਕੀਤਾ ਜਾਂਦਾ ਹੈ...*

# ਤੰਦਰੁਸਤੀ ਦਾ ਆਧਾਰ ਕੁਦਰਤੀ ਚਕਿਤਸਾ

ਡਾ. ਜਗਮੇਲ ਸਿੰਘ ਭਾਠੂਆਂ





ਪੁਰਾਤਨ ਸਮੇਂ ਭਾਰਤ ਵਿਚ ਸਾਡੇ ਬਜ਼ੁਰਗ, ਰਿਸ਼ੀ-ਮੁਨੀ, ਕੁਦਰਤੀ ਚਕਿਤਸਾ ਅਤੇ ਆਯੁਰਵੇਦ ਦਾ ਅਲੱਗ-ਅਲੱਗ ਨਹੀਂ, ਸਗੋਂ ਦੋਵਾਂ ਨੂੰ ਇਕੋ ਰੂਪ ਜਾਣ ਕੇ ਪ੍ਰਯੋਗ ਕਰਦੇ ਸਨ। ਕੁਦਰਤੀ ਨਿਯਮਾਂ ਉਪਰ ਆਧਾਰਿਤ ਇਲਾਜ ਪ੍ਰਣਾਲੀ ਤੇ ਜੀਵਨ ਸ਼ੈਲੀ 'ਕੁਦਰਤੀ ਚਕਿਤਸਾ ਜਾਂ ਨੈਚਰੋਪੈਥੀ' ਉਨ੍ਹੀ ਪੁਰਾਣੀ ਹੈ ਜਿਨ੍ਹੀ ਪੁਰਾਣੀ ਪ੍ਰਕਿਰਤੀ। ਸੰਸਾਰ ਦੇ ਆਦਿ ਗ੍ਰੰਥ ਵੇਦਾਂ ਵਿਚ ਇਸਦੇ ਮੋਟੇ-ਮੋਟੇ ਅੰਸ਼ ਜਲ ਚਕਿਤਸਾ, ਉਪਵਾਸ(ਵਰਤ)ਚਕਿਤਸਾ ਅਤੇ ਸੂਰਜ ਚਕਿਤਸਾ ਬਾਰੇ ਜਾਣਕਾਰੀ ਮਿਲਦੀ ਹੈ। ਜਿਥੋਂ ਤਕ ਇਸਦੇ ਮੂਲ ਸਿਧਾਂਤਾਂ ਦਾ ਸੁਆਲ ਹੈ ਆਯੁਰਵੇਦ ਦੇ ਮੂਲ ਸਿਧਾਂਤਾਂ ਵਾਤ, ਪਿਤ, ਕਫ ਅਤੇ ਪੰਚ ਕ੍ਰਮ ਨਾਲ ਇਸਦਾ ਗਹਿਰਾ ਸੰਬੰਧ ਹੈ। ਇਸਦਾ ਮੂਲ ਸਿਧਾਂਤ ਹੈ ਕਿ ਪੂਰੇ ਬ੍ਰਹਿਮੰਡ ਅਤੇ ਸਾਡੇ ਸਰੀਰ ਦਾ ਨਿਰਮਾਣ ਪੰਜ ਤੱਤਾਂ ਆਕਾਸ਼, ਹਵਾ, ਅਗਨੀ, ਜਲ ਅਤੇ ਪ੍ਰਿਥਵੀ ਤੋਂ ਹੋਇਆ ਅਤੇ ਤੰਦਰੁਸਤੀ ਦਾ ਆਧਾਰ ਵੀ ਇਹ ਪੰਜ ਤੱਤ ਹਨ।

ਅੱਜ ਦੇ ਪਦਾਰਥਵਾਦੀ ਯੁੱਗ ਵਿਚ ਮਨੁੱਖ ਦੇ ਜ਼ਿਆਦਾ ਸਰੀਰਕ ਅਤੇ ਮਾਨਸਿਕ ਰੂਪ ਵਿਚ ਰੋਗੀ ਹੋਣ ਲਈ ਨਵੀਂ ਜੀਵਨ ਸ਼ੈਲੀ ਜ਼ੁੰਮੇਵਾਰ ਹੈ। ਇਕ ਗੱਲ ਲਈ ਐਲੋਪੈਥੀ, ਆਯੁਰਵੇਦ, ਹੋਮਿਓਪੈਥੀ ਆਦਿ ਸਭ ਪੈਥੀਆਂ ਦੇ ਵਿਦਵਾਨ ਸਹਿਮਤ ਹਨ ਕਿ ਸਾਦਾ ਜੀਵਨ ਦੇ ਧਾਰਣੀ ਬਣਕੇ ਅਤੇ ਪ੍ਰਕਿਰਤਿਕ ਨਿਯਮਾਂ ਉਪਰ ਚਲਕੇ ਅਨੇਕਾਂ ਰੋਗਾਂ ਤੋਂ ਬਚਿਆ ਜਾ ਸਕਦਾ ਹੈ ਕਿਉਂਕਿ ਜੀਵਨ ਸ਼ੈਲੀ ਨਾਲ ਸੰਬੰਧਿਤ ਅਨੇਕਾਂ ਰੋਗ ਬਲੱਡ ਪ੍ਰੈਸਰ, ਦਮਾ, ਅਨਿੰਦਰਾ, ਦਿਲ ਦੇ ਰੋਗ, ਸ਼ੂਗਰ, ਮਾਨਸਿਕ ਤਣਾਓ ਆਦਿ ਲਈ ਇਹ ਚਕਿਤਸਾ ਰਾਮਬਾਣ ਸਾਬਿਤ ਹੋਈ ਹੈ। ਕੁਦਰਤੀ ਚਕਿਤਸਾ ਅਨੁਸਾਰ, ਸਰੀਰ ਅੰਦਰ ਜ਼ਹਿਰੀਲੇ ਤੱਤਾਂ ਦੇ ਵਧਣ ਨਾਲ ਸਾਡੇ ਸਰੀਰ ਦੇ ਮੁੱਖ ਆਧਾਰ 'ਖ਼ੂਨ' ਅਤੇ 'ਰਸ' ਦੂਸ਼ਿਤ ਹੋ ਜਾਂਦੇ ਹਨ ਅਤੇ ਨਰਵਸ ਸਿਸਟਮ ਦੇ ਕਮਜ਼ੋਰ ਪੈਣ ਕਾਰਨ ਹਰ ਅੰਗ ਸਹੀ ਰੂਪ ਵਿਚ ਆਪਣਾ ਕੰਮ ਨਹੀਂ ਕਰਦਾ। ਦਰਅਸਲ ਸਰੀਰ ਅੰਦਰ ਜ਼ਹਿਰੀਲਾ ਮਾਦਾ ਵਧਣ ਕਾਰਨ ਤੰਦਰੁਸਤੀ ਲਈ ਸਰੀਰ ਅੰਦਰ ਲੋੜੀਂਦੀਆਂ ਜ਼ਰੂਰੀ ਕੁਦਰਤੀ ਕਿਰਿਆਵਾਂ 'ਪੋਸ਼ਣ ਅਤੇ ਨਿਸਕਾਸਣ' ਦੋਵੇਂ ਮੱਧਮ ਪੈ ਜਾਂਦੀਆਂ ਹਨ।

### ਚਾਰ ਪਰਮਾਣੂ ਤੱਤ

ਪ੍ਰਿਥਵੀ, ਜਲ, ਪ੍ਰਕਾਸ਼ ਅਤੇ ਵਾਯੂ ਅਤੇ ਸਾਰਾ ਦ੍ਰਵ ਇਨ੍ਹਾਂ ਤੋ ਬਣਿਆ ਹੈ। ਕੁਦਰਤੀ ਚਕਿਤਸਾ ਵਿਗਿਆਨੀਆਂ ਅਨੁਸਾਰ ਸਰੀਰ ਵਿਚ ਜਦ ਇਨ੍ਹਾਂ ਤੱਤਾਂ ਦਾ ਅਸੰਤੁਲਨ ਵੱਧ ਜਾਂਦਾ ਹੈ ਤਾਂ ਸਰੀਰ ਰੋਗੀ ਹੋ ਜਾਂਦਾ ਹੈ। ਰੋਗਾਂ ਦੇ ਭਾਵੇਂ ਅਨੇਕ ਨਾਮ ਹਨ ਪਰ ਰੋਗਾਂ ਦਾ ਮੂਲ ਕਾਰਨ ਪੰਜ ਤੱਤਾਂ ਦੇ ਅਸੰਤੁਲਨ ਕਾਰਨ ਸਰੀਰ ਅੰਦਰ ਗੰਦਗੀ ਦਾ ਜਮ੍ਹਾਂ ਹੋ ਜਾਣਾ ਹੈ। ਸਰੀਰ ਅੰਦਰ ਜ਼ਹਿਰੀਲੇ ਪਦਾਰਥ ਠੋਸ ਅਤੇ ਗੈਸ ਕਿਸੇ ਵੀ ਰੂਪ ਵਿਚ ਇਕੱਠੇ ਹੁੰਦੇ ਰਹਿੰਦੇ ਹਨ।

ਬੇਸ਼ਕ ਸਰੀਰ ਆਪਣੇ ਕੁਦਰਤੀ ਨਿਯਮ ਅਨੁਸਾਰ ਇਨ੍ਹਾਂ ਜ਼ਹਿਰੀਲੇ ਪਦਾਰਥਾਂ ਨੂੰ ਮਲ-ਮੂਤਰ, ਪਸੀਨੇ ਅਤੇ ਸਵਾਸ ਦੇ ਰੂਪ ਵਿਚ ਬਾਹਰ ਕੱਢਦਾ ਹੈ ਪਰ ਜਦੋਂ ਇਹ ਕਿਰਿਆਵਾਂ ਕਮਜ਼ੋਰ ਹੋ ਜਾਂਦੀਆਂ ਹਨ ਤਾਂ ਸਰੀਰ ਵਿਚ ਗੰਦਗੀ ਅਤੇ ਜ਼ਹਿਰੀਲੇ ਪਦਾਰਥ ਜਮ੍ਹਾਂ ਹੋ ਜਾਂਦੇ ਹਨ ਤਾਂ ਸਰੀਰ ਦੇ ਅੰਦਰਲੇ ਅੰਗ ਜਿਗਰ, ਮਿਹਦਾ, ਅੰਤੜੀਆਂ ਆਦਿ ਕਮਜ਼ੋਰ ਹੋਣ ਕਾਰਨ ਅਨੇਕਾਂ ਰੋਗ ਲੱਗ ਜਾਂਦੇ ਹਨ।

ਕੁਦਰਤੀ ਚਕਿਤਸਾ ਜਾਂ ਨੈਚਰੋਪੈਥੀ ਦੀ ਇਲਾਜ ਪ੍ਰਕਿਰਿਆ ਵੀ ਵਿਲੱਖਣ ਹੈ। ਇਸ ਵਿਚ ਰੋਗਾਂ ਦਾ ਕਾਰਨ ਕੀਟਾਣੂਆਂ ਨੂੰ ਨਹੀਂ, ਸਗੋਂ ਕੀਟਾਣੂਆਂ ਨੂੰ ਪ੍ਰਫੁਲਤ ਕਰਨ ਵਾਲੇ ਵਾਤਾਵਰਣ ਨੂੰ ਮੰਨਿਆ ਜਾਂਦਾ ਹੈ।

ਕੁਦਰਤੀ ਇਲਾਜ ਪ੍ਰਣਾਲੀ ਵਿਚ ਆਕਾਸ਼, ਵਾਯੂ, ਅਗਨੀ, ਜਲ, ਪ੍ਰਿਥਵੀ, ਯੋਗਾ, ਮਸਾਜ ਅਤੇ ਧਿਆਨ(ਮੈਡੀਟੇਸ਼ਨ)ਰਾਹੀ ਸਰੀਰ, ਮਨ ਅਤੇ ਆਤਮਾ ਨੂੰ ਨਿਰੋਗ ਕੀਤਾ ਜਾਂਦਾ ਹੈ ਕਿਉਂਕਿ ਇਸ ਅਨੁਸਾਰ ਸਰੀਰਕ, ਮਾਨਸਿਕ ਅਤੇ ਆਤਮਿਕ ਤਿੰਨੋਂ ਪੱਧਰਾਂ 'ਤੇ ਨਿਰੋਗ ਹੋਣਾ ਅਸਲ ਨਿਰੋਗਤਾ ਹੈ।

ਤੰਦਰੁਸਤੀ ਲਈ ਜ਼ਰੂਰਤ ਅਨੁਸਾਰ ਉਪਵਾਸ , ਵਰਤ ਰੱਖਣਾ ਆਕਾਸ਼ ਤੱਤਵ ਦੀ ਵਰਤੋਂ ਹੈ। ਪੇਟ ਦੇ ਸਾਰੇ ਰੋਗ, ਮੋਟਾਪਾ, ਸਵਾਸ ਰੋਗ, ਜੋੜਾਂ ਦੇ ਦਰਦ ਲਈ ਆਕਾਸ਼ ਤੱਤਵ ਦੀ ਵਰਤੋਂ ਕੀਤੀ ਜਾਂਦੀ ਹੈ। ਇਸੇ ਤਰ੍ਹਾਂ ਭਾਫ ਸ਼ਨਾਨ ਅਗਨੀ ਤੱਤਵ ਅਤੇ ਕੁਦਰਤੀ ਚਕਿਤਸਾ ਦੇ ਅਨਿੱਖੜ ਅੰਗ ਯੋਗ ਵਿਚ ਪ੍ਰਾਣਾਯਾਮ ਦੁਆਰਾ ਸਰੀਰ ਲਈ ਵਾਯੂ ਤੱਤਵ ਦੀ ਵਰਤੋਂ ਹੈ।

ਕਮਰ ਸ਼ਨਾਨ, ਮੇਹਨ ਸ਼ਨਾਨ , ਨੇਤੀ, ਅਤੇ ਸੈਂਕੜੇ ਰੋਗਾਂ ਦਾ ਇਕ ਇਲਾਜ ਅਨੀਮਾ-ਕੁੰਜਲ (ਸਰੀਰ ਦੇ ਅੰਦਰੂਨੀ ਸ਼ਨਾਨ) ਆਦਿ ਸਰੀਰਕ ਸ਼ੋਧਨ ਅਤੇ ਸ਼ੰਵੇਦਨਾਵਾਂ ਵਧਾਉਣ ਲਈ ਜਲ ਤੱਤਵ ਦੀ ਵਰਤੋਂ ਹੈ। ਪ੍ਰਿਥਵੀ ਤੱਤ ਪ੍ਰਧਾਨ ਮਿੱਟੀ ਚਕਿਤਸਾ ਅਨੁਸਾਰ ਸਰੀਰ ਵਿਚਲੇ ਜ਼ਹਿਰੀਲੇ ਮਾਦੇ ਨੂੰ ਬਾਹਰ ਕੱਢਣ ਲਈ ਮਿੱਟੀ ਨੂੰ ਸ਼੍ਰੇਸਟ ਕੀਟਾਣੂ ਨਾਸਕ ਔਸ਼ਧੀ ਦੇ ਰੂਪ ਵਿਚ ਕਈ ਪ੍ਰਕਾਰ ਨਾਲ ਪ੍ਰਯੋਗ ਕੀਤਾ ਜਾਂਦਾ ਹੈ।

ਸਰੀਰਕ ਅਤੇ ਮਾਨਸਿਕ ਮਜ਼ਬੂਤੀ ਲਈ ਰਕਤ ਸੰਚਾਰ, ਨਰਵਸ ਸਿਸਟਮ ਅਤੇ ਮਾਸ-ਪਸ਼ੀਆਂ ਦੀ ਮਜ਼ਬੂਤੀ ਲਈ ਮਸਾਜ ਜਾਂ ਮਾਲਿਸ਼ ਵੀ ਕੁਦਰਤੀ ਚਕਿਤਸਾ ਦਾ ਇਕ ਜ਼ਰੂਰੀ ਅੰਗ ਹੈ। ਸਰੀਰ ਦੇ ਕੁੱਝ ਖ਼ਾਸ ਕੇਂਦਰਾਂ ਰਿਸਪਾਂਸ ਸੈਂਟਰਜ਼ ਉਪਰ ਦਬਾਓ ਪਾਉਣਾ ਅਰਥਾਤ ਐਕਯੂਪ੍ਰੈਸਰ ਵੀ ਇਕ ਪ੍ਰਕਾਰ ਦੀ ਮਸਾਜ ਹੀ ਹੈ ਜਿਸਦਾ ਸੰਬੰਧ ਇਲਾਜ ਤੋ ਇਲਾਵਾ ਸਰੀਰ ਨੂੰ ਸੁੰਦਰ , ਲਚਕਦਾਰ ਅਤੇ ਫੁਰਤੀਲਾ ਬਣਾਉਣ ਨਾਲ ਵੀ ਹੈ। ਰੋਗੀ ਦੀ ਦਸ਼ਾ ਅਨੁਸਾਰ ਮਸਾਜ ਦੇ ਤਰੀਕੇ ਅਨੇਕ ਹਨ।

ਭਾਰਤੀ ਖਟ ਸ਼ਾਸਤਰਾਂ ਵਿਚੋਂ ਪਾਤੰਜਲੀ ਦੇ ਯੋਗ ਦਰਸ਼ਨ ਅਨੁਸਾਰ 'ਸੱਚਾ ਦਾਰਸ਼ਨਿਕ ਆਤਮਾਂ ਦਾ ਵੈਦ ਹੈ ਜੋ ਸਾਨੂੰ ਤ੍ਰਿਸ਼ਨਾਵਾਂ ਦੇ ਬੰਧਨਾਂ ਤੋਂ ਛੁਟਕਾਰੇ ਵਿਚ ਸਹਾਇਤਾ ਕਰਦਾ ਹੈ' ਦਰਅਸਲ ਤ੍ਰਿਸ਼ਨਾਵਾਂ ਵੀ ਇਕ ਪ੍ਰਕਾਰ ਦੇ ਆਤਮਿਕ ਰੋਗ ਹਨ ਜਿਨ੍ਹਾਂ ਦਾ ਇਲਾਜ ਕੁਦਰਤੀ ਚਕਿਤਸਾ ਅਨੁਸਾਰ ਧਿਆਨ ਸੰਜਮ ਅਤੇ ਸ਼ੁੱਧ ਆਚਰਣ ਹੈ। ਕੁਦਰਤੀ ਚਕਿਤਸਾ ਸਿਰਫ਼ ਇਕ ਇਲਾਜ ਪ੍ਰਣਾਲੀ ਨਹੀਂ ਸਗੋ ਇਕ ਸੰਪੂਰਨ ਜੀਵਨ ਸ਼ੈਲੀ ਵੀ ਹੈ।

ਇਸ ਵਿਚ ਖਾਣ-ਪੀਣ, ਰਹਿਣ-ਸਹਿਣ, ਸੰਜਮ, ਆਚਰਣ ਦੀ ਸ਼ੁੱਧਤਾ ਆਦਿ ਸ਼ੁੱਭ ਗੁਣਾਂ ਉਪਰ ਵੀ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਪੁੰਗਰਿਤ ਅੰਨ ਨੂੰ ਸਿਹਤ ਲਈ ਸਭ ਤੋਂ ਉੱਤਮ ਆਹਾਰ ਮੰਨਿਆ ਗਿਆ ਹੈ। ਇਸ ਨਾਲ ਰੋਗਾਂ ਦੀ ਜੜ੍ਹ ਮੋਟਾਪਾ ਘਟਦਾ ਹੈ ਅਤੇ ਸਰੀਰ ਨੂੰ ਲੋੜੀਂਦੇ ਤੱਤ ਮਿਲਣ ਕਾਰਨ ਜੀਵਨੀ ਸ਼ਕਤੀ (ਰੋਗਾਂ ਨਾਲ ਲੜਨ ਦੀ ਸ਼ਕਤੀ )ਵੱਧਦੀ ਹੈ। ਨਿੰਬੂ, ਆਂਵਲਾ, ਗਾਜਰ, ਸ਼ਹਿਦ, ਖੰਜੂਰ, ਦਹੀਂ, ਲਸਣ, ਪਿਆਜ਼, ਅਨੇਕਾਂ ਫਲ, ਸਬਜ਼ੀਆਂ ਦੇ ਰਸ ਆਦਿ ਦੀ ਵਰਤੋਂ ਰੋਗਾਂ ਅਨੁਸਾਰ ਆਹਾਰ ਵਿਚ ਵਿਸ਼ੇਸ਼ ਰੂਪ ਵਿਚ ਸ਼ਾਮਿਲ ਅਤੇ ਚੀਨੀ, ਨਮਕ, ਮੈਦਾ ਨੂੰ ਤਿੰਨ ਚਿੱਟੇ ਜ਼ਹਿਰ ਮੰਨ ਕੇ ਆਹਾਰ ਵਿਚ ਪਰਹੇਜ਼ ਕੀਤਾ ਜਾਂਦਾ ਹੈ।

ਸੂਰਜ ਦੇ ਪ੍ਰਕਾਸ਼ ਦੇ ਸੱਤ ਰੰਗਾਂ ਦੁਆਰਾ ਨਿਰੋਗ ਕਰਨਾ ਵੀ ਕੁਦਰਤੀ ਇਲਾਜ ਵਿਚ ਸ਼ਾਮਿਲ ਹੈ। ਸੂਰਜ ਦੀਆਂ ਕਿਰਨਾਂ ਬੇਸ਼ੱਕ ਇਕ ਰੰਗ ਦੀਆਂ ਜਾਪਦੀਆਂ ਹਨ ਪਰ ਵਾਸਤਵ ਵਿਚ ਇਹ ਸੱਤ ਰੰਗਾਂ ਦਾ ਸਮੂਹ ਹੈ ਜਿਨ੍ਹਾਂ ਦਾ ਚਕਿਤਸਾ ਦੇ ਖੇਤਰ ਵਿਚ ਅਲੱਗ-ਅਲੱਗ ਮਹੱਤਵ ਹੈ। ਲਾਲ, ਪੀਲੀ, ਹਰੀ, ਜਾਮਨੀ ਆਦਿ ਰੰਗਾਂ ਦੀਆਂ ਬੋਤਲਾਂ ਵਿਚ ਇਕ ਵਿਸ਼ੇਸ਼ ਵਿਧੀ ਦੁਆਰਾ ਕੁੱਝ ਘੰਟੇ ਧੁੱਪ ਵਿਚ ਰੱਖ ਕੇ ਚਾਰਜਿਤ ਕੀਤੇ ਪਾਣੀ ਜਾਂ ਤੇਲ ਵਿਚ, ਬੋਤਲਾਂ ਦੇ ਰੰਗਾਂ ਮੁਤਾਬਿਕ ਕੁਦਰਤੀ ਅਲੱਗ-ਅਲੱਗ ਗੁਣ ਪੈਦਾ ਹੋ ਜਾਂਦੇ ਹਨ। ਜਿਸਦੀ ਵਰਤੋਂ ਰੋਗੀ ਦੀ ਦਸ਼ਾ ਅਨੁਸਾਰ ਕੀਤੀ ਜਾਂਦੀ ਹੈ। ਇਸੇ ਤਰ੍ਹਾਂ ਵੱਖ-ਵੱਖ ਰੰਗਾਂ ਦੇ ਸ਼ੀਸ਼ਿਆਂ ਵਿਚੋਂ ਗੁਜ਼ਰਦੀਆਂ ਸੂਰਜ ਦੀਆਂ ਕਿਰਨਾਂ ਰੋਗੀ ਸਰੀਰ ਉੱਪਰ ਪਾ ਕੇ ਵੀ ਅਨੇਕਾਂ ਰੋਗਾਂ ਤੋਂ ਮੁਕਤੀ ਦਵਾਈ ਜਾਂਦੀ ਹੈ। ਇਨ੍ਹਾਂ ਰੰਗਾਂ ਦਾ ਸਾਡੇ ਸਰੀਰ ਵਿਚਲੀਆਂ ਰਸ ਗ੍ਰੰਥੀਆਂ ਥਾਇਰਾਈਡ, ਜਿਗਰ, ਪਿਚੂਟਰੀ, ਪੀਨੀਅਲ , ਓਵਰੀ ਆਦਿ 'ਤੇ ਗਹਿਰਾ ਅਸਰ ਪੈਂਦਾ ਹੈ। ਕੁੱਝ ਵਿਦਵਾਨਾਂ ਨੇ ਲਾਲ, ਨੀਲੇ ਅਤੇ ਹਰੇ ਰੰਗ ਨੂੰ ਹੀ ਮਹੱਤਵਪੂਰਣ ਮੰਨ ਕੇ ਇਨ੍ਹਾਂ ਰੰਗਾਂ ਦੇ ਗਰਮ ਠੰਡੇ ਗੁਣਾਂ ਅਨੁਸਾਰ ਇਲਾਜ ਕਰਨ ਨੂੰ ਪਹਿਲ ਦਿੱਤੀ ਹੈ।

**ਮੋਬਾਈਲ**-88470-47554

# ਭੁੱਲਣ ਦੀ ਬਿਮਾਰੀ ਤੋਂ ਪਾਓ ਨਿਜਾਤ

ਅੱਜਕੱਲ੍ਹ ਦੀ ਵਿਅਸਤ ਜੀਵਨ ਸ਼ੈਲੀ 'ਚ ਗੱਲ-ਗੱਲ 'ਤੇ ਭੁੱਲਣ ਦੀ ਬਿਮਾਰੀ ਆਮ ਹੋ ਗਈ ਹੈ। ਜੇ ਅਸੀਂ ਪਹਿਲਾਂ ਦੀ ਗੱਲ ਕਰੀਏ ਤਾਂ ਲੋਕਾਂ ਦੀ ਬਹੁਤ ਜ਼ਿਆਦਾ ਉਮਰ ਹੋ ਜਾਂਦੀ ਸੀ ਤਾਂ ਲੋਕੀ ਇਸ ਪਰੇਸ਼ਾਨੀ ਦਾ ਸਾਹਮਣਾ ਕਰਦੇ ਸੀ ਪਰ ਜੇਕਰ ਅੱਜ ਦੀ ਗੱਲ ਕੀਤੀ ਜਾਵੇ ਤਾਂ ਇਹ ਬਿਮਾਰੀ ਬੱਚਿਆਂ 'ਚ ਵੀ ਆਮ ਹੀ ਪਾਈ ਗਈ ਹੈ। ਕਈ ਵਾਰ ਅਸੀਂ ਛੋਟੀਆਂ- ਛੋਟੀਆਂ ਗੱਲਾਂ ਨੂੰ ਭੁੱਲ ਜਾਂਦੇ ਹਾਂ। ਇਹ ਅਲਜਾਇਮਰ ਬਿਮਾਰੀ ਦਾ ਸੰਕੇਤ ਹੋ ਸਕਦਾ ਹੈ। ਇਸ ਦੇ ਸ਼ੁਰੂਆਤੀ ਲੱਛਣ ਗੱਲ-ਗੱਲ 'ਤੇ ਭੁੱਲ ਜਾਣਾ, ਗੱਲ ਕਰਦੇ ਸਮੇਂ ਸ਼ਬਦਾਂ ਦਾ ਸਹੀ ਉਚਾਰਨ ਨਾ ਕਰਨਾ, ਕਿਸੇ ਦਾ ਨਾਂ ਭੁੱਲ ਜਾਣਾ, ਸਾਧਾਰਨ ਚੀਜ਼ਾਂ ਨੂੰ ਨਾ ਪਛਾਨਣਾ ਆਦਿ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।



**ਪੌਸ਼ਟਿਕ ਭੋਜਨ**- ਸ਼ੌਟ ਟਰਮ ਘੱਟ ਮੈਮਰੀ ਦੀ ਸਮੱਸਿਆ ਤੋਂ ਬਚਣ ਲਈ ਤੁਹਾਡੀ ਡਾਈਟ 'ਚ ਅੰਡਾ, ਸੁੱਕੇ ਮੇਵੇ, ਹਰੀ ਸਬਜ਼ੀਆਂ, ਮੂੰਗਫਲੀ, ਮੱਛੀ, ਚੁਕੰਦਰ, ਸੇਬ, ਕੌਫੀ, ਬਾਦਾਮ, ਘਿਓ ਤੇ ਦਾਲਾਂ ਨੂੰ ਸ਼ਾਮਿਲ ਕਰੋ।

**ਕਸਰਤ**- ਵੈਸੇ ਤਾਂ ਹਰ ਕਿਸੇ ਦੇ ਲਈ ਕਸਰਤ ਕਰਨਾ ਬਹੁਤ ਹੀ ਫ਼ਾਇਦੇਮੰਦ ਹੈ ਰੋਜ਼ ਕਸਰਤ ਕਰਨ ਨਾਲ ਯਾਦਦਾਸ਼ਤ ਵਧਣ ਦੇ ਨਾਲ-ਨਾਲ ਸਰੀਰ ਨੂੰ ਹੋਰ ਵੀ ਫ਼ਾਇਦੇ ਮਿਲਦੇ ਹਨ। ਇਸ ਲਈ ਹਰ ਰੋਜ਼ ਸਮਾਂ ਕੱਢ ਕੇ 10 ਤੋਂ 20 ਮਿੰਟ ਤਕ ਏਰੋਬੀਕ ਕਿਰਿਆ ਜ਼ਰੂਰ ਕਰੋ।

**ਭਰਪੂਰ ਨੀਂਦ**- ਵਧੀਆ ਤੇ ਭਰਪੂਰ ਨੀਂਦ ਨਾਲ ਤੁਸੀਂ ਭੁੱਲਣ ਦੇ ਨਾਲ-ਨਾਲ ਕਈ ਬਿਮਾਰੀਆਂ ਤੋਂ ਦੂਰ ਰਹਿੰਦੇ ਹੋ। ਹਰ ਉਮਰ ਦੇ ਲੋਕਾਂ ਲਈ ਘੱਟ ਤੋਂ ਘੱਟ 10 ਘੰਟੇ ਦੀ ਨੀਂਦ ਜ਼ਰੂਰੀ ਹੈ। ਇਸ 'ਚ 8 ਘੰਟੇ ਦੀ ਨੀਂਦ ਤੁਹਾਨੂੰ ਇਸ ਪਰੇਸ਼ਾਨੀ ਤੋਂ ਦੂਰ ਕਰਦੀ ਹੈ।



**ਮਾਨਸਿਕ ਰੂਪ ਤੋਂ ਮਜ਼ਬੂਤ**- ਸਰੀਰ ਦੇ ਨਾਲ-ਨਾਲ ਦਿਮਾਗ਼ ਨੂੰ ਵੀ ਮਜ਼ਬੂਤ ਕਰਦੀਆਂ ਹਨ ਇਹ ਚੀਜ਼ਾਂ ਦਿਮਾਗ਼ੀ ਖੇਡਾਂ ਖੇਡਣਾ, ਸੰਗੀਤ ਸੁਣਨਾ ਤੇ ਗਾਉਣਾ ਇਸ ਤਰ੍ਹਾਂ ਰੋਜ਼ਾਨਾ ਕਰਨ ਨਾਲ ਦਿਮਾਗ਼ ਤੇਜ਼ ਹੁੰਦਾ ਹੈ ਤੇ ਚੀਜ਼ਾਂ ਜਲਦੀ ਨਹੀਂ ਭੁੱਲਦੀਆਂ।

***ਪਿਸਤੇ ਦਾ ਸੇਵਨ***

*- ਯਾਦਦਾਸ਼ਤ ਨੂੰ ਤੇਜ਼ ਬਣਾਉਣ ਲਈ ਪਿਸਤਾ ਬਹੁਤ ਹੀ ਫ਼ਾਇਦੇਮੰਦ ਹੈ। ਇਸ ਲਈ ਆਪਣੀ ਡਾਈਟ 'ਚ ਇਸ ਨੂੰ ਸ਼ਾਮਿਲ ਕਰੋ। ਇਸ 'ਚ 0.54 ਮਿਲੀ ਗ੍ਰਾਮ ਥਾਈਮੀਨ ਪਾਇਆ ਜਾਂਦਾ ਹੈ ਜੋ ਦਿਮਾਗ਼ ਨੂੰ ਤੇਜ਼ ਕਰਦਾ ਹੈ।*

# ਹਫ਼ਤੇ 'ਚ ਦੂਰ ਕਰੋ ਕਮਰ ਦਰਦ

ਅੱਜ ਦੀ ਜੀਵਨ ਸ਼ੈਲੀ 'ਚ ਲੋਕ ਕਿਸੇ ਨਾ ਕਿਸੇ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਜ਼ਿਆਦਾਤਰ ਲੋਕਾਂ ਨੂੰ ਬੌਡੀ ਪੇਨ ਦੀ ਸ਼ਿਕਾਇਤ ਰਹਿੰਦੀ ਹੈ। ਜਿਸ 'ਚ ਕਮਰ ਦਰਦ ਦੀ ਜ਼ਿਆਦਾ ਸ਼ਿਕਾਇਤ ਆ ਰਹੀ ਹੈ। ਪਹਿਲਾਂ ਇਹ ਸਮੱਸਿਆ ਬਜ਼ੁਰਗ ਲੋਕਾਂ ਨੂੰ ਹੁੰਦੀ ਸੀ ਪਰ ਅੱਜ ਤਾਂ ਆਮ ਜਿਹੀ ਹੋ ਗਈ ਹੈ। ਬੱਚੇ, ਨੌਜਵਾਨ, ਬਜ਼ੁਰਗ ਹਰ ਕੋਈ ਇਸ ਪਰੇਸ਼ਾਨੀ ਦਾ ਸਾਹਮਣਾ ਕਰ ਰਿਹਾ ਹੈ। ਜ਼ਿਆਦਾ ਸਮੇਂ ਤਕ ਕੰਪਿਊਟਰ 'ਤੇ ਬੈਠਣਾ, ਦੇਰ ਤਕ ਬੈਠ ਕੇ ਟੀਵੀ ਦੇਖਣਾ, ਇਕ ਹੀ ਸਥਿਤੀ 'ਚ ਜ਼ਿਆਦਾ ਦੇਰ ਤਕ ਬੈਠਣਾ ਜਾਂ ਖੜ੍ਹੇ ਰਹਿਣ ਨਾਲ ਮਾਸ-ਪੇਸ਼ੀਆਂ 'ਚ ਖਿਚਾਆ ਤੇ ਅੜਚਨ ਆ ਜਾਂਦੀ ਹੈ। ਕਮਰ ਦਰਦ ਨਾਲ ਨਾ ਤਾਂ ਖੜ੍ਹੇ ਹੋਇਆ ਜਾਂਦਾ ਹੈ ਤੇ ਨਾ ਹੀ ਬੈਠ ਹੁੰਦਾ ਹੈ ਨਾ ਜ਼ਿਆਦਾ ਚੱਲਿਆ ਜਾਂਦਾ ਹੈ। ਇਸ ਦਰਦ ਤੋਂ ਛੁਟਕਾਰਾ ਪਾਉਣ ਲਈ ਲੋਕ ਬਹੁਤ ਸਾਰੀਆਂ ਦਵਾਈਆਂ ਦਾ ਸੇਵਨ ਕਰਦੇ ਹਨ ਪਰ ਉਸ ਦਾ ਅਸਰ ਕੁੱਝ ਦੇਰ ਲਈ ਹੁੰਦਾ ਹੈ ਥੋੜ੍ਹੀ ਦੇਰ ਬਾਅਦ ਫਿਰ ਵਿਅਕਤੀ ਦਰਦ ਨਾਲ ਜੂਝਦਾ ਹੈ। ਜੇ ਤੁਸੀ ਬਿਨਾਂ ਦਵਾਈਆਂ ਦੇ ਕਮਰ ਦਰਦ ਤੋਂ ਨਿਜਾਤ ਪਾਉਣਾ ਚਾਹੁੰਦੇ ਹੋ ਤਾਂ ਘਰੇਲੂ ਨੁਸਖ਼ਿਆਂ ਦਾ ਇਸਤੇਮਾਲ ਕਰੋ।

## ਅਜਵਾਇਣ

ਕਮਰ ਦਰਦ ਨੂੰ ਦੂਰ ਕਰਨ ਲਈ ਅਜਵਾਇਣ ਦਾ ਇਸਤੇਮਾਲ ਕਰਨਾ ਸਿਹਤ ਲਈ ਫ਼ਾਇਦੇਮੰਦ ਹੈ। ਅਜਵਾਇਣ ਨੂੰ ਤਵੇ 'ਤੇ ਰੱਖ ਕੇ 2-3 ਮਿੰਟ ਲਈ ਗਰਮ ਕਰੋ। ਇਸ ਦੇ ਬਾਅਦ ਇਸ ਨੂੰ ਚਬਾ-ਚਬਾ ਕੇ ਖਾਓ। ਰੋਜ਼ਾਨਾ ਇਸ ਦਾ ਸੇਵਨ ਕਰਨ ਨਾਲ 7 ਦਿਨਾਂ ਦੇ ਅੰਦਰ ਹੀ ਕਾਫ਼ੀ ਫ਼ਰਕ ਪੈ ਸਕਦਾ ਹੈ।

## ਨਮਕ

ਦਰਦ ਵਾਲੀ ਜਗ੍ਹਾ 'ਤੇ ਸੇਕ ਦੇਣ ਨਾਲ ਰਾਹਤ ਮਿਲਦੀ ਹੈ। ਇਸ ਲਈ ਨਮਕ ਨੂੰ ਗਰਮ ਕਰੋ ਗਰਮ ਕਰਨ ਤੋਂ ਬਾਅਦ ਉਸ ਨੂੰ ਇਕ ਕਪੜੇ 'ਚ ਬੰਨ ਲਓ। ਸੌਣ ਤੋਂ ਪਹਿਲਾਂ ਇਸ ਕਪੜੇ ਨੂੰ ਦਰਦ ਵਾਲੇ ਹਿੱਸੇ 'ਤੇ ਰੱਖੋ ਕੁੱਝ ਕੁ ਦਿਨ ਇਸ ਤਰ੍ਹਾਂ ਕਰਨ ਨਾਲ ਕਮਰ ਦਰਦ ਗਾਇਬ ਹੋ ਸਕਦੀ ਹੈ।

## ਨਾਰੀਅਲ ਤੇ ਸਰ੍ਹੋਂ ਦਾ ਤੇਲ

ਨਾਰੀਅਲ ਤੇ ਸਰ੍ਹੋਂ ਦਾ ਤੇਲ ਲਓ। ਇਸ 'ਚ ਲਸਣ ਪਾਓ ਜਦੋਂ ਤਕ ਲਸਣ ਦੀਆਂ ਤੁਰੀਆਂ ਕਾਲੀਆਂ ਨਾ ਹੋ ਜਾਂਦੀਆਂ ਉਦੋਂ ਤਕ ਗਰਮ ਕਰਦੇ ਰਹੋ। ਠੰਢਾ ਹੋਣ 'ਤੇ ਇਸ ਤੇਲ ਨੂੰ ਕਮਰ 'ਤੇ ਲਗਾ ਲਓ।

## ਗਰਮ ਪਾਣੀ ਨਾਲ ਨਹਾਉਣਾ

ਨਹਾਉਣ ਵਾਲੇ ਪਾਣੀ 'ਚ ਨਮਕ ਪਾ ਕੇ ਨਹਾਓ। ਨਮਕ ਵਾਲੇ ਪਾਣੀ ਨਾਲ ਨਹਾਉਣ 'ਤੇ ਸਰੀਰ ਨੂੰ ਕਾਫ਼ੀ ਫ਼ਾਇਦਾ ਮਿਲਦਾ ਹੈ ਤੇ ਦਰਦ ਤੋਂ ਵੀ ਰਾਹਤ ਪਾਈ ਜਾ ਸਕਦੀ ਹੈ। ਜਦੋਂ ਵੀ ਕਮਰ ਦਰਦ ਹੁੰਦੀ ਹੈ ਉਸ ਸਮੇਂ ਨਮਕ ਵਾਲੇ ਪਾਣੀ ਨਾਲ ਨਹਾਓ ਚਾਹੀਦੀ ਹੈ।



# ਅਨੇਕਾਂ ਰੋਗਾਂ 'ਚ ਫ਼ਾਇਦੇਮੰਦ ਆਂਵਲਾ

ਸੁਖਮੰਦਰ ਸਿੰਘ ਤੂਰ

ਆਂਵਲਾ ਸਰਦ ਰੁੱਤ ਵਿਚ ਮਿਲਣ ਵਾਲਾ ਅਤਿ ਗੁਣਕਾਰੀ ਫਲ ਹੈ। ਸਾਡੀ ਸੰਸਕ੍ਰਿਤੀ ਵਿਚ ਇਹ ਫਲ ਵਜੋਂ ਜਾਣਿਆ ਜਾਂਦਾ ਹੈ, ਜਿਸ ਦਾ ਅਰਥ ਹੈ ਮਨੁੱਖ ਦਾ ਦਾਈ ਦੀ ਤਰ੍ਹਾਂ ਪਾਲਣ ਕਰਨ ਵਾਲਾ। ਆਯੁਰਵੈਦਿਕ ਦਵਾਈਆਂ ਲਈ ਇਹ ਖ਼ਾਸ ਮਹੱਤਤਾ ਰੱਖਦਾ ਹੈ। ਇਸ ਵਿਚ ਵਿਟਾਮਿਨ 'ਸੀ' ਦੀ ਮਾਤਰਾ ਵਧੇਰੇ ਹੋਣ ਕਾਰਨ ਇਹ ਜ਼ਿਆਦਾ ਦੇਰ ਤਕ ਗਰਮ ਕਰਨ 'ਤੇ ਛੇਤੀ ਨਸ਼ਟ ਨਹੀਂ ਕੀਤਾ ਜਾ ਸਕਦਾ ਭਾਵ ਇਸ ਵਿਚਲੇ ਤੱਤ ਪਹਿਲਾਂ ਦੀ ਤਰ੍ਹਾਂ ਕਾਇਮ ਰਹਿੰਦੇ ਹਨ। ਆਂਵਲੇ ਨੂੰ ਤ੍ਰਿਫਲਾ ਅਤੇ ਹਰੜ ਵਿਚ ਮਿਲਾ ਕੇ ਬਹੁਤ ਸਾਰੀਆਂ ਦਵਾਈਆਂ ਤਿਆਰ ਕੀਤੀਆਂ ਜਾਂਦੀਆਂ ਹਨ। ਹਾਲ ਹੀ ਵਿਚ ਹੋਈ ਖੋਜ ਵਿਚ ਪਤਾ ਲੱਗਾ ਹੈ ਕਿ ਆਂਵਲਾ ਸਰੀਰ ਦੀ ਰੋਗ ਪ੍ਰਤੀਰੋਧੀ ਸ਼ਕਤੀ ਵਿਚ ਵਾਧਾ ਕਰਦਾ ਹੈ। ਜਿਸ ਨਾਲ ਸਰੀਰ ਜ਼ਿਆਦਾ ਪ੍ਰਭਾਵੀ ਢੰਗ ਨਾਲ ਕੈਂਸਰ ਵਰਗੇ ਖ਼ਤਰਨਾਕ ਰੋਗਾਂ ਤੋਂ ਆਪਣਾ ਬਚਾਅ ਕਰ ਸਕਦਾ ਹੈ।

### ਵਿਸ਼ੇਸ਼ਤਾ

ਆਂਵਲਾ ਇਕ ਚੰਗਾ ਪਾਚਕ ਹੈ ਗੈਸ ਅਤੇ ਕਬਜ਼ ਲਈ ਬਹੁਤ ਗੁਣਕਾਰੀ ਹੈ। ਬੁਖ਼ਾਰ ਹੋਵੇ ਤਾਂ ਇਹ ਪਸੀਨਾ ਲਿਆ ਕੇ ਬੁਖ਼ਾਰ ਨੂੰ ਘੱਟ ਕਰਦਾ ਹੈ। ਇਹ ਅੱਖਾਂ ਦੀ ਰੋਸ਼ਨੀ ਨੂੰ ਤੇਜ਼ ਕਰਨ ਵਿਚ ਵੀ ਸਹਾਈ ਹੁੰਦਾ ਹੈ ਅਤੇ ਦੰਦ ਅਤੇ ਮਸੂੜਿਆਂ ਨੂੰ ਮਜ਼ਬੂਤ ਕਰਕੇ ਇਨ੍ਹਾਂ ਨੂੰ ਨਵਾਂਪਨ ਬਖ਼ਸ਼ਦਾ ਹੈ। ਸਿਰ ਦੇ ਵਾਲ੍ਹਾਂ ਨੂੰ ਸਫ਼ੈਦ ਹੋਣ ਤੋਂ ਰੋਕਦਾ ਤੇ ਇਨ੍ਹਾਂ ਨੂੰ ਮੁਲਾਇਮ, ਚਮਕਦਾਰ ਅਤੇ ਖ਼ੂਬਸੂਰਤ ਬਣਾਉਂਦਾ ਹੈ। ਆਂਵਲੇ ਦਾ ਚੂਰਨ ਤੇ ਹਰੜ ਨਾਲ ਕਾਫ਼ੀ ਪੁਰਾਣੀ ਕਬਜ਼ ਦੂਰ ਹੋ ਜਾਂਦੀ ਹੈ।



### ਪ੍ਰਯੋਗ

- **ਪਿਸ਼ਾਬ ਦੀ ਜਲਣ**- ਹਰੇ ਆਂਵਲੇ ਦਾ ਰਸ 5 ਤੋਲੇ ਅਤੇ ਸ਼ਹਿਦ ਦੋ ਤੋਲੇ, ਇਨ੍ਹਾਂ ਨੂੰ ਆਪਸ ਵਿਚ ਮਿਲਾ ਕੇ ਦਿਨ ਵਿਚ ਦੋ ਵਾਰ ਖਾਣ ਨਾਲ ਪਿਸ਼ਾਬ ਖੁੱਲ੍ਹ ਕੇ ਆਵੇਗਾ ਅਤੇ ਜਲਣ ਵੀ ਠੀਕ ਹੋਵੇਗੀ।
- **ਖ਼ੂਨੀ ਬਵਾਸੀਰ** - ਸੁੱਕੇ ਆਂਵਲੇ ਬਾਰੀਕ ਕਰਕੇ 6 ਮਾਸੇ ਸਵੇਰੇ ਅਤੇ 6 ਮਾਸੇ ਸ਼ਾਮ ਨੂੰ ਦੁੱਧ ਨਾਲ ਖਾਣ 'ਤੇ ਖ਼ੂਨੀ ਬਵਾਸੀਰ ਠੀਕ ਹੁੰਦੀ ਹੈ ਅਤੇ ਪੇਟ ਗੈਸ ਤੋਂ ਵੀ ਲਾਭ ਮਿਲਦਾ ਹੈ।
- **ਕਬਜ਼ ਤੋਂ ਰਾਹਤ**- ਆਂਵਲਾ ਅਤੇ ਹਰੜ ਬਰਾਬਰ ਮਾਤਰਾ ਵਿਚ ਮਿਲਾ ਕੇ ਦੁੱਧ ਨਾਲ ਇਸਤੇਮਾਲ ਕਰਨ ਨਾਲ ਕਬਜ਼ ਦੂਰ ਹੁੰਦੀ ਅਤੇ ਪੇਟ ਹਲਕਾ ਹੋ ਜਾਂਦਾ ਹੈ।
- **ਬੁਢਾਪੇ 'ਚ ਸਹੀ** - ਆਂਵਲੇ ਨੂੰ ਦੇਸੀ ਘਿਓ ਅਤੇ ਮਿਸ਼ਰੀ ਵਿਚ ਮਿਲਾ ਕੇ ਲਗਾਤਾਰ ਲੈਣ ਨਾਲ ਬੁਢਾਪੇ ਨੂੰ ਲੰਬੇ ਸਮੇਂ ਤਕ ਟਾਲਿਆ ਜਾ ਸਕਦਾ ਹੈ ਅਤੇ ਚਿਹਰਾ ਵੀ ਝੁਰੜੀਆਂ ਰਹਿਤ ਰਹਿੰਦਾ ਹੈ।
- **ਅੱਖਾਂ ਦੀ ਰੋਸ਼ਨੀ**- ਸੁਕਾ ਆਂਵਲਾ ਅਤੇ ਬਦਾਮ ਨੂੰ ਪੀਸ ਕੇ ਰੋਜ਼ਾਨਾ ਸ਼ਹਿਦ ਅਤੇ ਦੁੱਧ ਨਾਲ ਉਪਯੋਗ ਕਰਨ 'ਤੇ ਅੱਖਾਂ ਦੀ ਰੋਸ਼ਨੀ ਤੇਜ਼ ਹੁੰਦੀ ਹੈ। ਇਸ ਨਾਲ ਚਿੱਟੇ ਅਤੇ ਕਾਲੇ ਮੋਤੀਏ ਤੋਂ ਬਚਿਆ ਜਾ ਸਕਦਾ ਹੈ।
- **ਹੱਡੀਆਂ ਦੀ ਮਜ਼ਬੂਤੀ** - ਆਂਵਲੇ ਵਿਚ ਵਿਟਾਮਿਨ 'ਸੀ' ਦੀ ਬਹੁਤਾਤ ਹੋਣ ਕਾਰਨ ਇਹ ਹੱਡੀਆਂ ਦੀ ਮਜ਼ਬੂਤੀ ਲਈ ਬਹੁਤ ਉਪਯੋਗੀ ਹੈ।
- **ਜ਼ਹਿਰੀਲੇ ਕੀੜੇ ਦਾ ਕੱਟਿਆ**- ਜੇ ਕਿਸੇ ਸਮੇਂ ਕੋਈ ਜ਼ਹਿਰੀਲਾ ਕੀੜਾ ਕੱਟ ਜਾਵੇ ਤਾਂ ਆਂਵਲੇ ਅਤੇ ਨਿੰਮ ਦੇ ਪੱਤਿਆਂ ਦਾ ਰਸ ਬਰਾਬਰ ਮਾਤਰਾ ਵਿਚ ਮਿਲਾ ਕੇ ਜ਼ਖ਼ਮ 'ਤੇ ਲਾਉਣ ਨਾਲ ਜ਼ਹਿਰ ਦਾ ਅਸਰ ਘੱਟ ਜਾਂਦਾ ਹੈ।

ਕੌਮੀ ਪੱਤ੍ਰਿਕਾ

# ‘ਗੈਂਗਸਟਰਾਂ ਤੇ ਵਾਰ’: ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਲੋੜੀਂਦੇ ਅਪਰਾਧੀਆਂ ਨੂੰ ਕਾਬੂ ਕਰਨ ਲਈ ‘ਆਪਰੇਸ਼ਨ ਪ੍ਰਹਾਰ-2’ ਕੀਤਾ ਲਾਂਚ

**➢ ਪਿਛਲੇ 20 ਦਿਨਾਂ ਵਿੱਚ ਪੰਜਾਬ ਪੁਲਿਸ ਨੇ 5290 ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ , 2973 ਵਿਰੁੱਧ ਕੀਤੀ ਇਹਤਿਆਤੀ ਕਾਰਵਾਈ ➢ ਪੰਜਾਬ ਪੁਲਿਸ ਹੈੱਡਕੁਆਟਰ ਦੇ ਸੀਨੀਅਰ ਅਧਿਕਾਰੀ ਵੱਲੋਂ ਪੁਲਿਸ ਜ਼ਿਲ੍ਹਿਆਂ ਦੀ ਨਿੱਜੀ ਤੌਰ ’ਤੇ ਕੀਤੀ ਜਾਵੇਗੀ ਨਿਗਰਾਨੀ : ਡੀਜੀਪੀ ਗੌਰਵ ਯਾਦਵ**



**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ‘ਗੈਂਗਸਟਰਾਂ ਤੇ ਵਾਰ’ ਮੁਹਿੰਮ ਵਿੱਚ ਹੋਰ ਤੇਜ਼ੀ ਲਿਆਉਂਦਿਆਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਅੱਜ ਲੋੜੀਂਦੇ ਅਪਰਾਧੀਆਂ ਨੂੰ ਕਾਬੂ ਕਰਨ ਲਈ 72 ਘੰਟੇ ਵਾਲੇ ‘ਆਪ੍ਰੇਸ਼ਨ ਪ੍ਰਹਾਰ-2’ ਦੀ ਸ਼ੁਰੂਆਤ ਦਾ ਐਲਾਨ ਕੀਤਾ।

ਡੀਜੀਪੀ ਗੌਰਵ ਯਾਦਵ , ਜਿਨ੍ਹਾਂ ਦੇ ਨਾਲ ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ, ਏਡੀਜੀਪੀ ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏ.ਐਨ.ਟੀ.ਐਫ.) ਨੀਲਾਭ ਕਿਸ਼ੋਰ ਅਤੇ ਇੰਟੈਲੀਜੈਂਸ ਮੁਖੀ ਡਾ. ਸੁਖਚੈਨ ਸਿੰਘ ਗਿੱਲ ਵੀ ਮੌਜੂਦ ਸਨ, ‘ਯੁੱਧ ਨਸ਼ਿਆਂ ਵਿਰੁੱਧ’ ਅਤੇ ‘ਗੈਂਗਸਟਰਾਂ ’ਤੇ ਵਾਰ’ ਮੁਹਿੰਮਾਂ ਦੀ ਪ੍ਰਗਤੀ ਦੀ ਸਮੀਖਿਆ ਕਰਨ ਲਈ ਸਾਰੇ ਸੀਪੀ/ਐਸਐਸਪੀਜ਼ ਅਤੇ ਰੇਂਜ ਆਈਜੀਪੀਜ਼/ਡੀਆਈਜੀਜ਼ ਨਾਲ ਉੱਚ-ਪੱਧਰੀ ਮੀਟਿੰਗ ਤੋਂ ਬਾਅਦ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ।

ਇਹ ਕਾਰਵਾਈ ‘ਆਪ੍ਰੇਸ਼ਨ ਪ੍ਰਹਾਰ’ , ਜਿਸ ਤਹਿਤ ਮਹਿਜ਼ 72 ਘੰਟਿਆਂ ਵਿੱਚ 3256 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 69 ਹਥਿਆਰ ਬਰਾਮਦ ਕੀਤੇ ਗਏ ਸਨ, ਦੀ ਵੱਡੀ ਸਫਲਤਾ ਤੋਂ ਕੁਝ ਦਿਨ ਬਾਅਦ ਅਮਲ ਵਿਚ ਲਿਆਂਦੀ ਗਈ ਹੈ। ਡੀਜੀਪੀ ਨੇ ਕਿਹਾ ਕਿ ‘ ਆਪ੍ਰੇਸ਼ਨ ਪ੍ਰਹਾਰ-2’ ਸੋਮਵਾਰ ਤੋਂ ਬੁੱਧਵਾਰ ਤੱਕ ਚਲਾਇਆ ਜਾਵੇਗਾ ਅਤੇ ਆਪ੍ਰੇਸ਼ਨ ਦੀ ਪ੍ਰਭਾਵੀ ਨਿਗਰਾਨੀ ਲਈ ਪੰਜਾਬ ਪੁਲਿਸ ਹੈੱਡਕੁਆਰਟਰ ਦੇ ਸੀਨੀਅਰ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਗਿਆ ਹੈ। ‘ਗੈਂਗਸਟਰਾਂ ਤੇ ਵਾਰ’ ਮੁਹਿੰਮ ਦੇ 20 ਦਿਨਾਂ ਦੇ ਨਤੀਜੇ ਸਾਂਝੇ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 17,603 ਛਾਪੇਮਾਰੀਆਂ ਕਰ ਕੇ 5,290 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਵਿੱਚ ਗੈਂਗਸਟਰ ਅਤੇ ਉਨ੍ਹਾਂ ਨਾਲ ਜੁੜੇ ਅਪਰਾਧੀ ਸ਼ਾਮਲ ਹਨ ਅਤੇ ਉਨ੍ਹਾਂ ਦੇ ਕਬਜ਼ੇ ਚੋਂ 128 ਹਥਿਆਰ ਬਰਾਮਦ ਕੀਤੇ ਹਨ। ਇਸ ਤੋਂ ਇਲਾਵਾ 2,973 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 5413 ਵਿਅਕਤੀਆਂ ਨੂੰ ਤਫ਼ਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਰਿਹਾਅ ਕਰ ਦਿੱਤਾ ਗਿਆ, ਉਨ੍ਹਾਂ ਕਿਹਾ ਕਿ 344 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ।

ਸਾਰੀਆਂ ਝੂਠੀਆਂ ਬਿਆਨਬਾਜ਼ੀਆਂ ਨੂੰ ਨਕਾਰਦਿਆਂ ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਆਪ੍ਰੇਸ਼ ਪੂਰੀ ਤਰ੍ਹਾਂ ਕਾਨੂੰਨ ਅਨੁਸਾਰ ਹੈ ਅਤੇ ਪੁਲਿਸ ਸਿਰਫ਼ ਉਨ੍ਹਾਂ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਰਹੀਆਂ ਜੋ ਅਪਰਾਧ ਵਿੱਚ ਲੋੜੀਂਦੇ ਹਨ। ਪੁਲਿਸ ਜ਼ਿਲਿ ?ਆਂ ਵਿੱਚ ਪ੍ਰਭਾਵਸ਼ਾਲੀ ਨਿਗਰਾਨੀ ਲਈ, ਵਿਸ਼ੇਸ਼ ਡੀਜੀਪੀ, ਏਡੀਜੀਪੀ, ਆਈਜੀਪੀ ਅਤੇ ਡੀਆਈਜੀ-ਰੈਂਕ ਦੇ ਅਧਿਕਾਰੀਆਂ ਨੂੰ ਮੁਕੰਮ ਨਜ਼ਰਸਾਨੀ ਲਈ ਪੁਲਿਸ ਜ਼ਿਲ੍ਹੇ ਅਲਾਟ ਕੀਤੇ ਗਏ ਹਨ ਅਤੇ ਇਹ ਨਿਰਦੇਸ਼ ਦਿੱਤੇ ਗਏ ਹਨ ਕਿ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਜਾਂ ਲਾਪ੍ਰਵਾਹੀ ਲਈ ਸਬੰਧਤ ਅਧਿਕਾਰੀ ਜਵਾਬਦੇਹ ਹੋਣਗੇ।

ਸੂਬੇ ਭਰ ਵਿੱਚ ਪੁਲਿਸ ਦੀ ਮੌਜੂਦਗੀ ਨੂੰ ਵਧਾਉਣ ਅਤੇ ਅਪਰਾਧ ਨਜਿੱਠਣ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ, ਡੀਜੀਪੀ ਨੇ ਕਿਹਾ ਕਿ ਸਾਰੇ ਸੀਪੀਜ਼/ਐਸਐਸਪੀਜ਼ ਅਤੇ ਰੇਂਜ ਆਈਜੀਪੀਜ਼/ਡੀਆਈਜੀਜ਼ ਨੂੰ ਮੁਕੰਮਲ ਤਿਆਰੀ ਕਰਨ ਬਾਰੇ ਸਟੈਂਡਰਡ ਓਪਰੇਟਿੰਗ ਪ੍ਰਕਿਰਿਆ (ਐਸਓਪੀ) ਵੀ ਜਾਰੀ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਸੀਪੀ/ਐਸਐਸਪੀ ਨੂੰ ਜਾਂਚ ਦੀ ਨਿਗਰਾਨੀ ਕਰਨ ਅਤੇ ਘਿਨਾਉਣੇ ਅਪਰਾਧਾਂ ਦਾ ਪਤਾ ਲਗਾਉਣ ਨੂੰ ਯਕੀਨੀ ਬਣਾਉਣ ਲਈ ਅਪਰਾਧ ਵਾਲੀਆਂ ਸਾਰੀਆਂ ਅਹਿਮ ਥਾਵਾਂ ਦਾ ਨਿੱਜੀ ਤੌਰ ’ਤੇ ਜਾਇਜ਼ਾ ਲੈਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਪੁਲਿਸ ਦੀ ਮੌਜੂਦਗੀ ਅਤੇ ਭਰੋਸਾ ਵਧਾਉਣ ਲਈ ਸਾਰੇ ਜ਼ਿਲ੍ਹਾ ਮੁਖੀਆਂ ਨੂੰ ਭੀੜ-ਭੜੱਕੇ ਵਾਲੇ ਇਲਾਕੇ ਅਤੇ ਹੌਟਸਪੌਟ ਖੇਤਰਾਂ ਵਿੱਚ ਨਿੱਜੀ ਤੌਰ ’ਤੇ ਖੇਤਰੀ ਦੌਰੇ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਸੂਬੇ ਵਿੱਚ ਨਾਨ-ਕੋਰ ਡਿਊਟੀਆਂ ’ਤੇ ਤਾਇਨਾਤ ਪੁਲਿਸ ਫੋਰਸ ਦਾ ਆਡਿਟ ਅਤੇ ਲਾਮਬੰਦੀ ਕੀਤੀ ਜਾ ਰਹੀ ਹੈ ਤਾਂ ਜੋ ਚੌਵੀ ਘੰਟੇ ਸਰਗਰਮ ਹਾਈ-ਟੈਕ ਨਾਕਿਆਂ ਅਤੇ ਸ਼ਹਿਰ ਦੇ ਸੀਲਿੰਗ ਪੁਆਇੰਟਾਂ ਨੂੰ ਹੋਰ ਮਜ਼ਬੂਤ ਕਰਨ ਲਈ ਵੱਧ ਤੋਂ ਵੱਧ ਨਫ਼ਰੀ ਜੁਟਾਈ ਜਾ ਸਕੇ । ਪੁਲਿਸ ਨੂੰ ਰਿਪੋਰਟ ਮਿਲੀ ਸੀ ਕਿ ਅਪਰਾਧਾਂ ਵਿੱਚ ਵਰਤੇ ਗਏ ਕਈ ਵਾਹਨ,ਬਿਨਾਂ ਨੰਬਰਾਂ ਤੋਂ ਘੁੰਮ ਰਹੇ ਹਨ, ਇਸ ਲਈ ਵਾਹਨਾਂ ਦੀ ਜਾਂਚ , ਵਿਸ਼ੇਸ਼ ਕਰਕੇ ਦੋ-ਪਹੀਆ ਵਾਹਨਾਂ ਦੇ ਚਲਾਨ ਕਰਨ ਅਤੇ ਜ਼ਬਤ ਕਰਨ ’ਤੇ ਵਿਸ਼ੇਸ਼ ਧਿਆਨ ਕੇਂਦ੍ਰਤ ਕਰਨ ਲਈ ਨਿਰੇਦਸ਼ ਜਾਰੀ ਕੀਤੇ ਗਏ ਹਨ।

ਵਾਇਰਲੈੱਸ ਸੈੱਟਾਂ ਅਤੇ ਵਾਕੀ-ਟਾਕੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਲੋੜ ’ਤੇ ਜ਼ੋਰ ਦਿੰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਹ ਸਬੰਧਤ ਸੀਪੀਜ਼/ਐਸਐਸਪੀਜ਼/ਰੇਂਜ ਆਈਜੀਪੀਜ਼/ਡੀਆਈਜੀਜ਼ ਦੀ ਜ਼ਿੰਮੇਵਾਰੀ ਹੋਵੇਗੀ ਕਿ ਉਹ ਘਟਨਾ ਦੀ ਰਿਪੋਰਟ ਹੋਣ ਤੋਂ ਤੁਰੰਤ ਬਾਅਦ ਢੁਕਵੀਂ ਪੁਲਿਸ ਕਾਰਵਾਈ ਅਮਲ ਵਿੱਚ ਲਿਆਉਣ। ਉਨ੍ਹਾਂ ਕਿਹਾ, “ਕਿਸੇ ਵੀ ਅਪਰਾਧਿਕ ਘਟਨਾ ਦੀ ਰਿਪੋਰਟ ਹੋਣ ਤੋਂ ਬਾਅਦ ਤੇਜ਼ੀ ਨਾਲ ਪ੍ਰਤੀਕਿਰਿਆ ਯਕੀਨੀ ਬਣਾਉਣ ਲਈ, ਬਚ ਕੇ ਫਰਾਰ ਹੋਣ ਵਾਲੇ ਰਸਤਿਆਂ ਅਤੇ ਨਿਕਾਸ ਸਥਾਨਾਂ ’ਤੇ ਤਿੱਖੀ ਨਜ਼ਰ ਰੱਖਦਿਆਂ ਅਪਰਾਧੀਆਂ ਨੂੰ ਰੋਕਣ ਲਈ ਇੱਕ ਵਿਆਪਕ ਸੀਲਿੰਗ ਯੋਜਨਾ ਤੁਰੰਤ ਲਾਗੂ ਕੀਤੀ ਜਾਣੀ ਚਾਹੀਦੀ ਹੈ।”

1 ਮਾਰਚ, 2025 ਨੂੰ ਸ਼ੁਰੂ ਕੀਤੀ ਗਈ ‘ਯੁੱਧ ਨਸ਼ਿਆ ਵਿਰੁੱਧ’ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਰਾਜ ਦੀ ਅਣਥੱਕ ਲੜਾਈ ਨੂੰ ਉਜਾਗਰ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ 48167 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ 33,779 ਐਫਆਈਆਰਜ਼ ਦਰਜ ਕੀਤੀਆਂ ਅਤੇ ਉਨ੍ਹਾਂ ਦੇ ਕਬਜ਼ੇ ਚੋਂ 2149 ਕਿਲੋ ਹੈਰੋਇਨ, 29 ਕਿਲੋਗ੍ਰਾਮ ਆਈ.ਸੀ.ਈ., 649 ਕਿਲੋ ਅਫੀਮ, 28,527 ਕਿਲੋਗ੍ਰਾਮ ਭੁੱਕੀ, 48.31 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 15.91 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ।

ਉਨ੍ਹਾਂ ਕਿਹਾ ਕਿ ਲੋਕ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਬਾਰੇ ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ—93946-93946 ਰਾਹੀਂ ਰਿਪੋਰਟ ਕਰ ਸਕਦੇ ਹਨ ਅਤੇ ਕਿਸੇ ਵੀ ਤਰ੍ਹਾਂ ਦੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕਰ ਸਕਦੇ ਹਨ।

# ਸੇਫ ਸਕੂਲ ਵਾਹਨ ਨੀਤੀ ਤਹਿਤ ਸਕੂਲ ਵਾਹਨਾਂ ਦੀ ਚੈਕਿੰਗ ਕਰਕੇ 6 ਸਕੂਲੀ ਵਾਹਨਾਂ ਦੇ ਚਲਾਨ ਕੱਟੇ



**ਸੁਨਾਮ ਊਧਮ ਸਿੰਘ ਵਾਲਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਜਾਰੀ ਸੇਫ ਸਕੂਲ ਵਾਹਨ ਨੀਤੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਣਾ ਯਕੀਨੀ ਬਣਾਉਣ ਲਈ ਸੁਨਾਮ-ਚੀਮਾ ਖੇਤਰ ਦੇ ਵੱਖ-ਵੱਖ ਸਕੂਲਾਂ ਵਿੱਚ ਸਕੂਲ ਵਾਹਨਾਂ ਦੀ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ ਤੇ ਚੈਕਿੰਗ ਦੌਰਾਨ ਨਿਯਮਾਂ ਦੀ ਉਲੰਘਣਾ ਕਰਨ ਵਾਲੇ 6 ਸਕੂਲ ਵਾਹਨਾਂ ਦੇ ਚਲਾਨ ਕੱਟੇ ਗਏ। ਇਹ ਚੈਕਿੰਗ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪ੍ਰਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਕੀਤੀ ਗਈ, ਜਿਸ ਦੌਰਾਨ ਬੱਚਿਆਂ ਦੀ ਸੁਰੱਖਿਆ ਨਾਲ ਸੰਬੰਧਿਤ ਨਿਯਮਾਂ ਦੀ ਪਾਲਣਾ ਸਬੰਧੀ ਜਾਂਚ ਕੀਤੀ ਗਈ। ਜਾਂਚ ਸਮੇਂ ਕੁਝ ਵਾਹਨਾਂ ਵਿੱਚ ਅੱਗ ਬੁਝਾਉਣ ਵਾਲਾ ਜੰਤਰ ਮੌਜੂਦ ਨਾ ਹੋਣਾ, ਡਰਾਈਵਰ ਦਾ ਬਿਨਾਂ ਵਰਦੀ ਹੋਣਾ, ਬੱਸ ’ਤੇ ਸਕੂਲ ਦਾ ਨਾਮ ਸਪਸ਼ਟ ਤੌਰ ’ਤੇ ਦਰਜ ਨਾ ਹੋਣਾ, ਸਮਰੱਥਾ ਤੋਂ ਵੱਧ ਬੱਚਿਆਂ ਨੂੰ ਬਿਠਾਉਣਾ ਅਤੇ ਹੈਲਪਰ ਦੀ ਗੈਰਹਾਜ਼ਰੀ ਵਰਗੀਆਂ ਗੰਭੀਰ ਖਾਮੀਆਂ ਸਾਹਮਣੇ ਆਈਆਂ।

ਇਸ ਨੂੰ ਗੰਭੀਰਤਾ ਨਾਲ ਲੈਂਦਿਆਂ ਅਧਿਕਾਰੀਆਂ ਵੱਲੋਂ ਸਬੰਧਤ ਸਕੂਲ ਪ੍ਰਬੰਧਨਾਂ ਨੂੰ 15 ਦਿਨਾਂ ਦੇ ਅੰਦਰ ਸਾਰੀਆਂ ਕਮੀਆਂ ਦੂਰ ਕਰਕੇ ਨਿਯਮਾਂ
ਦੀ ਪੂਰੀ ਪਾਲਣਾ ਕਰਨ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ।

ਇਸ ਮੌਕੇ ਟ੍ਰੈਫਿਕ ਵਿਭਾਗ ਤੋਂ ਨਿਰਭੈ ਸਿੰਘ ਅਤੇ ਦਿਲਬਾਗ ਸਿੰਘ, ਸਿੱਖਿਆ ਵਿਭਾਗ ਤੋਂ ਅਰੁਣ ਸ਼ਰਮਾ ਅਤੇ ਡੀਸੀਪੀਓ ਨਿਰਮਲ ਕੌਰ ਵੀ ਹਾਜ਼ਰ ਰਹੇ। ਅਧਿਕਾਰੀਆਂ ਨੇ ਦੱਸਿਆ ਕਿ ਬੱਚਿਆਂ ਦੀ ਸੁਰੱਖਿਆ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਸਕੂਲ ਵਾਹਨਾਂ ਨਾਲ ਸੰਬੰਧਿਤ ਨਿਯਮਾਂ ਦੀ ਉਲੰਘਣਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਵਿਆਹ ਸੌਦਾ ਬਣਦਾ ਜਾ ਰਿਹਾ, ਰਿਸ਼ਤਿਆਂ ਦੀ ਪਵਿੱਤਰਤਾ ਖਤਰੇ ਵਿੱਚ : ਭਾਰਜ

**ਲੁਧਿਆਣਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਆਲ ਇੰਡੀਆ ਰਾਮਗੜ੍ਹੀਆ ਬੋਰਡ ਦੇ ਪ੍ਰਧਾਨ ਇੰਜੀਨੀਅਰ ਪਰਮਜੀਤ ਸਿੰਘ ਭਾਰਜ ਨੇ ਕਿਹਾ ਹੈ ਕਿ ਅੱਜ ਵਿਆਹ ਪਵਿੱਤਰ ਰਿਸ਼ਤਾ ਰਹਿਣ ਦੀ ਬਜਾਏ ਮੰਗਾਂ ਅਤੇ ਲਾਲਚ ਦਾ ਸੌਦਾ ਬਣਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਮੱਸਿਆ ਕੁੜੀਆਂ ਦੀ ਘਾਟ ਨਹੀਂ, ਸਗੋਂ ਬੇਹਦ ਅਤੇ ਗੈਰ-ਵਾਜਬ ਉਮੀਦਾਂ ਹਨ, ਜਿਸ ਕਾਰਨ ਅਨੇਕਾਂ ਯੋਗ ਲੜਕੇ-ਲੜਕੀਆਂ ਵਿਆਹ ਤੋਂ ਵਾਂਝੇ ਰਹਿ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਸ ਸਥਿਤੀ ਦਾ ਫਾਇਦਾ ਚੁੱਕ ਕੇ ਕਈ ਦਲਾਲ ਅਤੇ ਠੱਗ ਲੋਕਾਂ ਤੋਂ ਹਜ਼ਾਰਾਂ-ਲੱਖਾਂ ਰੁਪਏ ਵਸੂਲ ਕਰ ਰਹੇ ਹਨ, ਪਰ ਰਿਸ਼ਤੇ ਸਿਰੇ ਨਹੀਂ ਚੜ੍ਹਦੇ।

ਬਹੁਤ ਸਾਰੇ ਮਾਮਲਿਆਂ ਵਿੱਚ ਪੈਸੇ ਲੈਣ ਮਗਰੋਂ ਸੰਪਰਕ ਤੱਕ ਤੋੜ ਦਿੱਤਾ ਜਾਂਦਾ ਹੈ।

ਇੰਜੀਨੀਅਰ ਭਾਰਜ ਨੇ ਜਾਣਕਾਰੀ ਦਿੱਤੀ ਕਿ ਇਸ ਸਮੱਸਿਆ ਦੇ ਹੱਲ ਲਈ ਆਲ ਇੰਡੀਆ ਰਾਮਗੜ੍ਹੀਆ ਬੋਰਡ ਵੱਲੋਂ ਜਨਵਰੀ 2025 ਵਿੱਚ 100% ਮੁਫ਼ਤ ਰਿਸ਼ਤੇ ਕਰਵਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ, ਜਿਸ ਤਹਿਤ ਦਸੰਬਰ 2025 ਤੱਕ 35 ਸਫਲ ਵਿਆਹ ਕਰਵਾਏ ਗਏ।

ਉਨ੍ਹਾਂ ਕਿਹਾ ਕਿ ਲੋਕਾਂ ਦੀ ਪ੍ਰਾਈਵੇਸੀ ਨੂੰ ਧਿਆਨ ਵਿੱਚ ਰੱਖਦੇ ਹੋਏ ਮੁਫ਼ਤ ਰਿਸ਼ਤਾ ਸੇਵਾ ਲਈ ਵੈੱਬਸਾਈਟ ਅਤੇ ਮੋਬਾਈਲ ਐਪ ਤਿਆਰ ਕੀਤੀ ਜਾ ਰਹੀ ਹੈ, ਜੋ ਅਪ੍ਰੈਲ 2026 ਤੱਕ ਲਾਂਚ ਹੋਵੇਗੀ। ਅੰਤ ਵਿੱਚ ਉਨ੍ਹਾਂ ਅਪੀਲ ਕੀਤੀ ਕਿ ਰਿਸ਼ਤਾ ਹੋਣ ਤੋਂ ਪਹਿਲਾਂ ਕਿਸੇ ਵੀ ਦਲਾਲ ਨੂੰ ਪੈਸੇ ਨਾ ਦਿੱਤੇ ਜਾਣ, ਤਾਂ ਜੋ ਧੋਖੇ ਤੋਂ ਬਚਿਆ ਜਾ ਸਕੇ।

# ਰੇਤ ਮਾਫੀਆ ਫਿਰ ਸਰਗਰਮ ,ਸਤਲੁਜ ਦਰਿਆ ਵਿੱਚੋਂ ਮਾਈਨਿੰਗ ਕਰਨ ਦੀ ਕੋਸ਼ਿਸ਼ ਮੌਕੇ ’ਤੇ ਪਿੰਡ ਵਾਸੀਆਂ ਨੇ ਬੰਨ੍ਹ ਵਿੱਚੋਂ ਲੰਘ ਰਹੇ ਰੇਤ ਦੇ ਟਿੱਪਰਾਂ ਨੂੰ ਰੋਕਿਆ



**ਮਾਛੀਵਾੜਾ ਸਾਹਿਬ, 10 ਫਰਵਰੀ**
**-ਸਤੀਸ਼ ਕੁਮਾਰ-**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਨੀਵਾਰ ਸ਼ਾਮ ਨੂੰ ਈਸਾਪੁਰ ਪਿੰਡ ਨੇੜੇ ਸਤਲੁਜ ਬੰਨ੍ਹ ’ਤੇ ਪਿੰਡ ਵਾਸੀਆਂ ਅਤੇ ਰੇਤ ਠੇਕੇਦਾਰਾਂ ਵਿਚਕਾਰ ਝੜਪ ਹੋ ਗਈ। ਰਿਪੋਰਟਾਂ ਅਨੁਸਾਰ, ਸ਼ਨੀਵਾਰ ਸ਼ਾਮ ਨੂੰ ਸਤਲੁਜ ਦਰਿਆ ਦੇ ਅੰਦਰ ਸਥਿਤ ਮੰਡਾਲਾ ਪਿੰਡ ਦੀ ਜ਼ਮੀਨ ਤੋਂ ਰੇਤ ਵਪਾਰੀਆਂ ਨੇ ਰੇਤ ਕੱਢਣੀ ਸ਼ੁਰੂ ਕਰ ਦਿੱਤੀ। ਹਾਲਾਂਕਿ, ਜਿਵੇਂ ਹੀ ਸਤਲੁਜ ਬੰਨ੍ਹ ਦੇ ਨੇੜੇ ਪਿੰਡਾਂ ਦੇ ਵਸਨੀਕਾਂ ਨੂੰ ਇਸ ਬਾਰੇ ਪਤਾ ਲੱਗਾ, ਉਹ ਬੰਨ ’ਤੇ ਇਕੱਠੇ ਹੋ ਗਏ ਅਤੇ ਰੇਤ ਟਿੱਪਰਾਂ ਨੂੰ ਰੇਤ ਕੱਢਣ ਤੋਂ ਰੋਕ ਦਿੱਤਾ। ਇਸ ਤੋਂ ਬਾਅਦ, ਰੇਤ ਠੇਕੇਦਾਰਾਂ ਦੇ ਆਦਮੀ ਮੌਕੇ ’ਤੇ ਪਹੁੰਚੇ ਅਤੇ ਕਿਹਾ ਕਿ ਉਨ੍ਹਾਂ ਨੂੰ ਰੇਤ ਕੱਢਣ ਦੀ ਇਜਾਜ਼ਤ ਦਿੱਤੀ ਗਈ ਹੈ, ਅਤੇ ਐਸ.ਡੀ.ਐਮ. ਨੇ ਨਿੱਜੀ ਤੌਰ ’ਤੇ ਪਹੁੰਚ ਕੇ ਰੇਤ ਕੱਢਣ ਦੀ ਸ਼ੁਰੂਆਤ ਕੀਤੀ। ਇਸ ਦੌਰਾਨ, ਪਿੰਡ ਵਾਸੀਆਂ ਦੀ ਅਗਵਾਈ ਕਰਨ ਵਾਲੇ ਪਰਮਜੀਤ ਸਿੰਘ ਅਤੇ ਮਨਰਾਜ ਸਿੰਘ ਲੁਬਾਣਗੜ੍ਹ ਨੇ ਕਿਹਾ ਕਿ ਜਦੋਂ ਕਿ ਮੰਡਾਲਾ ਪਿੰਡ ਨਵਾਂਸ਼ਹਿਰ ਜ਼ਿਲ੍ਹੇ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ, ਇਹ ਰਸਤਾ ਉਨ੍ਹਾਂ ਦੇ ਪਿੰਡਾਂ ਵਿੱਚੋਂ ਲੰਘਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਸ ਰਸਤੇ ਲਈ ਇੱਕ ਮਿਆਰੀ ਆਦੇਸ਼ ਪ੍ਰਾਪਤ ਕੀਤਾ ਹੈ ਕਿਉਂਕਿ ਬੰਨ੍ਹ ਉਨ੍ਹਾਂ ਦੀ ਜ਼ਮੀਨ ’ਤੇ ਬਣਿਆ ਹੈ, ਅਤੇ ਕੇਸ ਮਾਣਯੋਗ ਅਦਾਲਤ ਵਿੱਚ ਵਿਚਾਰ ਅਧੀਨ ਹੈ। ਹਾਲਾਂਕਿ, ਰੇਤ ਠੇਕੇਦਾਰ ਕਹਾਣੀ ਦਾ ਆਪਣਾ ਪੱਖ ਪੇਸ਼ ਕਰਨ ਤੋਂ ਇਨਕਾਰ ਕਰ ਰਹੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਹਾਲਤ ਵਿੱਚ ਰੇਤ ਟਿੱਪਰਾਂ ਨੂੰ ਇਸ ਬੰਨ ਤੋਂ ਬਾਹਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਇਸ ਮੌਕੇ ਅਮਨਦੀਪ ਸਿੰਘ, ਲਖਵਿੰਦਰ ਸਿੰਘ, ਯਾਦਵਿੰਦਰ ਸਿੰਘ, ਹਰਨੇਕ ਸਿੰਘ, ਦਿਲਵਰ ਸਿੰਘ ਈਸਾਪੁਰ, ਮੋਹਨ ਸਿੰਘ, ਰੇਸ਼ਮ ਸਿੰਘ, ਨਾਜ਼ਰ ਸਿੰਘ, ਜਸਪ੍ਰੀਤ ਸਿੰਘ, ਸ਼ੁਕਰਾ ਸਿੰਘ, ਦਲੇਰ ਸਿੰਘ, ਹਰਨਾਮ ਸਿੰਘ, ਪ੍ਰੇਮ ਸਿੰਘ, ਅੰਗਰੇਜ਼ ਸਿੰਘ, ਹਰਦੀਪ ਸਿੰਘ, ਆਦਿ ਹਾਜ਼ਰ ਸਨ।

**ਬੰਨ ਪਾਰ ਕਰਨ ਲਈ ਇਜਾਜ਼ਤ ਲੈਣ ਦੀ ਲੋੜ ਨਹੀਂ : ਐਸ.ਡੀ.ਓ.**

ਇਸ ਸਬੰਧੀ ਜਦੋਂ ਮਾਈਨਿੰਗ ਸਬ-ਡਿਵੀਜ਼ਨਲ ਅਫਸਰ ਸਾਹਿਲ ਪਠਾਨੀਆ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਰੇਤ ਮਾਈਨਿੰਗ ਦਾ ਕੰਮ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਠੇਕੇਦਾਰਾਂ ਕੋਲ ਕੰਮ ਸ਼ੁਰੂ ਕਰਨ ਲਈ ਸਾਰੀਆਂ ਲੋੜੀਂਦੀਆਂ ਇਜਾਜ਼ਤਾਂ ਸਨ। ਉਨ੍ਹਾਂ ਕਿਹਾ ਕਿ ਰੇਤ ਦੇ ਟਿੱਪਰਾਂ ਨੂੰ ਬੰਨ੍ਹ ਛੱਡਣ ਲਈ ਇਜਾਜ਼ਤ ਦੀ ਲੋੜ ਨਹੀਂ ਹੈ; ਉਹ ਅਜਿਹਾ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਰੇਤ ਠੇਕੇਦਾਰਾਂ ਨੂੰ ਬੰਨ੍ਹ ਨੂੰ ਹੋਏ ਕਿਸੇ ਵੀ ਨੁਕਸਾਨ ਦੀ ਮੁਰੰਮਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

*ਜੇਕਰ ਪਿੰਡ ਵਾਸੀ ਵਿਰੋਧ ਕਰਦੇ ਹਨ, ਤਾਂ ਅਸੀਂ ਕੰਮ ਬੰਦ ਕਰ ਦੇਵਾਂਗੇ - ਸਰਬਜੀਤ ਸਿੰਘ*

ਰੇਤ ਠੇਕੇਦਾਰਾਂ ਦੀ ਨੁਮਾਇੰਦਗੀ ਕਰ ਰਹੇ ਸਰਬਜੀਤ ਸਿੰਘ ਨੇ ਕਿਹਾ ਕਿ ਜੇਕਰ ਪਿੰਡ ਵਾਸੀ ਵਿਰੋਧ ਕਰਦੇ ਹਨ ਤਾਂ ਉਹ ਕੰਮ ਬੰਦ ਕਰ ਦੇਣਗੇ। ਉਨ੍ਹਾਂ ਕਿਹਾ, ÷ਅਸੀਂ ਕਿਸੇ ਵੀ ਹਾਲਤ ਵਿੱਚ ਲੋਕਾਂ ਨੂੰ ਕੋਈ ਨੁਕਸਾਨ ਨਹੀਂ ਹੋਣ ਦੇਵਾਂਗੇ।÷ ਉਨ੍ਹਾਂ ਅੱਗੇ ਕਿਹਾ ਕਿ ਪਿੰਡ ਵਾਸੀਆਂ ਨਾਲ ਇੱਕ ਮੀਟਿੰਗ ਕੀਤੀ ਜਾਵੇਗੀ ਅਤੇ ਉਹ ਸਿਰਫ਼ ਤਾਂ ਹੀ ਕੰਮ ਨੂੰ ਅੱਗੇ ਵਧਾਉਣਗੇ ਜੇਕਰ ਉਹ ਉਨ੍ਹਾਂ ਦੀ ਇਜਾਜ਼ਤ ਦੇਣਗੇ। ਉਦੋਂ ਤੱਕ ਕੰਮ ਰੋਕਿਆ ਗਿਆ ਹੈ।

***ਰੇਤ ਦੇ ਠੇਕੇਦਾਰਾਂ ਨੇ ਵਿਧਾਇਕ ਦੇ ਸ਼ਬਦਾਂ ਨੂੰ ਅਣਗੌਲਿਆ ਕੀਤਾ***

ਹਾਲ ਹੀ ਵਿੱਚ, ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਇਸੇ ਥਾਂ ’ਤੇ ਪਿੰਡ ਵਾਸੀਆਂ ਨਾਲ ਇੱਕ ਵੱਡੀ ਮੀਟਿੰਗ ਕੀਤੀ,, ਜਿੱਥੇ ਉਨ੍ਹਾਂ ਨੇ ਉਨ੍ਹਾਂ ਦੀਆਂ ਚਿੰਤਾਵਾਂ ਸੁਣੀਆਂ। ਉਸ ਸਮੇਂ, ਵਿਧਾਇਕ ਨੇ ਸਪੱਸ਼ਟ ਕੀਤਾ ਕਿ ਉਹ ਆਪਣੇ ਇਲਾਕੇ ਵਿੱਚ ਰੇਤ ਦੀ ਖੁਦਾਈ ਦੀ ਇਜਾਜ਼ਤ ਨਹੀਂ ਦੇਣਗੇ, ਭਾਵੇਂ ਉਹ ਕਾਨੂੰਨੀ ਹੋਵੇ ਜਾਂ ਗੈਰ-ਕਾਨੂੰਨੀ। ਹਾਲਾਂਕਿ, ਅੱਜ, ਉਨ੍ਹਾਂ ਦੀ ਸਲਾਹ ਨੂੰ ਨਜ਼ਰਅੰਦਾਜ਼ ਕਰਦੇ ਹੋਏ, ਰੇਤ ਦੇ ਠੇਕੇਦਾਰਾਂ ਨੇ ਖੁਦਾਈ ਸ਼ੁਰੂ ਕਰ ਦਿੱਤੀ ਹੈ।

***ਰੇਤ ਠੇਕੇਦਾਰਾਂ ਦੇ ਇੱਕ ਕਰਮਚਾਰੀ ਦੀ ਪੱਤਰਕਾਰਾਂ ਨਾਲ ਝਗੜਾ***

ਜਦੋਂ ਪੱਤਰਕਾਰ ਮੌਕੇ ’ਤੇ ਪਹੁੰਚੇ ਅਤੇ ਠੇਕੇਦਾਰਾਂ ਦਾ ਪੱਖ ਜਾਣਨ ਲਈ ਉਨ੍ਹਾਂ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਸਰਬਜੀਤ ਸਿੰਘ ਨੇ ਆਪਣੀ ਕਹਾਣੀ ਦਾ ਪੱਖ ਬੜੇ ਸੁਚੱਜੇ ਢੰਗ ਨਾਲ ਪੇਸ਼ ਕੀਤਾ।

ਹਾਲਾਂਕਿ, ਉੱਥੇ ਖੜ੍ਹੇ ਇੱਕ ਕਰਮਚਾਰੀ ਨੇ ਪੱਤਰਕਾਰਾਂ ਦਾ ਸਾਹਮਣਾ ਕਰਦੇ ਹੋਏ ਕਿਹਾ, ÷ਤੁਹਾਨੂੰ ਸਾਨੂੰ ਕੋਈ ਸਵਾਲ ਪੁੱਛਣ ਦਾ ਕੋਈ ਅਧਿਕਾਰ ਨਹੀਂ ਹੈ। ਸਾਨੂੰ ਨਹੀਂ ਲੱਗਦਾ ਕਿ ਤੁਹਾਡੇ ਸਵਾਲਾਂ ਦੇ ਜਵਾਬ ਦੇਣਾ ਜ਼ਰੂਰੀ ਹੈ।

# ਸਰਕਾਰੀ ਹਸਪਤਾਲਾਂ ’ਚ ਜਣੇਪਾ ਸੇਵਾਵਾਂ ਬਿਲਕੁਲ ਮੁਫ਼ਤ : ਡਾ ਸਿਮਰਦੀਪ ਕੌਰ



**ਫਗਵਾੜਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਮਾਂ ਅਤੇ ਬੱਚੇ ਦੀ ਸਿਹਤ ਨੂੰ ਪਹਿਲ ਦਿੰਦਿਆਂ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡਿਲੀਵਰੀ (ਜਣੇਪਾ) ਦੀ ਸਹੂਲਤ ਪੂਰੀ ਤਰ੍ਹਾਂ ਮੁਫ਼ਤ ਦਿੱਤੀ ਜਾ ਰਹੀ ਹੈ ਇਸ ਸਬੰਧੀ ਜਾਣਕਾਰੀ ਦਿੰਦਿਆ ਸਿਵਲ ਹਸਪਤਾਲ ਫਗਵਾੜਾ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ ਸਿਮਰਦੀਪ ਕੋਰ ਨੇ ਦੱਸਿਆ ਕਿ ਸਿਵਲ ਹਸਪਤਾਲ ਫਗਵਾੜਾ ਵਿਖੇ ਨਾਰਮਲ ਡਿਲੀਵਰੀ ਅਤੇ ਸੀਜ਼ੇਰੀਅਨ ਡਿਲੀਵਰੀ ਦੋਵੇਂ ਹੀ ਮੁਫ਼ਤ ਕੀਤੀਆਂ ਜਾਂਦੀਆਂ ਹਨ ਇਸ ਦੇ ਨਾਲ ਹੀ ਗਰਭਅਵਸਥਾ ਦੌਰਾਨ ਕੀਤੀਆਂ ਜਾਣ ਵਾਲੀਆਂ ਸਾਰੀਆਂ ਜ਼ਰੂਰੀ ਜਾਂਚਾਂ, ਲੈਬ ਟੈਸਟ, ਦਵਾਈਆਂ, ਟੀਕੇ ਅਤੇ ਅਲਟਰਾਸਾਊਂਡ ਆਦਿ ਵੀ ਮੁਫ਼ਤ ਮੁਹੱਈਆ ਕਰਵਾਏ ਜਾਂਦੇ ਹਨ ਡਿਲੀਵਰੀ ਤੋਂ ਬਾਅਦ ਮਾਂ ਅਤੇ ਨਵਜੰਮੇ ਬੱਚੇ ਦੀ ਸੰਭਾਲ ਲਈ ਲੋੜੀਂਦੀਆਂ ਸਹੂਲਤਾਂ ਵੀ ਬਿਨਾਂ ਕਿਸੇ ਖਰਚ ਦੇ ਦਿੱਤੀਆਂ ਜਾਂਦੀਆਂ ਹਨ।

ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰੀ ਹਸਪਤਾਲਾਂ ਵਿੱਚ ਤਜਰਬੇਕਾਰ ਡਾਕਟਰ, ਨਰਸਿੰਗ ਸਟਾਫ ਅਤੇ ਮੈਡੀਕਲ ਸਹੂਲਤਾਂ ਉਪਲਬਧ ਹਨ।

# ਪੰਜਾਬ ਦੀ ਸਿਹਤ ਸੰਭਾਲ ਪ੍ਰਣਾਲੀ ਦੀ ਬਦਲੀ ਨੁਹਾਰ: ਭਗਵੰਤ ਮਾਨ ਸਰਕਾਰ ਦੇ ਮੁਫ਼ਤ, ਮਿਆਰੀ ਇਲਾਜ ਨਾਲ ਆਮ ਆਦਮੀ ਕਲੀਨਿਕਾਂ ਨੇ ਜਿੱਤਿਆ ਲੋਕਾਂ ਦਾ ਭਰੋਸਾ

**➢ ਏ.ਏ.ਸੀ. ਨੇ ਪੰਜਾਬ ਵਿੱਚ ਮੁਫ਼ਤ ਦਵਾਈਆਂ, ਟੈਸਟਾਂ ਅਤੇ ਮਰੀਜ਼ਾਂ ਦੇ ਭਰੋਸੇ ਰਾਹੀਂ ਜਨਤਕ ਸਿਹਤ ਸੰਭਾਲ ਦੀ ਬਦਲੀ ਨੁਹਾਰ ➢ ਆਮ ਆਦਮੀ ਕਲੀਨਿਕਾਂ ਦੇ ਇਲਾਜ ਤੋਂ 96% ਮਰੀਜ਼ ਸੰਤੁਸ਼ਟ, ਭਗਵੰਤ ਮਾਨ ਸਰਕਾਰ ਨੇ ਲਿਆਂਦੀ ਪੰਜਾਬ ਵਿੱਚ ਸਿਹਤ ਸੰਭਾਲ ਕ੍ਰਾਂਤੀ ➢ ਪਹੁੰਚ ਤੋਂ ਮਾਣ ਤੱਕ, ਭਗਵੰਤ ਮਾਨ ਸਰਕਾਰ ਦੇ ਏਏਸੀ ਰਾਹੀਂ ਸਿਹਤ ਸੰਭਾਲ ਵਿੱਚ ਸਾਥਪਿਤ ਕੀਤਾ ਨਵਾਂ ਮੀਲਪੱਥਰ**

**ਚੰਡੀਗੜ੍ਹ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਭਗਵੰਤ ਮਾਨ ਸਰਕਾਰ ਨੇ ਪੰਜਾਬ ਦੀ ਸਿਹਤ ਸੰਭਾਲ ਪ੍ਰਣਾਲੀ ਵਿੱਚ ਫੈਸਲਾਕੁੰਨ ਅਤੇ ਲੋਕ-ਪੱਖੀ ਤਬਦੀਲੀ ਲਿਆਂਦੀ ਹੈ, ਜਿਸ ਤਹਿਤ ਆਮ ਆਦਮੀ ਕਲੀਨਿਕ (ਏਏਸੀ) ਸੂਬੇ ਭਰ ਵਿੱਚ ਆਸਾਨ ਪਹੁੰਚ ਅਤੇ ਮੁਫ਼ਤ ਪ੍ਰਾਇਮਰੀ ਸਿਹਤ ਸੰਭਾਲ ਦੀ ਰੀੜ੍ਹ ਵਜੋਂ ਉੱਭਰ ਰਹੇ ਹਨ। ਪੰਜਾਬ ਵਿਕਾਸ ਕਮਿਸ਼ਨ (ਪੀਡੀਸੀ) ਵੱਲੋਂ ਹਾਲ ਹੀ ਵਿਚ ਜਾਰੀ ਕੀਤਾ ਸਟੇਟ ਰਿਪੋਰਟ ਕਾਰਡ ਇਸਦਾ ਪ੍ਰਤੱਖ ਪ੍ਰਮਾਣ ਪੇਸ਼ ਕਰਦਾ ਹੈ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਵੱਲੋਂ ਪੰਜਾਬ ਦੇ ਸਿਹਤ ਸੰਭਾਲ ਢਾਂਚੇ ਵਿਚ ਮਿਸਾਲੀ ਤਬਦੀਲੀਆਂ ਕੀਤੀਆਂ ਜਾ ਰਹੀਆਂ ਹਨ।

ਸੂਬੇ ਭਰ ਦੇ 18,256 ਮਰੀਜ਼ਾਂ ਨਾਲ ਕੀਤੀ ਗੱਲਬਾਤ ਦੇ ਆਧਾਰ ’ਤੇ, ਤਿਆਰ ਕੀਤੇ ਮਰੀਜ਼ ਫੀਡਬੈਕ ਸਟੇਟ ਰਿਪੋਰਟ ਕਾਰਡ ਅਨੁਸਾਰ, 96 ਫੀਸਦ ਮਰੀਜ਼ਾਂ ਨੇ ਆਮ ਆਦਮੀ ਕਲੀਨਿਕਾਂ ਵਿੱਚ ਦਿੱਤੇ ਜਾਣ ਵਾਲੇ ਇਲਾਜ ’ਤੇ ਸੰਤੁਸ਼ਟੀ ਪ੍ਰਗਟਾਈ। ਰਿਪੋਰਟ ਇਹ ਸਪਸ਼ਟ ਕਰਦੀ ਹੈ ਕਿ ਪੰਜਾਬ ਵਿੱਚ ਮੁੱਢਲੀ ਸਿਹਤ ਸੰਭਾਲ ਹੁਣ ਪੂਰੀ ਤਰਾਂ ਬਦਲ ਚੁੱਕੀ ਹੈ9 ਹੁਣ ਇਹ ਪ੍ਰਣਾਲੀ ਊਣਤਾਈਆਂ ਅਤੇ ਅਣਗਹਿਲੀਆਂ ਦੀ ਥਾਂ ਭਰੋਸੇਯੋਗਤਾ, ਮਿਆਰੀ ਅਤੇ ਭਰੋਸੇ ਵਿਚ ਤਬਦੀਲ ਹੋ ਗਈ ਹੈ ਅਤੇ ਨਾਗਰਿਕਾਂ ਨੂੰ ਬਿਨਾਂ ਕਿਸੇ ਵਿੱਤੀ ਬੋਝ ਦੇ ਸਮੇਂ ਸਿਰ ਡਾਕਟਰੀ ਸਹਾਇਤਾ ਮਿਲ ਰਹੀ ਹੈ।

ਜਾਣਕਾਰੀ ਮੁਤਾਬਿਕ ਹੁਣ ਸਾਰੇ ਮਰੀਜ਼ਾਂ ਨੂੰ ਆਮ ਆਦਮੀ ਕਲੀਨਿਕਾਂ ’ਤੇ ਦਵਾਈਆਂ ਪੂਰੀ ਤਰ੍ਹਾਂ ਮੁਫਤ ਮਿਲ ਰਹੀਆਂ ਹਨ, 92 ਫੀਸਦੀ ਲੋਕਾਂ ਨੇ ਪੁਸ਼ਟੀ ਕੀਤੀ ਹੈ ਕਿ ਉਨ੍ਹਾਂ ਨੂੰ ਸਾਰੀਆਂ ਲੋੜੀਂਦੀਆਂ ਦਵਾਈਆਂ ਇਥੋਂ ਆਸਾਨੀ ਨਾਲ ਮਿਲ ਰਹੀਆਂ ਹਨ। 94 ਫੀਸਦ ਮਰੀਜ਼ਾਂ ਨੇ ਦੱਸਿਆ ਕਿ ਉਨ੍ਹਾਂ ਦੇ ਨਿਰਧਾਰਤ ਜਾਂਚ ਟੈਸਟ ਕਲੀਨਿਕਾਂ ’ਤੇ ਹੀ ਗਏ , ਉਹ ਵੀ ਪੂਰੀ ਤਰ੍ਹਾਂ ਮੁਫਤ। ਇਹ ਭਗਵੰਤ ਮਾਨ ਸਰਕਾਰ ਦੀ ਬੁਨਿਆਦੀ ਨੀਤੀਗਤ ਤਬਦੀਲੀ ਦਾ ਸਪਸ਼ਟ ਸਬੂਤ ਹੈ, ਜਿੱਥੇ ਸਿਹਤ ਸੰਭਾਲ ਨੂੰ ਇੱਕ ਅਧਿਕਾਰ ਮੰਨਿਆ ਜਾਂਦਾ ਹੈ ਨਾ ਕਿ ਨਿੱਜੀ ਹਸਪਤਾਲਾਂ ਦਾ ਖਰਚਾ ਝੱਲ ਸਕਦੇ ਅਮੀਰ ਲੋਕਾਂ ਲਈ ਕੋਈ ਰਾਖਵੀਂ ਸਹੂਲਤ।

ਰਿਪੋਰਟ ਭਗਵੰਤ ਮਾਨ ਸਰਕਾਰ ਦੁਆਰਾ ਲੋਕਾਂ ਦੇ ਮਾਣ ਅਤੇ ਮਰੀਜ਼ ਦੇ ਸੁਚੱਜੇ ਅਨੁਭਵਾਂ ਲਈ ’ਤੇ ਦਿੱਤੇ ਗਏ ਵਿਸ਼ੇਸ਼ ਧਿਆਨ ਨੂੰ ਵੀ ਉਜਾਗਰ ਕਰਦੀ ਹੈ। 99 ਪ੍ਰਤੀਸ਼ਤ ਮਰੀਜ਼ਾਂ ਨੇ ਦੱਸਿਆ ਕਿ ਆਮ ਆਦਮੀ ਕਲੀਨਿਕ ਬਹੁਤ ਸਾਫ਼-ਸੁਥਰੇ ਹਨ, 99 ਪ੍ਰਤੀਸ਼ਤ ਨੇ ਲੋੜੀਂਦੀ ਬੈਠਣ ਵਾਲੀ ਥਾਂ ਦੀ ਉਪਲਬਧਤਾ ਦੀ ਪੁਸ਼ਟੀ ਕੀਤੀ, 97 ਪ੍ਰਤੀਸ਼ਤ ਨੇ ਪੀਣ ਵਾਲਾ ਸਾਫ ਪਾਣੀ ਉਪਲੱਬਧ ਹੋਣ ਬਾਰੇ ਰਿਪੋਰਟ ਕੀਤੀ ਅਤੇ 95 ਪ੍ਰਤੀਸ਼ਤ ਨੇ ਕਿਹਾ ਕਿ ਪਖਾਨੇ ਸਾਫ਼- ਸੁਥਰੇ ਸਨ। ਇਹ ਦਰਸਾਉਂਦਾ ਹੈ ਕਿ ਮੌਜੂਦਾ ਸਰਕਾਰ ਲਈ ਸਿਹਤ ਸੰਭਾਲ ਪ੍ਰਦਾਨ ਕਰਨਾ ਸਿਰਫ਼ ਇਲਾਜ ਤੱਕ ਸੀਮਤ ਨਹੀਂ ਸਗੋਂ ਇਹ ਮਨੁੱਖੀ, ਸਤਿਕਾਰਯੋਗ ਜਨਤਕ ਸੰਸਥਾਵਾਂ ਬਣਾਉਣ ’ਤੇ ਸੁਹਿਰਦ ਉਪਰਾਲਾ ਹੈ।

ਜ਼ਿਲ੍ਹਾ-ਵਾਰ ਅੰਕੜੇ ਇਸ ਤਬਦੀਲੀ ਦੀ ਇਕਸਾਰਤਾ ਅਤੇ ਪੈਮਾਨੇ ਨੂੰ ਹੋਰ ਵੀ ਸਪਸ਼ੱਟ ਕਰਦੇ ਹਨ, ਅੰਮ੍ਰਿਤਸਰ, ਲੁਧਿਆਣਾ, ਜਲੰਧਰ, ਪਟਿਆਲਾ, ਬਠਿੰਡਾ, ਹੁਸ਼ਿਆਰਪੁਰ ਅਤੇ ਤਰਨਤਾਰਨ ਸਮੇਤ ਜ਼ਿਲ੍ਹਿਆਂ ਵਿੱਚ ਉੱਚ ਸੰਤੁਸ਼ਟੀ ਪੱਧਰ ਲਗਾਤਾਰ ਰਿਪੋਰਟ ਕੀਤੇ ਗਏ ਹਨ। ਪਾਰਟੀ ਨੇ ਕਿਹਾ ਕਿ ਇਹ ਨਿਰੰਤਰਤਾ ਮਜ਼ਬੂਤ ਸ਼ਾਸਨ, ਨਿਯਮਿਤ ਨਿਗਰਾਨੀ ਅਤੇ ਪੰਜਾਬ ਦੇ ਹਰ ਹਿੱਸੇ ਵਿੱਚ ਜਨਤਕ ਸਿਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਰਾਜਨੀਤਿਕ ਵਚਨਬੱਧਤਾ ਨੂੰ ਦਰਸਾਉਂਦੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਆਮ ਆਦਮੀ ਕਲੀਨਿਕਾਂ ਦੀ ਸਫਲਤਾ ਦੇਸ਼ ਦੇ ਬਾਕੀ ਹਿੱਸਿਆਂ ਲਈ ਇੱਕ ਮਾਡਲ ਅਤੇ ਮਿਸਾਲ ਹੈ। ਅਜਿਹੇ ਸਮੇਂ ਜਦੋਂ ਵਧਦੀਆਂ ਡਾਕਟਰੀ ਲਾਗਤਾਂ ਪਰਿਵਾਰਾਂ ਨੂੰ ਕਰਜ਼ੇ ਹੇਠ ਦਬਾ ਰਹੀਆਂ ਹਨ, ਪੰਜਾਬ ਨੇ ਦਿਖਾਇਆ ਹੈ ਕਿ ਉੱਚ-ਗੁਣਵੱਤਾ ਵਾਲੀ, ਮੁਫਤ ਪ੍ਰਾਇਮਰੀ ਸਿਹਤ ਸੰਭਾਲ ਰਾਜਨੀਤਿਕ ਇੱਛਾ ਸ਼ਕਤੀ, ਪਾਰਦਰਸ਼ੀ ਸ਼ਾਸਨ ਅਤੇ ਮਰੀਜ਼-ਪਹਿਲਾਂ ਯੋਜਨਾਬੰਦੀ ਦੁਆਰਾ ਵੱਡੇ ਪੱਧਰ ’ਤੇ ਪ੍ਰਦਾਨ ਕੀਤੀ ਜਾ ਸਕਦੀ ਹੈ। ਏ.ਏ.ਸੀ. ਦੀ ਪਹਿਲਕਦਮੀ ਨੇ ਨਾ ਸਿਰਫ਼ ਆਮ ਪਰਿਵਾਰਾਂ ’ਤੇ ਵਿੱਤੀ ਬੋਝ ਘਟਾਇਆ ਹੈ, ਸਗੋਂ ਆਂਢ-ਗੁਆਂਢ ਪੱਧਰ ’ਤੇ ਸਿਹਤ ਸੰਭਾਲ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਕੇ ਸੈਕੰਡਰੀ ਅਤੇ ਟ੍ਰਸ਼ਰੀ ਪੱਧਰ ਦੇ ਹਸਪਤਾਲਾਂ ਦੀ ਭੀੜ ਨੂੰ ਵੀ ਸੀਮਤ ਕੀਤਾ ਹੈ। ਇਹ ‘ਆਪ’ ਵੱਲੋਂ ਕੀਤੇ ਵਾਅਦੇ ਅਤੇ ਪੰਜਾਬ ਵਿੱਚ ਭਗਵੰਤ ਮਾਨ ਸਰਕਾਰ ਦੁਆਰਾ ਚਲਾਏ ਜਾ ਰਹੇ ਸਿਹਤ ਸੰਭਾਲ ਇਨਕਲਾਬ ਦਾ ਪ੍ਰਤੱਖ ਪ੍ਰਭਾਵ ਹੈ।

ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ ਭਗਵੰਤ ਮਾਨ ਸਰਕਾਰ ਨੇ ਕਿਹਾ ਕਿ ਉਹ ਪੰਜਾਬ ਭਰ ਵਿੱਚ ਏਏਸੀ ਦਾ ਵਿਸਥਾਰ ਅਤੇ ਮਜ਼ਬੂਤੀ ਜਾਰੀ ਰੱਖੇਗੀ, ਇਹ ਯਕੀਨੀ ਬਣਾਏਗੀ ਕਿ ਹਰ ਨਾਗਰਿਕ ਨੂੰ ਘਰ ਦੇ ਨੇੜੇ ਸਮੇਂ ਸਿਰ, ਮੁਫਤ ਅਤੇ ਮਿਆਰੀ ਸਿਹਤ ਸੰਭਾਲ ਮਿਲੇ ਅਤੇ ਜਨਤਕ ਸਿਹਤ ਸੰਭਾਲ ਸੰਸਥਾਵਾਂ ਲੋਕਾਂ ਲਈ ਵਿਸ਼ਵਾਸ ਅਤੇ ਮਾਣ ਦਾ ਸਰੋਤ ਰਹਿਣ।

# 55 ਫ਼ੀਸਦ ਵੋਟਰਾਂ ਦੀ ਮੈਪਿੰਗ ਪੂਰੀ, ਕਈ ਜ਼ਿਲ੍ਹੇ ਪਛੜੇ

# ਵੋਟਰ ਮੈਪਿੰਗ ਵਧਾਈ ਜਾ ਰਹੀ ਹੈ: ਮੁੱਖ ਚੋਣ ਅਧਿਕਾਰੀ

**ਨਾਭਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਸ਼ੇਸ਼ ਮੁੜ ਸੁਧਾਈ (SIR) ਦੀ ਮੁੱਢਲੀ ਪ੍ਰਕਿਰਿਆ ਤਹਿਤ ਸੂਬੇ ਵਿੱਚ ਵੋਟਰ ਸੂਚੀਆਂ ਦੇ ਮਿਲਾਨ ਦਾ ਕੰਮ ਜ਼ੋਰਾਂ ’ਤੇ ਹੈ। ਤਾਜ਼ਾ ਅੰਕੜਿਆਂ ਅਨੁਸਾਰ ਪੰਜਾਬ ਦੇ 2.14 ਕਰੋੜ ਵੋਟਰਾਂ ਵਿੱਚੋਂ ਹੁਣ ਤੱਕ 55 ਫ਼ੀਸਦ ਦੇ ਨਾਮ 2003 ਦੀ ਵੋਟਰ ਸੂਚੀ ਨਾਲ ਮਿਲਾਏ ਜਾ ਚੁੱਕੇ ਹਨ। ਕੁਝ ਸ਼ਹਿਰੀ ਖੇਤਰਾਂ ਵਿੱਚ ਰਫ਼ਤਾਰ ਹੌਲੀ ਹੋਣ ਕਾਰਨ ਚੋਣ ਕਮਿਸ਼ਨ ਨੇ ਇਸ ਦਾ ‘ਗੰਭੀਰ ਨੋਟਿਸ’ ਲਿਆ ਹੈ। ਇੱਕ ਸੀਨੀਅਰ ਅਧਿਕਾਰੀ ਮੁਤਾਬਕ ਜਿਹੜੇ ਵੋਟਰਾਂ ਜਾਂ ਜਿਨ੍ਹਾਂ ਦੇ ਮਾਪਿਆਂ ਦੇ ਨਾਮ 2003 ਦੀ ਸੂਚੀ ਨਾਲ ਮੈਪ ਹੋ ਜਾਂਦੇ ਹਨ, ਉਨ੍ਹਾਂ ਨੂੰ ਐਸ.ਆਈ.ਆਰ ਦੇ ਮੁੱਖ ਪੜਾਅ ਸਮੇਂ ਕਿਸੇ ਤਰ੍ਹਾਂ ਦਾ ਦਸਤਾਵੇਜ਼ ਨਹੀਂ ਦਿਖਾਉਣਾ ਪਵੇਗਾ। ਚੋਣ ਕਮਿਸ਼ਨ ਦੇ ਅੰਕੜੇ ਦੱਸਦੇ ਹਨ ਕਿ ਮੈਪਿੰਗ ਦੇ ਮਾਮਲੇ ਵਿੱਚ ਜ਼ਿਲ੍ਹਿਆਂ ਦੀ ਸਥਿਤੀ ਇਸ ਪ੍ਰਕਾਰ ਹੈ:ਸਭ ਤੋਂ ਅੱਗੇ:ਮੋਗਾ ਅਤੇ ਮਾਨਸਾ (66 ਫ਼ੀਸਦ)
ਸਭ ਤੋਂ ਪਿੱਛੇ: ਮੋਹਾਲੀ (40 ਫ਼ੀਸਦ)
ਪਛੜੇ ਜ਼ਿਲ੍ਹੇ: ਲੁਧਿਆਣਾ ਅਤੇ ਪਟਿਆਲਾ (48 ਫ਼ੀਸਦ)

ਖ਼ਾਸ ਤੌਰ ’ਤੇ ਪਟਿਆਲਾ ਸ਼ਹਿਰ (25 ਫ਼ੀਸਦ) ਅਤੇ ਪਟਿਆਲਾ ਦਿਹਾਤੀ (37 ਫ਼ੀਸਦ) ਵਿੱਚ ਕੰਮ ਬਹੁਤ ਹੌਲੀ ਹੈ। ਇੱਕ ਚੋਣ ਅਧਿਕਾਰੀ ਮੁਤਾਬਕ ਜਿਨ੍ਹਾਂ ਖੇਤਰਾਂ ਵਿੱਚ ਨਵੀਂ ਵੱਸੋਂ ਜਾਂ ਪ੍ਰਵਾਸੀਆਂ ਦੀ ਗਿਣਤੀ ਜ਼ਿਆਦਾ ਹੈ, ਉੱਥੇ ਮੈਪਿੰਗ ਦੀ ਔਸਤ ਘੱਟ ਰਹੀ ਹੈ। ਸਥਿਤੀ ਨੂੰ ਸੁਧਾਰਨ ਲਈ ਪਟਿਆਲਾ ਵਿੱਚ ਬੀ.ਐਲ.ਓਜ਼ (BLOs) ਨੂੰ ਵਿਸ਼ੇਸ਼ ਤੌਰ ’ਤੇ ਇਸੇ ਕੰਮ ’ਤੇ ਲਗਾਇਆ ਗਿਆ ਹੈ। ਬੀ.ਐਲ .ਓਜ਼ ਨੂੰ ਮੈਪਿੰਗ ਦੌਰਾਨ ਮਹਿਲਾ ਵੋਟਰਾਂ ਦੇ ਮਾਮਲੇ ਵਿੱਚ ਕਾਫੀ ਦਿੱਕਤਾਂ ਆ ਰਹੀਆਂ ਹਨ। 2003 ਤੋਂ ਬਾਅਦ ਵੋਟਰ ਬਣੀਆਂ ਵਿਆਹੀਆਂ ਮਹਿਲਾਵਾਂ ਦੇ ਦਸਤਾਵੇਜ਼ਾਂ ਵਿੱਚ ਪਿਤਾ ਦੀ ਥਾਂ ਪਤੀ ਦਾ ਨਾਮ ਹੁੰਦਾ ਹੈ। ਵਿਆਹ ਮਗਰੋਂ ਨਾਮ ਜਾਂ ਗੋਤਰ ਬਦਲ ਜਾਣ ਕਾਰਨ ਪੁਰਾਣੀ ਸੂਚੀ ਵਿੱਚ ਉਨ੍ਹਾਂ ਦੇ ਮਾਪਿਆਂ ਦੀ ਪਛਾਣ ਕਰਨਾ ਗੰਭੀਰ ਜਾਂਚ ਵਾਲਾ ਕੰਮ ਹੈ।
ਇਹ ਮੁੱਦਾ ਹਾਲ ਹੀ ਵਿੱਚ ਕੌਮੀ ਪੱਧਰ ’ਤੇ ਵੀ ਚਰਚਾ ਵਿੱਚ ਰਿਹਾ ਹੈ। ਪੱਛਮੀ ਬੰਗਾਲ ਦੀ ਮੁੱਖ ਮੰਤਰੀ ਨੇ ਸੁਪਰੀਮ ਕੋਰਟ ਵਿੱਚ ਗੋਤਰ ਬਦਲਣ ਕਾਰਨ ਮਹਿਲਾਵਾਂ ਦੇ ਨਾਮ ਕੱਟੇ ਜਾਣ ਦਾ ਖਦਸ਼ਾ ਜਤਾਇਆ ਸੀ ਅਤੇ ਪੂਰੀ ਪੜਤਾਲ ਲਈ ਲੋੜੀਂਦਾ ਸਮਾਂ ਦੇਣ ਦੀ ਮੰਗ ਕੀਤੀ ਸੀ।

**ਵੋਟਰਾਂ ਲਈ ਲਾਭ**

ਮੁੱਖ ਚੋਣ ਅਧਿਕਾਰੀ ਅਨੰਦਿਤਾ ਮਿੱਤਰਾ ਨੇ ਦੱਸਿਆ ਕਿ ਸੂਬੇ ਵਿੱਚ ਆਏ ਦਿਨ ਮੈਪਿੰਗ ਵੱਧ ਰਹੀ ਹੈ। ਜਿਥੇ ਮੈਪਿੰਗ ਵਿੱਚ ਕੋਈ ਔਕੜਾਂ ਆਉਂਦੀਆਂ ਹਨ ਤੇ ਰਫਤਾਰ ਹੌਲੀ ਰਹਿੰਦੀ ਹੈ, ਉਥੇ ਕਾਰਨ ਪਛਾਣ ਕੇ ਹਰ ਲੋੜੀਂਦੇ ਇੰਤਜ਼ਾਮ ਕੀਤੇ ਜਾ ਰਹੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਆਉਣ ਵਾਲੇ ਕੁਝ ਹੀ ਦਿਨਾਂ ਵਿੱਚ ਮੈਪਿੰਗ ਦੇ ਅੰਕੜਿਆਂ ਵਿੱਚ ਵੱਡਾ ਉਛਾਲ ਦੇਖਣ ਨੂੰ ਮਿਲੇਗਾ ਕਿਉਂਕਿ ਰੁਕਾਵਟਾਂ ਨੂੰ ਪਛਾਣ ਕੇ ਲੋੜੀਂਦੇ ਪ੍ਰਬੰਧ ਕਰ ਦਿੱਤੇ ਗਏ ਹਨ।

# ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ ਦੀ ਮੌਜੂਦਗੀ ’ਚ ਪੁਸ਼ਪਿੰਦਰ ਸ਼ਰਮਾ ਨੇ ਪੰਜਾਬ ਸਟੇਟ ਟਰੇਡਰਸ ਕਮਿਸ਼ਨ ਧੂਰੀ ਦੇ ਚੇਅਰਮੈਨ ਦਾ ਅਹੁਦਾ ਸੰਭਾਲਿਆ



**ਸੰਗਰੂਰ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸ. ਸੁਖਵੀਰ ਸਿੰਘ ਤੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਦੀ ਮੌਜੂਦਗੀ ਵਿੱਚ ਪੁਸ਼ਪਿੰਦਰ ਸ਼ਰਮਾ ਨੇ ਪੰਜਾਬ ਸਟੇਟ ਟਰੇਡਰ ਕਮਿਸ਼ਨ ਦੇ ਚੇਅਰਮੈਨ ਦਾ ਅਹੁਦਾ ਸੰਭਾਲਿਆ। ਇਸ ਉਪਰੰਤ ਉਨ੍ਹਾਂ ਪੰਜਾਬ ਸਟੇਟ ਟਰੇਡਰਸ ਕਮਿਸ਼ਨ ਧੂਰੀ ਦੇ ਚੇਅਰਮੈਨ ਅਤੇ ਕਮਿਸ਼ਨ ਦੇ ਮੈਂਬਰਾਂ ਨਾਲ ਮਹੱਤਵਪੂਰਨ ਬੈਠਕ ਕੀਤੀ। ਇਸ ਬੈਠਕ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ, ਸੁਝਾਵਾਂ ਅਤੇ ਲੋੜਾਂ ਬਾਰੇ ਵਿਚਾਰ-ਵਟਾਂਦਰਾ ਕਰਨਾ ਅਤੇ ਉਨ੍ਹਾਂ ਨੂੰ ਸਰਕਾਰ ਵੱਲੋਂ ਪੂਰਾ ਸਹਿਯੋਗ ਪ੍ਰਦਾਨ ਕਰਨਾ ਸੀ।

ਬੈਠਕ ਦੌਰਾਨ ਓ.ਐਸ.ਡੀ. ਸ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਪਾਰੀਆਂ ਅਤੇ ਉਦਯੋਗਪਤੀਆਂ ਲਈ ਪਾਰਦਰਸ਼ੀ, ਸਰਲ ਅਤੇ ਸੁਰੱਖਿਅਤ ਵਪਾਰਕ ਮਾਹੌਲ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਜਾਇਜ਼ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇਗਾ ਤਾਂ ਜੋ ਵਪਾਰਕ ਸਰਗਰਮੀਆਂ ਨੂੰ ਹੋਰ ਤੇਜ਼ੀ ਮਿਲ ਸਕੇ।

ਇਸ ਮੌਕੇ ਪੰਜਾਬ ਸਟੇਟ ਟਰੇਡਰਸ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਅਤੇ ਮੈਂਬਰਾਂ ਵੱਲੋਂ ਵਪਾਰੀਆਂ ਨਾਲ ਸਬੰਧਿਤ ਵੱਖ-ਵੱਖ ਮੁੱਦਿਆਂ, ਜਿਵੇਂ ਕਿ ਬੁਨਿਆਦੀ ਢਾਂਚੇ, ਸਹੂਲਤਾਂ, ਸੁਰੱਖਿਆ ਅਤੇ ਪ੍ਰਸ਼ਾਸਕੀ ਪ੍ਰਕਿਰਿਆਵਾਂ ਨੂੰ ਸੌਖਾ ਬਣਾਉਣ ਸਬੰਧੀ ਆਪਣੇ ਸੁਝਾਅ ਸਾਂਝੇ ਕੀਤੇ ਗਏ। ਓ.ਐਸ.ਡੀ. ਸੁਖਵੀਰ ਸਿੰਘ ਨੇ ਭਰੋਸਾ ਦਿੱਤਾ ਕਿ ਇਹ ਸਾਰੇ ਸੁਝਾਅ ਸੰਬੰਧਿਤ ਵਿਭਾਗਾਂ ਤੱਕ ਪਹੁੰਚਾ ਕੇ ਜਲਦੀ ਕਾਰਵਾਈ ਕੀਤੀ ਜਾਵੇਗੀ। ਸੁਖਵੀਰ ਸਿੰਘ ਨੇ ਕਿਹਾ ਕਿ ਵਪਾਰੀ ਵਰਗ ਪੰਜਾਬ ਦੀ ਆਰਥਿਕ ਤਰੱਕੀ ਦਾ ਮਹੱਤਵਪੂਰਨ ਹਿੱਸਾ ਹੈ ਅਤੇ ਸਰਕਾਰ ਵੱਲੋਂ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਬੈਠਕਾਂ ਰਾਹੀਂ ਸਰਕਾਰ ਅਤੇ ਵਪਾਰੀਆਂ ਦਰਮਿਆਨ ਸਿੱਧਾ ਸੰਵਾਦ ਮਜ਼ਬੂਤ ਹੋਵੇਗਾ।ਮੀਟਿੰਗ ਦੌਰਾਨ ਪੰਜਾਬ ਸਟੇਟ ਟਰੇਡਰਸ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਨੇ ਕਿਹਾ ਕਿ ਟਰੇਡ ਕਮਿਸ਼ਨ ਵੱਲੋਂ ਬਲਾਕ ਪੱਧਰ ਉੱਤੇ ਵਪਾਰੀਆਂ ਨਾਲ ਮੀਟਿੰਗਾਂ ਕਰਕੇ ਉਹਨਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ।

ਬੈਠਕ ਦੌਰਾਨ ਕਮਿਸ਼ਨ ਦੇ ਮੈਂਬਰਾਂ ਜਗਤਾਰ ਸਿੰਘ, ਬਸੰਤ ਲਾਲ, ਅਮਨ ਖਾਨ, ਸੰਦੀਪ ਸਿੰਘ, ਬਲਾਲ ਖਾਨ, ਕੁਲਦੀਪ ਸਿੰਘ, ਰਾਜਿੰਦਰ ਕੁਮਾਰ, ਅਵਤਾਰ ਸਿੰਘ, ਦੀਪਕ ਵਰਮਾ ਤੇ ਜਸਵੀਰ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਵਪਾਰੀਆਂ ਲਈ ਲਏ ਜਾ ਰਹੇ ਲੋਕਪੱਖੀ ਫ਼ੈਸਲਿਆਂ ਦੀ ਪ੍ਰਸ਼ੰਸਾ ਕਰਦਿਆਂ ਭਵਿੱਖ ਵਿੱਚ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

*ਜੰਗਲਾਂ ਦੀ ਸੁਰੱਖਿਆ ਨਾਲ ਜੁੜਿਆ ਫਾਰੈਸਟ ਮੈਨੇਜਮੈਂਟ ਦਾ ਖੇਤਰ, ਜੰਗਲਾਂ ਦੀ ਸੰਭਾਲ ਤੇ ਉਨ੍ਹਾਂ ਦੇ ਵਿਸਥਾਰ ਨਾਲ ਸਬੰਧਤ ਮੁੱਦਿਆਂ 'ਚ ਰੁਚੀ ਰੱਖਣ ਵਾਲੇ ਨੌਜਵਾਨਾਂ ਲਈ ਬਿਹਤਰੀਨ ਕਰੀਅਰ ਬਦਲ ਬਣ ਚੁੱਕਾ ਹੈ। ਦਿਨ-ਬ-ਦਿਨ ਜੰਗਲਾਂ ਅਧੀਨ ਘਟ ਰਹੇ ਰਕਬੇ ਕਾਰਨ ਜੰਗਲਾਤ ਪ੍ਰਬੰਧਨ 'ਚ ਮੁਹਾਰਤ ਰੱਖਣ ਵਾਲੇ ਪੇਸ਼ੇਵਰਾਂ ਦੀ ਮੰਗ ਵਧਦੀ ਜਾ ਰਹੀ ਹੈ। ਜੇ ਤੁਸੀਂ ਵੀ ਜੰਗਲਾਂ ਨਾਲ ਜੁੜੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ 'ਚ ਦਿਲਚਸਪੀ ਰੱਖਦੇ ਹੋ ਤਾਂ ਇਸ ਖੇਤਰ 'ਚ ਸ਼ਾਮਲ ਹੋ ਕੇ ਸਰਕਾਰੀ ਤੇ ਨਿੱਜੀ ਦੋਵਾਂ ਖੇਤਰਾਂ 'ਚ ਆਪਣਾ ਕਰੀਅਰ ਤਲਾਸ਼ ਸਕਦੇ ਹੋ...*







# ਸਦਾਬਹਾਰ ਕਰੀਅਰ ਫਾਰੈਸਟ ਮੈਨੇਜਮੈਂਟ

ਫਾਰੈਸਟਰੀ ਜਾਂ ਜਗਲਾਤ ਨਾਲ ਸਬੰਧਤ ਵਿਸ਼ਿਆਂ ਦਾ ਅਧਿਐਨ ਬੇਹੱਦ ਮਹੱਤਵਪੂਰਨ ਅਤੇ ਰੋਚਕ ਹੈ। ਜੰਗਲ ਕਿਸੇ ਵੀ ਦੇਸ਼ ਦੇ ਕੁਦਰਤੀ ਵਸੀਲਿਆਂ ਦਾ ਅਹਿਮ ਹਿੱਸਾ ਹੁੰਦੇ ਹਨ। ਸੈਂਕੜੇ ਸਾਲਾਂ ਤੋਂ ਜੜੀਆਂ-ਬੂਟੀਆਂ, ਦਵਾਈਆਂ ਵਾਲੇ ਬੂਟਿਆਂ ਤੇ ਰੁੱਖਾਂ ਤੋਂ ਇਲਾਵਾ ਖਾਣ-ਪੀਣ ਵਾਲੇ ਪਦਾਰਥਾਂ ਦਾ ਮੁੱਖ ਸੋਮਾ ਰਹੇ ਜੰਗਲਾਂ ਤੋਂ ਸਾਨੂੰ ਕਈ ਲਾਭਦਾਇਕ ਤੱਤ ਪ੍ਰਾਪਤ ਹੁੰਦੇ ਹਨ। ਇਥੋਂ ਤਕ ਕਿ ਸਮੇਂ ਦੇ ਨਾਲ-ਨਾਲ ਰੁੱਖਾਂ ਉੱਪਰ ਮਨੁੱਖ ਦੀ ਨਿਰਭਰਤਾ ਇਸ ਕਦਰ ਵਧ ਗਈ ਹੈ ਕਿ ਆਪਣੀਆਂ ਲੋੜਾਂ ਦੀ ਪੂਰਤੀ ਲਈ ਮਨੁੱਖ ਨੇ ਕੁਦਰਤੀ ਵਸੀਲਿਆਂ ਦੀ ਬੇਲੋੜੀ ਵਰਤੋਂ ਕਰਨੀ ਸ਼ੁਰੂ ਕਰ ਦਿੱਤੀ। ਕੁਦਰਤ 'ਚ ਪੈਦਾ ਹੋਏ ਇਸ ਅਸਾਵੇਂਪਨ ਨੇ ਅੱਜ ਸਾਨੂੰ ਚਿਤਾਵਨੀ ਦੇ ਦਿੱਤੀ ਹੈ ਕਿ ਜੰਗਲਾਂ ਦੀ ਸੰਭਾਲ ਤੋਂ ਬਿਨਾਂ ਧਰਤੀ ਉੱਪਰ ਮਨੁੱਖੀ ਜੀਵਨ ਦੀ ਕਲਪਨਾ ਕਰਨੀ ਵੀ ਮੁਸ਼ਕਿਲ ਹੈ। ਅੱਜ ਜੰਗਲਾਤ ਪ੍ਰਬੰਧਨ ਯਾਨੀ ਫਾਰੈਸਟ ਮੈਨੇਜਮੈਂਟ ਇਕ ਬਿਹਤਰੀਨ ਕਰੀਅਰ ਖੇਤਰ ਦਾ ਰੂਪ ਧਾਰ ਚੁੱਕਾ ਹੈ। ਜੰਗਲਾਂ ਦੀ ਸੁਰੱਖਿਆ ਅਤੇ ਇਨ੍ਹਾਂ ਦੇ ਵਿਸਥਾਰ ਲਈ ਅੱਜ ਫਾਰੈਸਟਰੀ ਮੈਨੇਜਮੈਂਟ ਐਕਸਪਰਟ ਅਤੇ ਫਾਰੈਸਟ ਅਫਸਰ ਵਰਗੇ ਪ੍ਰੋਫੈਸ਼ਨਲਜ਼ ਦੀ ਮੰਗ ਵਧਦੀ ਜਾ ਰਹੀ ਹੈ। ਜੇ ਤੁਸੀਂ ਵੀ ਜੰਗਲਾਤ ਸੁਰੱਖਿਆ ਨਾਲ ਸਬੰਧਤ ਮੁੱਦਿਆਂ 'ਚ ਰੁਚੀ ਰੱਖਦੇ ਹੋ ਤਾਂ ਇਸ ਖੇਤਰ ਨੂੰ ਕਰੀਅਰ ਬਦਲ ਦੇ ਤੌਰ 'ਤੇ ਅਪਣਾ ਸਕਦੇ ਹੋ।

### ਕੌਣ ਹੋ ਸਕਦਾ ਹੈ ਸ਼ਾਮਲ?

ਫਿਜ਼ਿਕਸ, ਕੈਮਿਸਟਰੀ ਅਤੇ ਬਾਇਓਲੋਜੀ ਨਾਲ ਬਾਰ੍ਹਵੀਂ ਪਾਸ ਕਰਨ ਵਾਲੇ ਵਿਦਿਆਰਥੀ ਫਾਰੈਸਟਰੀ ਦੇ ਬੀਐੱਸਸੀ ਕੋਰਸ ਵਿਚ ਦਾਖ਼ਲਾ ਲੈ ਸਕਦੇ ਹਨ। ਬੀਐੱਸਸੀ ਤੋਂ ਬਾਅਦ ਐੱਮਐੱਸਸੀ ਵਿਚ ਆਸਾਨੀ ਨਾਲ ਦਾਖ਼ਲਾ ਮਿਲ ਜਾਂਦਾ ਹੈ। ਮਾਸਟਰ ਡਿਗਰੀ ਤੋਂ ਬਾਅਦ ਵਿਦਿਆਰਥੀ ਚਾਹੇ ਤਾਂ ਐੱਮਫਿਲ ਜਾਂ ਪੀਐੱਚਡੀ ਕਰ ਸਕਦੇ ਹਨ। ਕਈ ਅਜਿਹੀਆਂ ਸੰਸਥਾਵਾਂ ਹਨ, ਜੋ ਪੀਜੀ ਡਿਪਲੋਮਾ ਇਨ ਫਾਰੈਸਟ ਮੈਨੇਜਮੈਂਟ ਦਾ ਕੋਰਸ ਕਰਵਾਉਂਦੀਆਂ ਹਨ। ਫਾਰੈਸਟਰੀ 'ਚ ਬੈਚਲਰ ਡਿਗਰੀ ਕਰਨ ਤੋਂ ਬਾਅਦ ਤੁਸੀਂ ਯੂਪੀਐੱਸਸੀ ਵੱਲੋਂ ਲਏ ਜਾਣ ਵਾਲੇ ਇੰਡੀਅਨ ਫਾਰੈਸਟ ਸਰਵਿਸਿਜ਼ ਐਗਜ਼ਾਮ ਵਿਚ ਸ਼ਾਮਲ ਹੋ ਕੇ ਬਤੌਰ ਜੰਗਲਾਤ ਅਫਸਰ ਬਿਹਤਰੀਨ ਕਰੀਅਰ ਬਣਾ ਸਕਦੇ ਹੋ।

### ਚੁਣੌਤੀਆਂ ਭਰਿਆ ਖੇਤਰ

ਜੰਗਲਾਂ ਦੀ ਹਰਿਆਲੀ ਦੇ ਦਰਮਿਆਨ ਕਰੀਅਰ ਦੀਆਂ ਸੰਭਾਵਨਾਵਾਂ ਤਲਾਸ਼ਣਾ ਕਾਫੀ ਆਸਾਨ ਲਗਦਾ ਹੈ ਪਰ ਇਸ ਖੇਤਰ ਵਿਚ ਬਹੁਤ ਤਰ੍ਹਾਂ ਦੀਆਂ ਚੁਣੌਤੀਆਂ ਦਾ ਵੀ ਸਾਹਮਣਾ ਕਰਨਾ ਪੈਂਦਾ ਹੈ। ਇਨ੍ਹਾਂ ਪੇਸ਼ੇਵਰਾਂ ਉੱਪਰ ਜੰਗਲਾਂ ਦੀ ਸੁਰੱਖਿਆ ਦੇ ਨਾਲ-ਨਾਲ ਪਲਾਂਟੇਸ਼ਨ ਦੀ ਵੀ ਜ਼ਿੰਮੇਵਾਰੀ ਹੁੰਦੀ ਹੈ, ਜਿਸ ਵਿਚ ਫੀਲਡ ਸਾਈਟ ਤੋਂ ਡਾਟਾ ਇਕੱਠਾ ਕਰਨਾ, ਊਬੜ-ਖਾਬੜ ਅਤੇ ਮੁਸ਼ਕਿਲ ਰਸਤਿਆਂ 'ਤੇ ਚੜ੍ਹਾਈ ਜਾਂ ਡਰਾਈਵਿੰਗ ਕਰਨਾ, ਜੰਗਲੀ ਜੀਵ ਮਾਹਿਰਾਂ ਨੂੰ ਮਿਲਣਾ, ਸਾਇੰਟਿਫਿਕ ਪੇਪਰ, ਟੈਕਨੀਕਲ ਰਿਪੋਰਟ ਜਾਂ ਪਾਪੂਲਰ ਆਰਟੀਕਲਜ਼ ਦਾ ਕੰਮ ਕਰਨਾ, ਵਿੱਤੀ ਸਹਾਇਤਾ ਲਈ ਲਿਖਣਾ ਅਤੇ ਨੀਤੀ ਘਾੜਿਆਂ ਨਾਲ ਮੁਲਾਕਾਂਤਾ ਕਰਨਾ ਆਦਿ ਸ਼ਾਮਲ ਹੈ।

### ਕੁਝ ਖ਼ਾਸ ਗੁਣਾਂ ਦਾ ਹੋਣਾ ਲਾਜ਼ਮੀ

ਫਾਰੈਸਟ ਮੈਨੇਜਮੈਂਟ ਦੇ ਖੇਤਰ 'ਚ ਆਉਣ ਵਾਲੇ ਪੇਸ਼ੇਵਰਾਂ ਵਿਚ ਵਿੱਦਿਅਕ ਪ੍ਰਾਪਤੀਆਂ ਦੇ ਨਾਲ-ਨਾਲ ਕੁਝ ਖ਼ਾਸ ਗੁਣਾਂ ਦਾ ਹੋਣਾ ਵੀ ਬੇਹੱਦ ਲਾਜ਼ਮੀ ਹੈ। ਇਨ੍ਹਾਂ ਪੇਸ਼ੇਵਰਾਂ ਨੂੰ ਸਰੀਰਕ ਤੌਰ 'ਤੇ ਮਜ਼ਬੂਤ ਹੋਣ ਦੇ ਨਾਲ-ਨਾਲ ਕੁਦਰਤ ਨਾਲ ਪ੍ਰੇਮ ਕਰਨਾ ਵੀ ਆਉਂਦਾ ਹੋਣਾ ਚਾਹੀਦਾ ਹੈ। ਉਨ੍ਹਾਂ ਅੰਦਰ ਧੀਰਜ, ਦਲੇਰੀ, ਜਨ ਸੰਪਰਕ ਦੀ ਸਮਰਥਾ, ਫ਼ੈਸਲੇ ਲੈਣ ਦੀ ਸਮਰਥਾ, ਲੰਬੇ ਸਮੇਂ ਤਕ ਕੰਮ ਕਰਨ ਦੀ ਸਮਰਥਾ, ਕੰਪਿਊਟਰ 'ਤੇ ਕੰਮ ਕਰਨ ਦੀ ਜਾਣਕਾਰੀ ਦਾ ਹੋਣਾ ਬੇਹੱਦ ਲਾਜ਼ਮੀ ਹੈ।

### ਕਰੀਅਰ ਦੀਆਂ ਸੰਭਾਵਨਾਵਾਂ

ਫਾਰੈਸਟ ਮੈਨੇਜਮੈਂਟ ਦੀ ਸਿੱਖਿਆ ਹਾਸਲ ਕਰਨ ਵਾਲੇ ਨੌਜਵਾਨਾਂ ਲਈ ਸਰਕਾਰੀ ਅਤੇ ਪ੍ਰਾਈਵੇਟ, ਦੋਵਾਂ ਖੇਤਰਾਂ ਵਿਚ ਰੁਜ਼ਗਾਰ ਦੀਆਂ ਚੰਗੀਆਂ ਸੰਭਾਵਨਾਵਾਂ ਹਨ। ਇਸ ਤੋਂ ਇਲਾਵਾ ਕਿਸੇ ਐੱਨਜੀਓ ਨਾਲ ਮਿਲ ਕੇ ਵੀ ਕੰਮ ਕੀਤਾ ਜਾ ਸਕਦਾ ਹੈ। ਇਹ ਨੌਜਵਾਨ ਵਾਈਲਡ ਲਾਈਫ ਰੇਂਜ ਮੈਨੇਜਰ, ਵਾਈਲਡ ਲਾਈਫ ਰਿਫਿਊਜ ਮੈਨੇਜਰ, ਰਿਸਰਚਰ, ਫੋਟੋਗ੍ਰਾਫਰ, ਵਾਈਲਡ ਲਾਈਫ ਜਰਨਲਿਸਟ ਅਤੇ ਅਧਿਆਪਨ ਦੇ ਖੇਤਰ 'ਚ ਆਪਣਾ ਕਰੀਅਰ ਬਣਾ ਸਕਦੇ ਹਨ।

### ਫਾਰੈਸਟਰ

ਇਕ ਸਫ਼ਲ ਫਾਰੈਸਟਰ ਦਾ ਕੰਮ ਜੰਗਲ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ, ਲੈਂਡ ਸਕੇਪ ਮੈਨੇਜਮੈਂਟ, ਜੰਗਲ ਅਤੇ ਕੁਦਰਤ ਨਾਲ ਸਬੰਧਤ ਅਧਿਐਨ ਤੇ ਰਿਪੋਰਟ ਤਿਆਰ ਕਰਨਾ ਹੁੰਦਾ ਹੈ। ਇਸ ਲਈ ਜ਼ਰੂਰੀ ਯੋਗਤਾ ਗ੍ਰੈਜੂਏਸ਼ਨ ਹੈ। ਇਨ੍ਹਾਂ ਪੇਸ਼ੇਵਰਾਂ ਦਾ ਕੰਮ ਦੁਰਲੱਭ ਬੂਟਿਆਂ ਦੀ ਖੇਤੀ ਅਤੇ ਉਨ੍ਹਾਂ ਦੀ ਪੈਦਾਵਾਰ 'ਚ ਵਾਧਾ ਕਰਨਾ ਵੀ ਹੁੰਦਾ ਹੈ।

### ਵਾਈਲਡ ਲਾਈਫ ਜਰਨਲਿਜ਼ਮ

ਵਾਈਲਡ ਲਾਈਫ ਜਰਨਲਿਜ਼ਮ 'ਚ ਵੀ ਨੌਜਵਾਨਾਂ ਲਈ ਬਹੁਤ ਸਾਰੀਆਂ ਸੰਭਾਵਨਾਵਾਂ ਹਨ। ਇਨ੍ਹਾਂ ਦਾ ਕੰਮ ਜੰਗਲੀ ਜਾਨਵਰਾਂ ਨਾਲ ਸਬੰਧਤ ਤਮਾਮ ਜਾਣਕਾਰੀਆਂ ਨੂੰ ਲੋਕਾਂ ਤਕ ਪਹੁੰਚਾਉਣਾ ਹੁੰਦਾ ਹੈ। ਵਾਈਲਡ ਲਾਈਫ ਫੋਟੋਗ੍ਰਾਫੀ, ਡਾਕੂਮੈਂਟਰੀ ਆਦਿ ਬਣਾਉਣ ਦਾ ਰੋਮਾਂਚਕ ਕੰਮ ਵਾਈਲਡ ਲਾਈਫ ਜਰਨਲਿਸਟ ਹੀ ਕਰਦੇ ਹਨ।

### ਡੈਂਡਰੋਲੋਜਿਸਟ

ਇਹ ਪੇਸ਼ੇਵਰ ਰੁੱਖਾਂ ਅਤੇ ਬੂਟਿਆਂ ਦੇ ਵਿਗਿਆਨਕ ਅਧਿਐਨ ਦੇ ਮਾਹਿਰ ਹੁੰਦੇ ਹਨ। ਇਕ ਡੈਂਡਰੋਲੋਜਿਸਟ ਦਾ ਕੰਮ ਰੁੱਖਾਂ ਦੇ ਜੀਵਨ ਚੱਕਰ, ਗ੍ਰੇਡਿੰਗ, ਕਲਾਸੀਫਿਕੇਸ਼ਨ, ਖੋਜ ਆਦਿ ਕਰਨਾ ਹੁੰਦਾ ਹੈ।

### ਐਥਨੋਲੋਜਿਸਟ

ਇਹ ਪੇਸ਼ੇਵਰ ਜੰਗਲਾਂ ਤੇ ਜੰਗਲੀ ਜੀਵਾਂ 'ਚ ਹੋਣ ਵਾਲੀਆਂ ਕੁਦਰਤੀ ਤਬਦੀਲੀਆਂ ਅਤੇ ਉਨ੍ਹਾਂ ਦੀ ਕਾਰਜ ਪ੍ਰਣਾਲੀ ਦਾ ਅਧਿਐਨ ਕਰਦੇ ਹਨ। ਐਥਨੋਲੋਜਿਸਟ ਚਿੜੀਆ ਘਰ, ਇਕੁਏਰੀਅਮ ਅਤੇ ਲੈਬੋਰੇਟਰੀ ਵਿਚ ਜਾਨਵਰਾਂ ਦੇ ਸਿਹਤਮੰਦ ਤੇ ਸੁਖਾਵੇਂ ਵਸੇਬੇ ਦੇ ਪਹਿਲੂ ਉੱਪਰ ਵੀ ਕੰਮ ਕਰਦੇ ਹਨ। ਇਸ ਤੋਂ ਇਲਾਵਾ ਇਸ ਖੇਤਰ ਵਿਚ ਆਉਣ ਵਾਲੇ ਨੌਜਵਾਨ ਐਂਟੋਮੋਲੋਜਿਸਟ, ਸਿਲਵਕਲਚਰਿਸਟ, ਜੂ-ਕਿਊਰੇਟਰ ਆਦਿ ਦੇ ਤੌਰ 'ਤੇ ਵੀ ਆਪਣਾ ਕਰੀਅਰ ਬਣਾ ਸਕਦੇ ਹਨ।

### ਮੁੱਖ ਸੰਸਥਾਵਾਂ

- ਵਣ ਖੋਜ ਸੰਸਥਾ, ਦੇਹਰਾਦੂਨ। http://fri.icfre.gov.in/
- ਬਿਰਸਾ ਐਗਰੀਕਲਚਰਲ ਯੂਨੀਵਰਸਿਟੀ, ਰਾਂਚੀ। http://www.bauranchi.org/
- ਜਵਾਹਰ ਲਾਲ ਨਹਿਰੂ ਖੇਤੀ ਯੂਨੀਵਰਸਿਟੀ, ਜਬਲਪੁਰ। http://www.jnkvv.org/
- ਨੇਚਰ ਕੰਜ਼ਰਵੇਸ਼ਨ ਫਾਊਂਡੇਸ਼ਨ। http://ncf-india.org/
- ਡਾ. ਵਾਈਐੱਸ ਪਰਮਾਰ ਯੂਨੀਵਰਸਿਟੀ ਆਫ ਹਾਰਟੀਕਲਚਰ ਐਂਡ ਫਾਰੈਸਟਰੀ। http://www.yspuniversity.ac.in •

---

# ਸਫ਼ਲਤਾ ਪ੍ਰਾਪਤੀ ਲਈ ਅਹਿਮ ਹੈ ਪਹਿਲਾ ਕਦਮ

• ਗੁਰਵਿੰਦਰ ਸਿੰਘ

ਨਵੇਂ ਕੋਰਸ 'ਚ ਦਾਖ਼ਲਾ ਲੈਣਾ, ਹੁਨਰ ਸਿੱਖਣਾ, ਵਪਾਰ ਸ਼ੁਰੂ ਕਰਨਾ, ਘਰ ਬਣਾਉਣਾ, ਘਰ 'ਚ ਤਬਦੀਲੀ ਕਰਨੀ, ਨੌਕਰੀ ਲੱਗਣਾ, ਨੌਕਰੀ ਬਦਲਣ ਆਦਿ ਹਰ ਕੰਮ 'ਚ ਸਫ਼ਲਤਾ ਪ੍ਰਾਪਤੀ ਲਈ ਸ਼ੁਰੂਆਤ ਕਰਨੀ ਅਰਥਾਤ ਪਹਿਲਾ ਕਦਮ ਚੁੱਕਣਾ ਜ਼ਰੂਰੀ ਹੁੰਦਾ ਹੈ। ਦੁਨੀਆ ਦੇ ਲੱਖਾਂ ਲੋਕ ਸਫ਼ਲ ਹੋਣਾ ਚਾਹੁੰਦੇ ਹਨ, ਉਨ੍ਹਾਂ ਕੋਲ ਸਫ਼ਲ ਹੋਣ ਲਈ ਜ਼ਰੂਰੀ ਯੋਗਤਾ ਵੀ ਹੁੰਦੀ ਹੈ ਪਰ ਸਫ਼ਲਤਾ ਦੇ ਰਸਤੇ 'ਚ ਆਉਂਦੀਆਂ ਰੁਕਾਵਟਾਂ ਤੇ ਅਸਫ਼ਲਤਾ ਦਾ ਡਰ ਉਨ੍ਹਾਂ ਨੂੰ ਪਹਿਲਾ ਕਦਮ ਚੁੱਕਣ ਤੋਂ ਰੋਕਦਾ ਹੈ। ਉਹ ਆਪਣੀ ਯੋਜਨਾਬੰਦੀ ਨੂੰ ਕਾਰਜਸ਼ੀਲ ਕਰਨ 'ਚ ਢਿੱਲਮੱਠ ਕਰਦੇ ਰਹਿੰਦੇ ਹਨ ਤੇ ਸਫ਼ਲਤਾ ਤੋਂ ਖੁੰਝ ਜਾਂਦੇ ਹਨ।

### ਸ਼ੁਰੂਆਤ ਨਾਲ ਹੀ ਮਿਲੇਗੀ ਸਫ਼ਲਤਾ

ਸੰਸਾਰ ਵਿਚ ਕੁਝ ਵੀ ਆਪੇ ਨਹੀਂ ਹੁੰਦਾ। ਹਰ ਵਿਅਕਤੀ ਨੂੰ ਕੋਸ਼ਿਸ਼ ਕਰਨੀ ਪੈਂਦੀ ਹੈ। ਜੇ ਅਸੀਂ ਪਹਿਲਾ ਕਦਮ ਹੀ ਨਹੀਂ ਚੁੱਕਦੇ ਤਾਂ ਸਾਡੀ ਸਫ਼ਲਤਾ ਸੁਪਨਾ ਸਿਰਫ਼ ਸੁਪਨਾ ਹੀ ਰਹਿ ਜਾਵੇਗਾ। ਜੇ ਅਸੀਂ ਘਰੋਂ ਹੀ ਨਹੀਂ ਨਿਕਲਾਂਗੇ ਤਾਂ ਮੰਜ਼ਿਲ 'ਤੇ ਪਹੁੰਚਣ ਬਾਰੇ ਕਿਵੇਂ ਸੋਚ ਸਕਦੇ ਹਾਂ? ਜੇ ਕੋਈ ਵਿਅਕਤੀ ਦੁਰਘਟਨਾ ਤੋਂ ਡਰਦਾ ਵਾਹਨ ਹੀ ਨਾ ਚਲਾਵੇ ਤਾਂ ਉਹ ਕਦੇ ਵੀ ਡ੍ਰਾਈਵਿੰਗ ਨਹੀਂ ਸਿੱਖ ਸਕੇਗਾ। ਜੇ ਰੋਟੀ ਸੜਨ ਦੇ ਡਰ ਤੋਂ ਰੋਟੀ ਤਵੇ 'ਤੇ ਰੱਖੀ ਹੀ ਨਾ ਜਾਵੇ ਤਾਂ ਚੰਗਾ ਖਾਣਾ ਬਣਾਉਣਾ ਸਿੱਖਣਾ ਅਸੰਭਵ ਹੈ।

### ਦਿਸ਼ਾ ਨਿਰਧਾਰਤ ਕਰਦਾ ਹੈ ਪਹਿਲਾ ਕਦਮ

ਕੁਝ ਲੋਕ ਪਹਿਲੇ ਕਦਮ ਜਾਂ ਆਰੰਭ ਵਿਚ ਹੀ ਅਸਫ਼ਲ ਹੋ ਜਾਣ ਤਾਂ ਦੁਬਾਰਾ ਕੋਸ਼ਿਸ਼ ਹੀ ਨਹੀਂ ਕਰਦੇ। ਅਜਿਹੇ ਲੋਕ ਜੀਵਨ 'ਚ ਅਸਫ਼ਲ ਹੀ ਰਹਿ ਜਾਂਦੇ ਹਨ। ਕੁਝ ਲੋਕ ਅਸਫ਼ਲਤਾ ਤੋਂ ਬਾਅਦ ਦੁਬਾਰਾ ਹੋਰ ਜੋਸ਼ ਨਾਲ ਜਿੱਤ ਦੀ ਕੋਸ਼ਿਸ਼ ਕਰਦੇ ਹਨ। ਅਜਿਹੇ ਲੋਕ ਸਫ਼ਲ ਹੁੰਦੇ ਹਨ ਤੇ ਬਾਕੀਆਂ ਲਈ ਮਿਸਾਲ ਬਣਦੇ ਹਨ। ਕਿਸੇ ਵੀ ਦਿਸ਼ਾ ਵਿਚ ਚੁੱਕਿਆ ਗਿਆ ਪਹਿਲਾ ਕਦਮ ਉਸ ਦਿਸ਼ਾ ਵੱਲ ਸਾਡੀ ਸਫ਼ਲਤਾ ਤੇ ਅਸਫ਼ਲਤਾ ਨੂੰ ਨਿਰਧਾਰਤ ਕਰਦਾ ਹੈ।



### ਡਰ ਹੁੰਦੇ ਹਨ ਦੂਰ

ਬਹੁਤ ਸਾਰੇ ਲੋਕਾਂ ਨੂੰ ਆਪਣੀ ਯੋਗਤਾ 'ਤੇ ਸ਼ੱਕ ਹੁੰਦਾ ਹੈ। ਲਗਦਾ ਹੈ ਕਿ ਉਹ ਸਫ਼ਲ ਨਹੀਂ ਹੋਣਗੇ। ਉਹ ਪਹਿਲਾ ਕਦਮ ਚੁੱਕਣ 'ਤੇ ਸਫ਼ਲਤਾ ਪ੍ਰਾਪਤ ਕਰਦੇ ਹਨ ਤਾਂ ਉਨ੍ਹਾਂ ਦਾ ਡਰ ਦੂਰ ਹੋ ਜਾਂਦਾ ਹੈ ਤੇ ਉਹ ਅਗਲੇ ਕਦਮ ਲਈ ਯੋਜਨਾਬੰਦੀ ਕਰਦੇ ਹਨ।

### ਵਧਦਾ ਹੈ ਆਤਮਵਿਸ਼ਵਾਸ

ਬੱਚਾ ਜਦੋਂ ਖੜ੍ਹਾ ਹੋਣ ਦੀ ਕੋਸ਼ਿਸ਼ ਕਰਦਾ ਹੈ ਤਾਂ ਕਈ ਵਾਰ ਡਿੱਗਦਾ ਹੈ। ਜਦ ਉਹ ਪਹਿਲਾ ਕਦਮ ਚੁੱਕਦਾ ਹੈ ਤਾਂ ਉਸ ਵਿਚ ਆਤਮਵਿਸ਼ਵਾਸ ਪੈਦਾ ਹੁੰਦਾ ਹੈ ਤੇ ਉਹ ਅਗਲਾ ਕਦਮ ਚੁੱਕਦਾ ਹੈ। ਹੌਲੀ-ਹੌਲੀ ਉਹ ਤੁਰਨਾ ਤੇ ਫਿਰ ਦੌੜਨਾ ਵੀ ਸਿੱਖ ਜਾਂਦਾ ਹੈ। ਇਸੇ ਪ੍ਰਕਾਰ ਜਦੋਂ ਅਸੀਂ ਕਿਸੇ ਕੰਮ ਦੀ ਸ਼ੁਰੂਆਤ ਕਰਦੇ ਹਾਂ ਤਾਂ ਉਸ ਵਿਚ ਮਿਲੀ ਸਫ਼ਲਤਾ ਸਾਡੇ ਮਨ 'ਚ ਵਿਸ਼ਵਾਸ ਭਰਦੀ ਹੈ ਤੇ ਸਾਨੂੰ ਸਫ਼ਲਤਾ ਦੇ ਰਸਤੇ 'ਤੇ ਲੈ ਜਾਂਦੀ ਹੈ।

### ਵੱਡੀਆਂ ਜਿੱਤਾਂ ਲਈ ਮਿਲਦੀ ਹੈ ਪ੍ਰੇਰਨਾ

ਪਹਿਲੇ ਕਦਮ 'ਤੇ ਮਿਲੀ ਛੋਟੀ ਜਿਹੀ ਜਿੱਤ ਜਾਂ ਸਫ਼ਲਤਾ ਸਾਡੇ ਭਵਿੱਖ ਦੀਆਂ ਵੱਡੀਆਂ ਜਿੱਤਾਂ ਦਾ ਆਧਾਰ ਬਣਾਉਂਦੀ ਹੈ। ਇਸ ਲਈ ਜ਼ਰੂਰੀ ਹੈ ਕਿ ਜੇ ਅਸੀਂ ਪਹਿਲਾ ਕਦਮ ਬਹੁਤ ਵੱਡਾ ਨਹੀਂ ਚੁੱਕ ਸਕਦੇ ਤਾਂ ਕੋਈ ਛੋਟਾ ਕਦਮ ਜ਼ਰੂਰ ਚੁੱਕ ਲੈਣਾ ਚਾਹੀਦਾ ਹੈ।

### ਹਾਰ ਕੇ ਵੀ ਜਿੱਤ ਜਾਂਦਾ ਹੈ ਪਹਿਲਾ ਕਦਮ ਚੁੱਕਣ ਵਾਲਾ

ਜ਼ਰੂਰੀ ਨਹੀਂ ਕਿ ਪਹਿਲਾ ਕਦਮ ਸਫ਼ਲ ਹੀ ਹੋਵੇ ਪਰ ਇਸ ਦੇ ਮਹੱਤਵ ਨੂੰ ਦਰਕਿਨਾਰ ਨਹੀਂ ਕੀਤਾ ਜਾ ਸਕਦਾ। ਜੇ ਪਹਿਲੇ ਕਦਮ 'ਤੇ ਅਸਫ਼ਲਤਾ ਵੀ ਮਿਲੇ ਤਾਂ ਉਹ ਵੀ ਬਹੁਤ ਕੁਝ ਸਿਖਾ ਜਾਂਦੀ ਹੈ। ਇਸ ਨਾਲ ਅਸਫ਼ਲਤਾ ਦੇ ਕਾਰਨਾਂ ਤੇ ਭਵਿੱਖ ਦੀਆਂ ਸੰਭਾਵਨਾਵਾਂ 'ਤੇ ਵਿਚਾਰ ਕਰਨ ਦਾ ਮੌਕਾ ਮਿਲਦਾ ਹੈ। ਜੀਵਨ ਦੇ ਕੀਮਤੀ ਤਜ਼ਰਬੇ ਹਾਸਲ ਹੁੰਦੇ ਹਨ।

### ਉਸਾਰੂ ਆਦਤਾਂ ਦਾ ਜਨਮ

ਕਈ ਲੋਕ ਚੰਗਾ ਕੰਮ ਕਰਨਾ ਚਾਹੁੰਦੇ ਹਨ ਪਰ ਪਹਿਲਾ ਕਦਮ ਚੁੱਕਣੋਂ ਡਰਦੇ ਹਨ। ਇਕ ਵਾਰ ਸ਼ੁਰੂਆਤ ਕਰਨ ਤੋਂ ਬਾਅਦ ਉਸ ਕੰਮ ਨੂੰ ਵਾਰ-ਵਾਰ ਕੀਤਾ ਜਾਂਦਾ ਹੈ ਤੇ ਉਸ ਨੂੰ ਕਰਨ ਦੀ ਆਦਤ ਬਣ ਜਾਂਦੀ ਹੈ। ਸਮਾਂ ਬੀਤਣ 'ਤੇ ਇਹ ਆਦਤ ਮਨੁੱਖ ਦੇ ਸੁਭਾਅ 'ਚ ਸ਼ਾਮਲ ਹੋ ਜਾਂਦੀ ਹੈ ਤੇ ਜ਼ਿੰਦਗੀ 'ਚ ਅੱਗੇ ਵਧਣ ਲਈ ਉਸ ਦਾ ਮਾਰਗ ਦਰਸ਼ਨ ਕਰਦੀ ਹੈ। •

89569-00001

---

## ਨੌਕਰੀਆਂ

**ਹਾਈ ਕੋਰਟ ਆਫ ਪੰਜਾਬ ਐਂਡ ਹਰਿਆਣਾ**
ਅਸਾਮੀਆਂ - 239
ਅਹੁਦਾ - **ਸਟੈਨੋਗ੍ਰਾਫਰ ਗ੍ਰੇਡ-3**
ਅਪਲਾਈ ਕਰਨ ਦੀ ਆਖ਼ਰੀ ਤਰੀਕ - **23 ਜਨਵਰੀ 2018**
ਵੈੱਬਸਾਈਟ - www.highcourtchd.gov.in

**ਸਟੇਟ ਬੈਂਕ ਆਫ ਇੰਡੀਆ**
ਅਸਾਮੀਆਂ - 50
ਅਹੁਦਾ - **ਸਪੈਸ਼ਲਿਸਟ ਅਫਸਰ**
ਅਪਲਾਈ ਕਰਨ ਦੀ ਆਖ਼ਰੀ ਤਰੀਕ - **28 ਜਨਵਰੀ 2018**
**ਵੈੱਬਸਾਈਟ** - www.sbi.co.in

**ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ**
ਅਸਾਮੀਆਂ - 462
ਅਹੁਦਾ - **ਐਡਮਨਿਸਟ੍ਰੇਟਿਵ ਅਫਸਰ**
ਅਪਲਾਈ ਕਰਨ ਦੀ ਆਖ਼ਰੀ ਤਰੀਕ - **29 ਜਨਵਰੀ 2018**
**ਵੈੱਬਸਾਈਟ** - www.uiic.co.in

**ਇੰਡੋ ਤਿੱਬਤੀਅਨ ਬਾਰਡਰ ਪੁਲਿਸ**
ਅਸਾਮੀਆਂ - 241
ਅਹੁਦਾ - **ਕਾਂਸਟੇਬਲ, ਹੈੱਡ ਕਾਂਸਟੇਬਲ**
ਅਪਲਾਈ ਕਰਨ ਦੀ ਆਖ਼ਰੀ ਤਰੀਕ - **31 ਜਨਵਰੀ 2018**
**ਵੈੱਬਸਾਈਟ** - www.itbpolice.nic.in

**ਕੈਨਰਾ ਬੈਂਕ**
ਅਸਾਮੀਆਂ - 450
ਅਹੁਦਾ - **ਪ੍ਰੋਬੇਸ਼ਨਰੀ ਅਫਸਰ**
ਅਪਲਾਈ ਕਰਨ ਦੀ ਆਖ਼ਰੀ ਤਰੀਕ - **31 ਜਨਵਰੀ 2018**
**ਵੈੱਬਸਾਈਟ** - www.canarabank.com.

**ਸੈਂਟਰਲ ਇੰਡਸਟ੍ਰੀਅਲ ਸਕਿਓਰਿਟੀ ਫੋਰਸ**
ਅਸਾਮੀਆਂ - 118
ਅਹੁਦਾ - **ਅਸਿਸਟੈਂਟ ਸਬ ਇੰਸਪੈਕਟਰ, ਹੈੱਡ ਕਾਂਸਟੇਬਲ**
ਅਪਲਾਈ ਕਰਨ ਦੀ ਆਖ਼ਰੀ ਤਰੀਕ - **02 ਫਰਵਰੀ 2018**
**ਵੈੱਬਸਾਈਟ** - www.cisf.gov.in

**ਭਾਰਤ ਹੈਵੀ ਇਲੈਕਟ੍ਰੀਕਲਜ਼ ਲਿਮਟਿਡ**
ਅਸਾਮੀਆਂ - 50
ਅਹੁਦਾ - **ਇੰਜੀਨੀਅਰ ਟਰੇਨੀ**
ਅਪਲਾਈ ਕਰਨ ਦੀ ਆਖ਼ਰੀ ਤਰੀਕ - **03 ਫਰਵਰੀ 2018**
**ਵੈੱਬਸਾਈਟ** - www.bhel.com. •

---

*ਖੇਤੀ ਨਾਲ ਸਬੰਧਤ ਸਾਰੇ ਖੇਤਰਾਂ ਦੀ ਪੜ੍ਹਾਈ ਨੂੰ ਲੈ ਕੇ ਵਿਦਿਆਰਥੀਆਂ ਅੰਦਰ ਖ਼ਾਸ ਦਿਲਚਸਪੀ ਰਹੀ ਹੈ। ਅਜੋਕੇ ਦੌਰ ਵਿਚ ਆਰਗੈਨਿਕ ਫਾਰਮਿੰਗ ਅਤੇ ਐਗਰੀਕਲਚਰਲ ਮਾਰਕੀਟਿੰਗ ਵਰਗੇ ਨਵੇਂ ਟਰੇਡ ਬਿਹਤਰ ਭਵਿੱਖ ਦੀ ਨੀਂਹ ਰੱਖਣ ਦੇ ਪੂਰੀ ਤਰ੍ਹਾਂ ਸਮਰੱਥ ਹਨ। ਇਹੀ ਕਾਰਨ ਹੈ ਕਿ ਮੈਨੇਜਮੈਂਟ ਦੀ ਪੜ੍ਹਾਈ ਵਿਚ ਐਗਰੀ ਬਿਜ਼ਨਸ ਮੈਨੇਜਮੈਂਟ ਇਕ ਖ਼ਾਸ ਸਟ੍ਰੀਮ ਦੇ ਤੌਰ 'ਤੇ ਨੌਜਵਾਨਾਂ ਦੀ ਪਹਿਲੀ ਪਸੰਦ ਬਣ ਰਿਹਾ ਹੈ...*

# ਨੌਜਵਾਨਾਂ ਦੀ ਪਹਿਲੀ ਪਸੰਦ ਬਣ ਰਿਹੈ ਐਗਰੀ ਬਿਜ਼ਨਸ

ਆਪਣੇ ਕਰੀਅਰ ਨੂੰ ਲੈ ਕੇ ਨੌਜਵਾਨਾਂ ਅੰਦਰ ਜਾਗਰੂਕਤਾ ਲਗਾਤਾਰ ਵਧ ਰਹੀ ਹੈ। ਕੋਰਸ ਅਤੇ ਕਰੀਅਰ ਨੂੰ ਚੁਣਨ ਦੇ ਮਾਮਲੇ 'ਚ ਹੁਣ ਨੌਜਵਾਨਾਂ ਦੀ ਰੁਚੀ ਅਤੇ ਰੁਝਾਨ ਦੋਵੇਂ ਬਦਲਣ ਲੱਗੇ ਹਨ। ਆਧੁਨਿਕਤਾ ਦੇ ਦੌੜ-ਭੱਜ ਵਾਲੇ ਇਸ ਦੌਰ ਵਿਚ ਭਾਵੇਂ ਤਕਨੀਕੀ ਅਤੇ ਮੈਨੇਜਮੈਂਟ ਕੋਰਸਾਂ ਦਾ ਬੋਲਬਾਲਾ ਹੈ ਪਰ ਖੇਤੀ ਨੂੰ ਜਾਨਣ ਅਤੇ ਸਮਝਣ ਵਾਲੇ ਨੌਜਵਾਨਾਂ ਦੀ ਵੀ ਕੋਈ ਕਮੀ ਨਹੀਂ ਹੈ। ਖੇਤੀ ਦੇ ਖੇਤਰ 'ਚ ਅਧਿਐਨ ਨੂੰ ਕਿਸੇ ਵੀ ਹੱਦ ਦੇ ਅੰਦਰ ਨਹੀਂ ਬੰਨ੍ਹਿਆ ਜਾ ਸਕਦਾ।

ਦੂਸਰੇ ਤਮਾਮ ਖੇਤਰਾਂ ਤੋਂ ਆਉਣ ਵਾਲੇ ਨੌਜਵਾਨ ਐਗਰਕਲਚਰ ਇੰਜੀਨੀਅਰਿੰਗ, ਐਗਰੀਕਲਚਰ ਮੈਨੇਜਮੈਂਟ ਅਤੇ ਐਗਰੀ ਬਿਜ਼ਨਸ ਵਰਗੇ ਬਿਲਕੁਲ ਵੱਖਰੀ ਤਰ੍ਹਾਂ ਦੇ ਕਰੀਅਰ ਨੂੰ ਚੁਣਨ 'ਚ ਹੀ ਆਪਣੇ ਬਿਹਤਰੀਨ ਕਰੀਅਰ ਨੂੰ ਵੇਖ ਰਹੇ ਹਨ। ਬਾਰ੍ਹਵੀਂ ਤੋਂ ਬਾਅਦ ਬੀਐੱਸਸੀ ਐਗਰੀਕਲਚਰ ਇਕ ਪਸੰਦੀਦਾ ਕੋਰਸ ਦੇ ਤੌਰ 'ਤੇ ਜਾਣਿਆ ਜਾਂਦਾ ਹੈ। ਵੈਟਰਨਰੀ ਸਾਇੰਸ, ਐਗਰੀਕਲਚਰ ਇੰਜੀਨੀਅਰਿੰਗ, ਹਾਰਟੀਕਲਚਰ, ਫੂਡ ਸਾਇੰਸ, ਫਾਰੈਸਟਰੀ ਵਰਗੇ ਇਸ ਨਾਲ ਸਬੰਧਤ ਖੇਤਰਾਂ ਵਿਚ ਵੀ ਚੰਗੇ ਕਰੀਅਰ ਦੀ ਬੁਨਿਆਦ ਰੱਖੀ ਜਾ ਸਕਦੀ ਹੈ।

### ਯੋਗਤਾ

ਐਗਰੀਕਲਚ ਸਾਇੰਸਿਜ਼ ਜਾਂ ਸਬੰਧਤ ਵਿਸ਼ੇ ਵਿਚ ਘੱਟੋ ਘੱਟ 50 ਫ਼ੀਸਦੀ ਅੰਕਾਂ ਨਾਲ ਗ੍ਰੈਜੂਏਸ਼ਨ ਕੀਤੀ ਹੋਣੀ ਲਾਜ਼ਮੀ ਹੈ। ਇਸ ਤੋਂ ਇਲਾਵਾ ਕਿਸੇ ਵੀ ਵਿਸ਼ੇ ਵਿਚ 50 ਫ਼ੀਸਦੀ ਅੰਕਾਂ ਨਾਲ ਗ੍ਰੈਜੂਏਸ਼ਨ ਕਰਨ ਵਾਲੇ ਵੀ ਅਪਲਾਈ ਕਰ ਸਕਦੇ ਹਨ। ਉਮੀਦਵਾਰ ਦੇ ਕੋਲ ਕੈਟ-2017 ਜਾਂ ਸੀਮੈਟ-2018 ਦੇ ਚੰਗੇ ਸਕੋਰ ਹੋਣੇ ਵੀ ਲਾਜ਼ਮੀ ਹਨ।

### ਐਗਰੀ ਬਿਜ਼ਨਸ ਮੈਨੇਜਮੈਂਟ 'ਚ ਕਰੋ ਪੀਜੀਡੀਐੱਮ

ਸੀਸੀਐੱਸ ਨੈਸ਼ਨਲ ਇੰਸਟੀਚਿਊਟ ਆਫ ਐਗਰੀਕਲਚਰਲ ਮਾਰਕੀਟਿੰਗ ਨੇ ਪੋਸਟ ਗ੍ਰੈਜੂਏਟ ਡਿਪਲੋਮਾ ਇਨ ਮੈਨੇਜਮੈਂਟ (ਐਗਰੀ ਬਿਜ਼ਨਸ ਮੈਨੇਜਮੈਂਟ) 2018-20 ਲਈ ਅਰਜ਼ੀਆਂ ਲੈਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਸੀਸੀਐੱਸ ਨੈਸ਼ਨਲ ਇੰਸਟੀਚਿਊਟ ਭਾਰਤ ਸਰਕਾਰ ਦੇ ਖੇਤੀ ਅਤੇ ਕਿਸਾਨ ਕਲਿਆਣ ਮੰਤਰਾਲੇ ਅਧੀਨ ਇਕ ਖ਼ੁਦ ਮੁਖ਼ਤਿਆਰ ਸੰਸਥਾ ਹੈ। ਟ੍ਰੇਨਿੰਗ, ਖੋਜ, ਸਲਾਹਕਾਰੀ, ਵਿੱਦਿਆ ਅਤੇ ਨੀਤੀ ਸਹਿਯੋਗ ਦੇ ਮਾਮਲੇ ਵਿਚ ਇਹ ਇਕ ਬਿਹਤਰੀਨ ਸੰਸਥਾ ਦੇ ਤੌਰ 'ਤੇ ਜਾਣੀ ਜਾਂਦੀ ਹੈ। ਸੰਸਥਾ ਵੱਲੋਂ ਕਰਵਾਇਆ ਜਾਣ ਵਾਲਾ ਪੀਜੀਡੀਐੱਮ ਦੋ ਸਾਲਾ ਕੁੱਲਵਕਤੀ ਕੋਰਸ ਹੈ, ਜਿਸ ਵਿਚ ਮੁੱਖ ਤੌਰ 'ਤੇ ਫੂਡ, ਰਿਟੇਲਿੰਗ, ਐਕਸਪੋਰਟ, ਕਮੋਡਿਟੀ ਟਰੇਡਿੰਗ, ਮਾਈਕਰੋ ਫਾਈਨਾਂਸ, ਬੈਂਕਿੰਗ, ਕੰਸਲਟਿੰਗ, ਫਾਰਮਾਸਿਊਟੀਕਲਜ਼, ਐਗਰੀ ਇਨਪੁੱਟ ਆਦਿ ਉੱਪਰ ਫੋਕਸ ਕੀਤਾ ਜਾਂਦਾ ਹੈ।



### ਤੇਜ਼ੀ ਨਾਲ ਉੱਭਰਾ ਰਿਹਾ ਖੇਤਰ

ਆਧੁਨਿਕ ਖੇਤੀ ਵਿਚ ਤੇਜ਼ੀ ਨਾਲ ਤਬਦੀਲੀਆਂ ਆ ਰਹੀਆਂ ਹਨ। ਨਵੀਂ ਕਿਸਮ ਦੇ ਖ਼ੁਰਾਕੀ ਪਦਾਰਥ ਤੇਜ਼ੀ ਨਾਲ ਲੋਕਾਂ ਦੀ ਪਹਿਲੀ ਪਸੰਦ ਬਣ ਰਹੇ ਹਨ। ਬਾਜ਼ਾਰ, ਮਾਰਕੀਟਿੰਗ ਅਤੇ ਆਧੁਨਿਕ ਤਕਨੀਕਾਂ ਦੀ ਹੀ ਦੇਣ ਹੈ ਕਿ ਸ਼ਹਿਰੀ ਖੇਤਰਾਂ ਅਤੇ ਇਥੋਂ ਤਕ ਕਿ ਵਿਦੇਸ਼ਾਂ ਵਿਚ ਵੀ ਪਿੰਡਾਂ 'ਚ ਉਪਜਾਏ ਗਏ ਖ਼ੁਰਾਕੀ ਪਦਾਰਥਾਂ ਦੀ ਪਹੁੰਚ ਬਣ ਰਹੀ ਹੈ। ਸੁਪਰ ਮਾਰਕੀਟ ਕਲਚਰ ਨੇ ਜਿੱਥੇ ਲੋਕਾਂ ਨੂੰ ਹਜ਼ਾਰਾਂ ਕਿਸਮਾਂ ਦੀ ਖ਼ੁਰਾਕੀ ਪਦਾਰਥਾਂ ਨਾਲ ਜਾਣੂ ਕਰਵਾਇਆ ਹੈ, ਉੱਥੇ ਕਿਸਾਨਾਂ ਲਈ ਵੀ ਬਹੁਤ ਸਾਰੇ ਮੌਕੇ ਪੈਦਾ ਕੀਤੇ ਹਨ। ਅੱਜ ਕੱਲ੍ਹ ਆਰਗੈਨਿਕ ਫੂਡਜ਼ ਨੂੰ ਲੈ ਕੇ ਲੋਕਾਂ ਅੰਦਰ ਤੇਜ਼ੀ ਨਾਲ ਜਾਗਰੂਕਤਾ ਪੈਦਾ ਹੋ ਰਹੀ ਹੈ। ਇਸ ਖੇਤੀ ਅਤੇ ਮਾਰਕੀਟਿੰਗ ਪ੍ਰੋਫੈਸ਼ਨਲਜ਼ ਲਈ ਇਸ ਖੇਤਰ ਵਿਚ ਕਾਫੀ ਮੌਕੇ ਪੈਦਾ ਹੋ ਰਹੇ ਹਨ। ਐਗਰੀ ਬਿਜ਼ਨਸ ਦੀ ਗੱਲ ਕਰੀਏ ਤਾਂ ਮੌਕੇ ਸਿਰਫ਼ ਕਾਰਪੋਰੇਟ ਫਰਮਾਂ ਵਿਚ ਹੀ ਨਹੀਂ, ਬਲਕਿ ਛੋਟੀਆਂ ਫਰਮਾਂ, ਡਿਸਟ੍ਰੀਬਿਊਟਰ, ਮਨੂਫੈਕਚਰਿੰਗ, ਪੈਸਟੀਸਾਈਡਸ, ਸੀਡ ਸੈਲਿੰਗ, ਮਾਨੀਟਰਿੰਗ ਆਦਿ ਦੇ ਖੇਤਰਾਂ ਵਿਚ ਵੀ ਰੁਜ਼ਗਾਰ ਦੀ ਕਮੀ ਨਹੀਂ ਹੈ।

### ਚੋਣ ਪ੍ਰਕਿਰਿਆ

ਕੈਟ/ਸੀਮੈਟ ਸਕੋਰ ਦੇ ਆਧਾਰ 'ਤੇ ਉਮੀਦਵਾਰ ਨੂੰ ਗਰੁੱਪ ਡਿਸਕਸ਼ਨ, ਇੰਟਰਵਿਊ ਆਦਿ ਲਈ ਬੁਲਾਇਆ ਜਾਵੇਗਾ। ਕੈਟ/ਸੀਮੈਟ ਲਈ 51/34 ਅੰਕਾਂ ਦੀ ਵੇਟੇਜ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਡਾਇਵਰਸਿਟੀ ਫੈਕਟਰ ਦੇ ਲਈ 6, ਗਰੁੱਪ ਡਿਸਕਸ਼ਨ ਲਈ 12, ਪਰਸਨਲ ਇੰਟਰਵਿਊ ਲਈ 25 ਅਤੇ ਵਰਕ ਐਕਸਪੀਰੀਐਂਸ ਲਈ 5 ਅੰਕਾਂ ਦੀ ਵੇਟੇਜ ਦਿੱਤੀ ਜਾਵੇਗੀ।

### ਐਪਲੀਕੇਸ਼ਨ ਫੀਸ

ਉਮੀਦਵਾਰ ਨੂੰ ਐਪਲੀਕੇਸ਼ਨ ਫੀਸ ਦੇ ਤੌਰ 'ਤੇ 1200 ਰੁਪਏ (ਐੱਸਸੀ/ਐੱਸਟੀ ਲਈ 600 ਰੁਪਏ) ਦਾ ਭੁਗਤਾਨ ਕਰਨਾ ਪਵੇਗਾ। •

**ਕਿਵੇਂ ਕਰੀਏ ਅਪਲਾਈ?**

*ਨਿਰਧਾਰਤ ਰੂਪ 'ਚ ਐਪਲੀਕੇਸ਼ਨ ਭਰ ਕੇ ਹੇਠ ਲਿਖੇ ਪਤੇ 'ਤੇ 28 ਫਰਵਰੀ 2018 ਤੋਂ ਪਹਿਲਾਂ ਭੇਜਣ ਪਵੇਗੀ।*

**ਅਪਲਾਈ ਕਰਨ ਦੀ ਆਖ਼ਰੀ ਤਰੀਕ**

*28 ਫਰਵਰੀ 2018*

**ਪਤਾ** *ਸੀਸੀਐੱਸ ਨੈਸ਼ਨਲ ਇੰਸਟੀਚਿਊਟ ਆਫ ਐਗਰੀਕਲਚਰਲ ਮਾਰਕੀਟਿੰਗ, ਕੋਟਾ ਰੋਡ ਬਾਂਬਲਾ, ਪ੍ਰਤਾਪ ਨਗਰ, ਜੈਪੁਰ (ਰਾਜਸਥਾਨ)-302033*

ਕੀ ਪਰਿਵਾਰ ਉਹ ਹੁੰਦਾ ਹੈ ਜਿਸ ਦੇ ਮੈਂਬਰ ਇਕ ਚੁੱਲ੍ਹੇ ਲਾਗੇ ਬਹਿਕੇ ਫੁਲਕਾ ਛਕਦੇ ਹਨ ਤੇ ਵਿਚਾਰਾਂ ਪੱਖੋਂ ਕੱਟੜ ਵਿਰੋਧੀ ਹੁੰਦੇ ਹਨ। ਅਜਿਹੇ ਮੈਂਬਰਾਂ ਦੇ ਇਕੱਠ ਨੂੰ ਸੰਯੁਕਤ ਪਰਿਵਾਰ ਦੀ ਲੜੀ 'ਚ ਨਹੀਂ ਪਰੋਇਆ ਜਾ ਸਕਦਾ।



# ਮਨੁੱਖੀ ਸਾਂਝਾਂ ਦਾ ਪ੍ਰਤੀਕ ਸੰਯੁਕਤ ਪਰਿਵਾਰ

• ਜੋਗਿੰਦਰ ਸਿੰਘ ਸਿਵੀਆ

ਪਰਿਵਾਰਕ ਰਿਸ਼ਤੇ 'ਚ ਮੇਲ-ਜੋਲ, ਭਾਈਬੰਦੀ, ਸਾਕੇਦਾਰੀ ਕੰਮ ਆਉਂਦੀ ਹੈ। ਇਸ ਤੋਂ ਬਿਨਾਂ ਰਿਸ਼ਤਾ ਪੱਕਾ ਨਹੀਂ ਹੋ ਸਕਦਾ। ਇਕ ਤੌੜੀ 'ਚ ਦੋ ਰੱਖਣੇ ਨਹੀਂ ਹੋ ਸਕਦੇ। ਕੋਈ ਭੇਦ ਗੁਪਤ ਨਹੀਂ ਰੱਖਿਆ ਜਾ ਸਕਦਾ। ਇਸ ਰਿਸ਼ਤੇ ਦੇ ਸਾਰੇ ਕੰਮ ਪਾਰਦਰਸ਼ੀ ਹੁੰਦੇ ਹਨ।

ਰਿਸ਼ਤਿਆਂ ਦੀ ਸੂਚੀ ਬਹੁਤ ਲੰਮੀ ਹੈ। ਕਈ ਰਿਸ਼ਤੇ ਬਣਦੇ-ਬਿਗੜਦੇ ਹਨ। ਈਰਖ਼ਾ, ਵੈਰ, ਵਿਰੋਧ, ਦੂਈ-ਦਵੈਤ, ਸਾੜਾ, ਗੁੱਸਾ ਆਦਿ ਪੈਦਾ ਹੋ ਰਿਹਾ ਹੈ। ਆਪ ਹੁਦਰਾਪਣ ਇਹ ਦੀਆਂ ਜੜਾਂ ਖ਼ੋਖਲੀਆਂ ਕਰ ਰਿਹਾ ਹੈ ਤੇ ਅੱਜ ਆਪਸੀ ਪਿਆਰ ਹਮਦਰਦੀ, ਤਰਸ, ਸਹਿਨਸ਼ੀਲਤਾ ਸਬਰ, ਸੰਤੋਖ, ਮਿਲਵਰਤਨ ਦੇ ਨਿਸ਼ਾਨ ਨਹੀਂ ਮਿਲਦੇ। ਇਹੀ ਤੱਥ ਜ਼ਿੰਦਗੀ ਜਿਓਣ ਦਾ ਢੰਗ ਸਿਖਾਉਂਦੇ ਹਨ।

ਕੀ ਪਰਿਵਾਰ ਦੇ ਮੈਂਬਰਾਂ ਦੀ ਗਿਣਤੀ ਨਿਸ਼ਚਿਤ ਹੁੰਦੀ ਹੈ? ਕੀ ਅਸੀਂ ਪਰਿਵਾਰ ਨਾਲ ਆਪਣੀ ਮਰਜ਼ੀ ਨਾਲ ਜੁੜਦੇ ਹਾਂ। ਬੱਚੇ ਦਾ ਜਨਮ ਹੋਣਾ ਪਹਿਲਾਂ ਤਹਿ ਨਹੀਂ ਹੁੰਦਾ। ਕੁਦਰਤ ਨੇ ਚਾਹਿਆ ਸਬੰਧ ਬਣ ਗਿਆ ਤੇ ਪੱਕਾ ਹੋ ਗਿਆ ਤੇ ਬੱਚਾ ਸਾਡੀ ਵੰਸ਼ ਬਣ ਗਿਆ। ਪਰ ਕੁਝ ਰਿਸ਼ਤੇ ਸਮਾਜ ਦੇ ਅਸੂਲ ਨਿਸ਼ਚਿਤ ਕਰਦੇ ਹਨ। ਜੋ ਪਰਿਵਾਰ ਨਾਲ ਸਾਰੀ ਉਮਰ ਲਈ ਜੁੜ ਜਾਂਦੇ ਹਨ। ਪਰਿਵਾਰਕ ਰਿਸ਼ਤਿਆਂ 'ਚ ਵਾਧਾ ਹੁੰਦਾ ਰਹਿੰਦਾ ਹੈ ਤੇ ਇਹ ਡੋਰ ਲੰਮੀ ਹੁੰਦੀ ਜਾਂਦੀ ਹੈ। ਮਾਂ ਬਾਪ ਤੋਂ ਪੁੱਤ, ਪੋਤੇ, ਪੜੋਤੇ, ਨੂੰਹਾਂ, ਧੀਆਂ, ਭੂਆ ਫੁੱਫੀਆਂ ਆਦਿ ਦਾ ਵਿਸਥਾਰ ਵਿਆਖਿਆ ਦੀ ਮੰਗ ਨਹੀਂ ਕਰਦਾ।

ਪਰਿਵਾਰ ਕਿਸ ਨੂੰ ਕਹੀਏ? ਕੀ ਪਰਿਵਾਰ ਉਹ ਹੁੰਦਾ ਹੈ ਜਿਸ ਦੇ ਮੈਂਬਰ ਇਕ ਚੁੱਲ੍ਹੇ ਲਾਗੇ ਬਹਿਕੇ ਫੁਲਕਾ ਛਕਦੇ ਹਨ ਤੇ ਮੂੰਹ ਵਿਰੋਧੀ ਦਿਸ਼ਾ ਤਕ ਦੇ ਹੋਣ। ਅਜਿਹੇ ਮੈਂਬਰਾਂ ਦੇ ਇਕੱਠ ਨੂੰ ਪਰਿਵਾਰਕ ਰਿਸ਼ਤੇ ਦੀ ਲੜੀ 'ਚ ਨਹੀਂ ਪਰੋਇਆ ਜਾ ਸਕਦਾ। ਭਾਵਨਾਵਾਂ ਦੀ ਸਾਂਝ ਨਹੀਂ ਬਣੀ। ਆਪਸੀ ਰਿਸ਼ਤਾ ਬਣਿਆ ਹੀ ਨਹੀਂ। ਕੀ ਰਿਸ਼ਤਾ ਬਣਾਉਣਾ ਜ਼ਰੂਰੀ ਹੈ? ਰਿਸ਼ਤਾ ਪ੍ਰਮਾਤਮਾ ਨੇ ਬਣਾ ਦਿੱਤਾ ਜਾਂ ਸਮਾਜ ਨੇ ਬਣਾ ਦਿੱਤਾ ਪਰ ਫਿਰ ਵੀ ਉਸ ਨੂੰ ਬਰਕਰਾਰ ਤੇ ਤਰੋਤਾਜ਼ਾ ਰੱਖਣ ਲਈ ਕੁਝ ਗੱਲਾਂ ਵੀ ਸਿੱਖਣੀਆਂ ਪੈਂਦੀਆਂ ਹਨ। ਜਿਸ ਨੇ ਸਾਨੂੰ ਜ਼ਿੰਦਗੀ ਦੇ ਗੁੱਝੇ ਭੇਦਾ ਤੋਂ ਜਾਣੂ ਕਰਵਾਉਣਾ ਹੁੰਦਾ ਹੈ।

ਪਰਿਵਾਰ ਤਾਂ ਸੂਰਜ ਦਾ ਵੀ ਹੁੰਦਾ ਹੈ। ਗ੍ਰਹਿ ਤੇ ਸੂਰਜ ਮਿਲ ਕੇ ਪਰਿਵਾਰ ਬਣਾਉਂਦੇ ਹਨ। ਸੂਰਜ ਪਰਿਵਾਰ ਦਾ ਮੁਖੀ ਹੁੰਦਾ ਹੈ। ਕੀ ਦੂਜੇ ਉਸ ਦਾ ਹੁਕਮ ਮੰਨਦੇ ਹਨ? ਹਾਂ ਮੰਨਦੇ ਹਨ। ਉਹ ਗ੍ਰਹਿ ਪੱਥ ਤੋਂ ਜਰਾ ਵੀ ਇੱਧਰ-ਉੱਧਰ ਨਹੀਂ ਹੁੰਦੇ। ਕਿਉਂਕਿ ਸੂਰਜ ਨੇ ਉਨ੍ਹਾਂ ਦਾ ਰਸਤਾ ਨਿਸ਼ਚਿਤ ਕੀਤਾ ਹੋਇਆ ਹੈ। ਜੇ ਕਿਹਾ ਨਾ ਮੰਨਣ ਤਾਂ ਆਪ ਹੀ ਮਲੀਆਮੇਟ ਨਹੀਂ ਹੁੰਦੇ ਸਗੋਂ ਉਨ੍ਹਾਂ ਦੀ ਅਵੱਗਿਆ ਦੇ ਕਾਰਨ ਬਹੁਤ ਦੂਰ ਤਕ ਮਾਰ ਪੈ ਸਕਦੀ ਹੈ।

ਇਸ ਤਰ੍ਹਾਂ ਪਰਿਵਾਰਕ ਰਿਸ਼ਤਿਆਂ ਨੂੰ ਟੁੱਟਣ ਤੋਂ ਬਚਾਈ ਰੱਖਣ ਲਈ ਪਰਿਵਾਰ ਦਾ ਮੁਖੀ ਹੁੰਦਾ ਹੈ। ਮੁਖੀ ਕੌਣ ਹੁੰਦਾ ਹੈ? ਜਿਸ ਮੈਂਬਰ ਦਾ ਤਜ਼ਰਬਾ ਜ਼ਿਆਦਾ ਹੁੰਦਾ ਹੈ ਤੇ ਅਕਲ ਦੀ ਬਜ਼ੁਰਗੀ ਹੁੰਦੀ ਹੈ, ਉਸ ਨੂੰ ਪਰਿਵਾਰ ਦੀ ਬਾਗਡੋਰ ਸੌਂਪ ਦਿੱਤੀ ਜਾਂਦੀ ਹੈ। ਕੀ ਫਿਰ ਉਸ ਪਰਿਵਾਰ ਦੇ ਰਿਸ਼ਤੇ ਦੀ ਜਕੜ ਮਜ਼ਬੂਤ ਹੋ ਗਈ? ਨਹੀਂ, ਜੇ ਉਹ ਦਾ ਹੁਕਮ, ਸਲਾਹ, ਰਾਇ ਮਸ਼ਵਰਾ ਪਰਿਵਾਰ ਨਹੀਂ ਮੰਨਦਾ ਤਾਂ ਖੋਤੀ ਫਿਰ ਤੋਂ ਬੋਹੜ ਥੱਲੇ ਹੀ ਆ ਜਾਂਦੀ ਹੈ। ਪਰਿਵਾਰ ਤਦ ਹੀ ਅਖਵਾ ਸਕਦਾ ਹੈ, ਜੇ ਸਾਰੇ ਮੈਂਬਰ ਮੁਖੀ ਦੀ ਪੈੜ 'ਚ ਪੈਰ ਧਰਨ। ਜਦੋਂ ਪਰਿਵਾਰ ਵੱਲੋਂ ਬਣਾਏ ਗਏ ਨਿਯਮ ਅਪਣਾਏ ਹੀ ਨਹੀਂ ਗਏ ਤਾਂ ਸਿੱਖਿਆ ਤੇ ਚੰਗੇ ਇਨਸਾਨ ਕਿਵੇਂ ਬਣਨਗੇ। ਇਕ ਮਕਾਨ 'ਚ ਰਹਿੰਦੇ ਵਿਅਕਤੀ ਫਿਰ ਪਰਿਵਾਰਕ ਹੋਣ ਦਾ ਭਰਮ ਪਾਲ੍ਹਦੇ ਲਗਣਗੇ। ਘਰ ਦੀਆਂ ਕੰਧਾਂ ਤਾਂ ਸਾਡੇ ਮਰਨ ਤੋਂ ਬਾਅਦ ਵੀ ਖੜ੍ਹੀਆਂ ਰਹਿੰਦੀਆਂ ਹਨ। ਕੀ ਪਰਿਵਾਰ ਨਾਲ ਸਾਡੇ ਸਵਾਰਥੀ ਹਿੱਤ ਜੁੜੇ ਹੋਏ ਹਨ? ਸਵਾਰਥ 'ਤੇ ਟਿਕੀ ਸੋਚ ਰਿਸ਼ਤਿਆਂ ਨੂੰ ਕੱਚੇ-ਪਿੱਲੇ ਕਰ ਦਿੰਦੀ ਹੈ। ਸਾਡੇ ਕੀਤੇ ਯਤਨ ਵਿਅਰਥ ਹੋ ਜਾਂਦੇ ਹਨ। ਪਰਿਵਾਰ 'ਚ ਜੋ ਕੰਮ ਹੁੰਦਾ ਹੈ ਤੇ ਜਿਹੜਾ ਕਰਦਾ ਹੈ, ਸਭ ਨਿਰਸਵਾਰਥ ਹੁੰਦਾ ਹੈ। ਕੋਈ ਕੰਮ ਵਿਅਕਤੀ ਵਿਸ਼ੇਸ਼ ਖ਼ਾਤਿਰ ਨਹੀਂ ਕੀਤਾ ਜਾਂਦਾ ਸਗੋਂ ਸਾਰੇ ਪਰਿਵਾਰ ਦੀ ਭਲਾਈ ਤੇ ਤਰੱਕੀ ਨੂੰ ਸਮਰਪਤ ਹੁੰਦੇ ਹਨ। ਅਸਲ 'ਚ ਹਰੇਕ ਮੈਂਬਰ ਪਰਿਵਾਰ ਨੂੰ ਸਮਰਪਤ ਹੁੰਦਾ ਹੈ। ਅਗਲੀ ਗੱਲ ਪਿਆਰ, ਸਤਿਕਾਰ ਦੀ ਆ ਜਾਂਦੀ ਹੈ।

ਜੇ ਪਰਿਵਾਰ 'ਚ ਬੈਠ ਕੇ ਸਾਰੇ ਦਿਨ ਦੀ ਥਕਾਵਟ ਦੂਰ ਨਾ ਹੋਈ, ਚਿਹਰੇ 'ਤੇ ਰੌਣਕ ਨਾ ਪਰਤੀ, ਸਕੂਨ ਨਾ ਮਿਲਿਆ ਤੇ ਇਛਾਵਾਂ ਨੂੰ ਸਹਾਰਾ ਨਾ ਮਿਲਿਆਂ ਤਾਂ ਫਿਰ ਕਾਦ੍ਹਾ ਪਰਿਵਾਰ ਹੋਇਆ। ਸਾਰੇ ਅਜਨਬੀ ਇੱਕਠੇ ਹੋ ਗਏ। ਘਰ ਨੂੰ ਤਾਂ ਆਪਣਾ ਆਖੀਏ ਪਰ ਘਰੇ ਜਾਣ ਨੂੰ ਮਨ ਨਾ ਕਰੇ। ਅਜਿਹੇ ਘਰ 'ਚ ਰਹਿੰਦੇ ਲੋਕ ਆਪਣੇ ਨਹੀਂ ਹੋ ਸਕਦੇ। ਜੇ ਵੱਡਿਆਂ ਨੂੰ ਪਿਆਰ ਨਹੀਂ ਮਿਲਦਾ, ਸਤਿਕਾਰ ਨਹੀਂ ਮਿਲਦਾ ਤੇ ਬੱਚਿਆਂ ਨੂੰ ਲਾਡ, ਮਲਾਰ ਨਹੀਂ ਮਿਲਦਾ। ਫਿਰ ਪਰਿਵਾਰ ਨਾਲ ਸਾਡਾ ਕੋਈ ਰਿਸ਼ਤਾ ਬਣਿਆ ਹੀ ਨਹੀਂ। ਸੁਖੀ ਪਰਿਵਾਰ ਉਹ ਹੁੰਦਾ ਹੈ ਜਿਸ 'ਚ ਹਰ ਇਕ ਨੂੰ ਬਣਦਾ ਸਤਿਕਾਰ ਤੇ ਆਦਰ ਭਾਅ ਮਿਲਦਾ ਹੋਵੇ। ਇਕ ਦੀ ਲੋੜ ਸਭ ਦੀ ਲੋੜ ਸਮਝੀ ਜਾਂਦੀ ਹੋਵੇ।



ਪਰਿਵਾਰ ਸਾਰੇ ਰਿਸ਼ਤਿਆਂ ਦਾ ਜਨਮਦਾਤਾ ਹੈ। ਕਾਰਜਸ਼ਾਲਾ ਹੈ। ਜਦੋਂ ਪੋਤੀ ਨੇ ਦੱਸਿਆ; ਪਾਪਾ ਜੀ ਆਰਟ ਆਫ ਲਿਵਿੰਗ ਦੀ ਟ੍ਰੇਨਿੰਗ ਵਾਲੇ ਆਏ ਹਨ। ਮੈਂ ਸੋਚੀ ਪੈ ਗਿਆ। ਸੰਯੁਕਤ ਪਰਿਵਾਰ 'ਚ ਜੰਮੇ ਪਲੇ ਬੱਚੇ ਨੇ ਜੋ ਕੁਝ ਸਿੱਖਿਆ ਹੈ, ਉਸ ਤੋਂ ਵੱਧ ਹੋਰ ਕੀ ਸਿਖਾ ਦੇਣਗੇ। ਇਸ ਟ੍ਰੇਨਿੰਗ ਦੀ ਲੋੜ ਤਦ ਹੀ ਪਈ ਹੈ ਕਿ ਪਰਿਵਾਰ ਨਾਲ ਸਾਡਾ ਸਬੰਧ, ਮੇਲ-ਜੋਲ, ਭਾਈਬੰਦੀ ਜਾਂ ਨਾਤਾ ਹੀ ਨਹੀਂ ਰਿਹਾ।

ਸੋ ਮੁਕਦੀ ਗੱਲ ਪਰਿਵਾਰ ਉਹ ਹੁੰਦਾ ਹੈ ਜਿਸ 'ਚ ਵੱਡਿਆਂ ਨੂੰ ਸਤਿਕਾਰ ਤੇ ਛੋਟਿਆਂ ਨੂੰ ਪਿਆਰ ਮਿਲੇ। ਸਯੁਕਤ ਪਰਿਵਾਰ ਮਨੁੱਖੀ ਸਾਂਝਾਂ ਦਾ ਪ੍ਰਤੀਕ ਹੁੰਦਾ ਹੈ।

ਮੋਬਾਈਲ : 94170-24743

## ਪੁਸਤਕ ਚਰਚਾ

ਸਮੇਂ ਦੇ ਵਿਕਾਸ ਨਾਲ ਪੰਜਾਬੀ ਰਸੋਈ ਦਾ ਘੇਰਾ ਵੀ ਮੋਕਲਾ ਹੋਇਆ ਹੈ। ਇਹ ਹੁਣ ਸਰ੍ਹੋਂ ਦੇ ਸਾਗ ਤੇ ਮੱਕੀ ਦੀ ਰੋਟੀ ਤਕ ਸੀਮਤ ਨਹੀਂ ਰਹੀ। ਪੰਜਾਬ ਦੇ ਖਾਣ-ਪੀਣ ਤੇ ਸੁਹਜ-ਸਵਾਦ 'ਚ ਵੀ ਢੇਰ ਸਾਰੀਆਂ ਤਬਦੀਲੀਆਂ ਦੇਖਣ ਨੂੰ ਮਿਲ ਰਹੀਆਂ ਹਨ। ਜ਼ਿੰਦਗੀ ਦੀਆਂ ਮੁੱਢਲੀਆਂ ਜਰੂਰਤਾਂ 'ਚ ਸਭ ਤੋਂ ਅਹਿਮ ਰੋਟੀ (ਭੋਜਨ) ਹੈ। ਭੋਜਨ ਪਕਾਉਣ ਦੀ ਕਲਾ ਨੇ ਨਵੇਂ ਢੰਗਾਂ ਨਾਲ ਪਕਾਉਣ ਦੀ ਕਲਾ ਜਾਣਨਾ ਹਰ ਔਰਤ ਦੇ ਮੁੱਢਲੇ ਕਾਰਜਾ 'ਚ ਸ਼ਾਮਲ ਹੈ।




| | |
|---|---|
| ਪੁਸਤਕ | ਪੰਜਾਬੀ ਕੁਕਰੀ |
| ਲੇਖਿਕਾ | ਰਣਜੀਤ ਕੌਰ |
| ਮੁੱਲ | 150 ਰੁਪਏ — ਪੰਨੇ 96 |
| ਪ੍ਰਕਾਸ਼ਨ | ਲੋਕਗੀਤ ਪ੍ਰਕਾਸ਼ਨ, ਮੋਹਾਲੀ। |

ਰਣਜੀਤ ਕੌਰ ਨੇ ਹੱਥਲੀ ਪੁਸਤਕ 'ਚ ਪੰਜਾਬਣਾਂ ਲਈ ਵੱਖ-ਵੱਖ ਤਰ੍ਹਾਂ ਦੀਆਂ ਸਬਜ਼ੀਆਂ, ਮਿੱਠੇ ਪਕਵਾਨ, ਪਰਾਉਂਠੇ ਤੇ ਸ਼ਰਬਤ ਬਣਾਉਣ ਦੇ ਢੰਗ ਦੱਸੇ ਹਨ। ਭੋਜਨ ਸਿਰਫ਼ ਮਨੁੱਖੀ ਪੇਟ ਭਰਨ ਤਕ ਹੀ ਸੀਮਤ ਨਹੀਂ ਹੋਣਾ ਚਾਹੀਦਾ ਸਗੋਂ ਇਸ ਦਾ ਅੱਖਾਂ ਨੂੰ ਸਕੂਨ, ਸਰੀਰ ਨੂੰ ਤਾਕਤ ਤੇ ਜੀਭ ਨੂੰ ਸੁਆਦ ਦੇਣ ਵਾਲਾ ਹੋਣਾ ਜ਼ਰੂਰੀ ਹੈ।

ਲੇਖਿਕਾ ਨੇ ਦੱਖਣ ਭਾਰਤੀ ਪਕਵਾਨਾਂ ਨੂੰ ਪੰਜਾਬੀ ਰੰਗਤ ਦੀ ਪੁਠ ਦੇਣ ਦੀ ਕੋਸ਼ਿਸ਼ ਕੀਤੀ ਹੈ। ਵੈਸੇ ਵੀ ਹੁਣ ਵਿਸ਼ਵ ਦੇ ਗਲੋਬਲ ਪਿੰਡ ਵਲ ਜਾਣ ਨਾਲ ਹੱਦਾਂ-ਸਰਹੱਦਾਂ ਦੇ ਮਾਅਨੇ ਵੱਖਰੀ ਕਿਸਮ ਦੇ ਬਣ ਗਏ ਹਨ। ਪਕਵਾਨਾਂ ਦੀ ਕਲਾ ਦਾ ਅਦਾਨ-ਪ੍ਰਦਾਨ ਸਦੀਆਂ ਤੋਂ ਹੁੰਦਾ ਆਇਆ ਹੈ। ਇਸ ਨਾਲ ਜਿੱਥੇ ਇਨ੍ਹਾਂ ਦੇ ਗੁੱਟਾਂ 'ਚ ਵਾਧਾ ਹੋਇਆ ਹੈ, ਉੱਥੇ ਸੁਆਦ 'ਚ ਇਜ਼ਾਫ਼ਾ ਵੀ ਹੋਇਆ ਹੈ। ਇਹ ਪੁਸਤਕ ਰਸੋਈ ਦੀ ਕਲਾ ਨੂੰ ਨਿਖ਼ਾਰਨ 'ਚ ਸਹਾਇਕ ਹੋਵੇਗੀ, ਅਜਿਹਾ ਮੈਨੂੰ ਜਾਪਦਾ ਹੈ। ਪੁਸਤਕ 'ਚ ਖਾਣੇ ਦੀਆਂ ਸੋਹਣੀਆਂ ਫੋਟੋ ਦੇਖ ਕੇ ਹਰ ਇਕ ਦਾ ਦਿਲ ਰਸੋਈ ਵੱਲ ਜਾਣ ਨੂੰ ਕਰਦਾ ਹੈ। ਪੁਸਤਕ ਨੂੰ ਸਿਰਫ਼ ਪੜ੍ਹਨ ਤਕ ਹੀ ਨਹੀਂ, ਇਸ 'ਚ ਬਿਆਨੇ ਢੰਗ ਤਰੀਕਿਆਂ ਨੂੰ ਪਰਖ਼ਣ ਦੀ ਵੀ ਲੋੜ ਹੈ। ਹੱਥਲੀ ਪੁਸਤਕ ਖਾਣ-ਪੀਣ ਦਾ ਸ਼ੌਕ ਰੱਖ ਵਾਲਿਆਂ ਲਈ ਬਹੁਤ ਹੀ ਕਾਰਗਰ ਸਿੱਧ ਹੋਵੇਗੀ। ਇਸ ਦੇ ਨਾਲ ਹੀ ਖਾਣਾ ਬਣਾਉਣ ਜਾਂ ਬਣਾਉਣਾ ਸਿੱਖਣ ਵਾਲੇ ਸਿਖਾਰਥਿਆਂ ਲਈ ਵੀ ਰਾਹ ਦੁਸੇਰਾ ਸਿੱਧ ਹੋਵੇਗੀ।

• ਬਿੰਦਰ ਬਸਰਾ

# ਨਣਦ ਬੁਰਕੀਆਂ ਪਾਵੇ...

• ਸੁਰਿੰਦਰ ਮਾਣੂਕੇ 'ਗਿੱਲ'

ਨਣਦ ਤੇ ਭਰਜਾਈ ਦਾ ਰਿਸ਼ਤਾ ਭਾਵੇ ਕਿਸੇ ਖ਼ੂਨ ਦੇ ਰਿਸ਼ਤੇ ਵਾਂਗੂ ਨਹੀਂ ਹੁੰਦਾ ਤੇ ਇਸ ਰਿਸ਼ਤੇ 'ਚ ਮਨ-ਮੁਟਾਵ ਦੀ ਸ਼ੰਕਾਂ ਬਣੀ ਰਹਿੰਦੀ ਹੈ ਪਰ ਇਕ ਅਜਿਹਾ ਪਲ ਵੀ ਹੁੰਦਾ ਹੈ, ਜਿਸ ਪਲ ਦੌਰਾਨ ਨਣਦ ਆਪਣੀ ਭਰਜਾਈ ਤੇ ਇੰਨ੍ਹਾਂ ਜ਼ਿਆਦਾ ਖੁਸ਼ ਹੁੰਦੀ ਹੈ ਕਿ ਉਸ ਨੂੰ ਆਪਣੀ ਭਰਜਾਈ ਤੋਂ ਬਿਨ੍ਹਾਂ ਕੁਝ ਵੀ ਹੋਰ ਦਿਖਾਈ ਨਹੀਂ ਦਿੰਦਾ। ਇਹ ਪਲ ਵਿਆਹ ਦੇ ਉਸ ਪਲ ਦਾ ਹੁੰਦਾ ਹੈ। ਜਿਸ ਸਮੇਂ ਨਣਦ ਆਪਣੀ ਭਰਜਾਈ ਦੇ ਮੂੰਹ 'ਚ ਬੁਰਕੀਆਂ ਪਾ ਰਹੀ ਹੁੰਦੀ ਹੈ। ਇਸ ਪਲ ਨੂੰ ਦੇਖਕੇ ਦੇਖਣ ਵਾਲਿਆਂ ਨੂੰ ਇਸ ਤਰ੍ਹਾਂ ਲੱਗਦਾ ਹੈ ਕਿ ਜਿਵੇਂ ਇਹ ਨਣਦ, ਭਰਜਾਈ ਦੀ ਜੋੜੀ ਸਦੀਵੀਂ ਤੇ ਅਟੁੱਟ ਹੋਵੇ। ਨਣਦ ਵੱਲੋਂ ਭਰਜਾਈ ਦੇ ਮੂੰਹ 'ਚ ਬੁਰਕੀਆਂ ਪਾਉਣ ਦੇ ਇਸ ਦ੍ਰਿਸ਼ ਤੇ ਜੇਕਰ ਝਾਤ ਮਾਰੀ ਜਾਵੇ ਤਾਂ ਉਸ ਸਮੇਂ ਨਣਦ ਤੇ ਭਰਜਾਈ ਦੇ ਮਨ ਬਿਲਕੁੱਲ ਸਾਫ਼ ਹੁੰਦੇ ਹਨ। ਉਨ੍ਹਾਂ ਦੇ ਮਨਾਂ 'ਚ ਕਿਸੇ ਕਿਸਮ ਦੀ ਆਪਸੀ ਈਰਖਾ ਨਹੀਂ ਹੁੰਦੀ, ਉਸ ਸਮੇਂ ਤਾਂ ਨਣਦ ਨੂੰ ਇਨ੍ਹਾਂ ਚਾਅ ਹੁੰਦਾ ਹੈ ਕਿ ਉਸ ਨੂੰ ਇਸ ਤਰ੍ਹਾਂ ਮਹਿਸੂਸ ਹੁੰਦਾ ਹੈ ਕਿ ਜਿਵੇਂ ਉਹ ਹੀ ਆਪਣੀ ਭਰਜਾਈ ਨੂੰ ਘਰ ਲੈਕੇ ਜਾ ਰਹੀ ਹੋਵੇ। ਇਸ ਦ੍ਰਿਸ਼ ਨੂੰ ਕੈਮਰੇ ਵਾਲੇ ਆਪਣੇ ਕੈਮਰਿਆਂ 'ਚ ਇਸ ਤਰ੍ਹਾਂ ਕੈਦ ਕਰ ਰਹੇ ਹੁੰਦੇ ਹਨ ਜਿਵੇਂ ਕਿਸੇ ਫਿਲਮ ਦੇ ਅੰਤ ਵਾਲੇ ਸੀਨ ਨੂੰ ਕੈਦ ਕੀਤਾ ਜਾਂਦਾ ਹੈ। ਇਸ ਰਿਸ਼ਤੇ ਦਾ ਅੰਤ ਭਾਵੇ ਕੁਝ ਵੀ ਹੋਵੇ, ਪਰ ਅਜਿਹੇ ਸਮੇਂ ਤੇ ਅਜਿਹੇ



ਪਿਆਰ ਦੀ ਝਲਕ ਦਾ ਨਜ਼ਾਰਾ ਹੀ ਕੁਝ ਹੋਰ ਹੁੰਦਾ ਹੈ। ਵਿਆਹ ਤਾਂ ਭਾਵੇਂ ਸਾਰੀ ਦੁਨੀਆ 'ਚ ਹੁੰਦੇ ਹਨ ਪਰ ਸਾਡੇ ਦੇਸ਼ ਤੇ ਖ਼ਾਸ ਕਰਕੇ ਸਾਡੇ ਪੰਜਾਬ ਦੇ ਵਿਆਹਾਂ 'ਚ ਅਜਿਹਾ ਖੁਸ਼ਗਵਾਰ ਮਹੌਲ ਬਣਨਾ, ਸਾਡੇ ਪੰਜਾਬੀਆਂ ਦੇ ਹਿੱਸੇ ਹੀ ਆਇਆ ਹੈ। ਇਸ ਪੱਖੋਂ ਅਸੀਂ ਕਦੇ ਵੀ ਕਿਸੇ ਨੂੰ ਆਪਣੇ ਤੋਂ ਦੀ ਨਹੀਂ ਦੇਖਿਆ। ਇਹ ਸਾਡੇ ਲਈ ਬਹੁਤ ਹੀ ਫ਼ਖ਼ਰ ਵਾਲੀ ਗੱਲ ਹੈ ਕਿ ਸਾਡੇ ਅਜਿਹੇ ਦ੍ਰਿਸ਼ਾਂ ਨੂੰ ਹੋਰ ਲੋਕ ਮੂੰਹ 'ਚ ਉਂਗਲੀਆਂ ਪਾ ਕੇ ਦੇਖਦੇ ਹਨ ਤੇ ਹੈਰਾਨ ਹੁੰਦੇ ਹਨ ਕਿ ਸਾਡੇ 'ਚ ਇਨਾਂ ਪਿਆਰ ਹੈ। ਇਹ ਉਹ ਲੋਕ ਹਨ, ਜਿਹੜੇ ਸ਼ਾਇਦ ਅਜਿਹੇ ਦ੍ਰਿਸ਼ ਦੇਖਣ ਲਈ ਦੁਨੀਆ 'ਚ ਆਏ ਹਨ ਤੇ ਹਕੀਕੀ ਤੌਰ ਤੇ ਅਜਿਹਾ ਆਪ ਕਦੇ ਵੀ ਨਹੀਂ ਕਰ ਸਕਦੇ। ਸਾਡੀ ਅਮੀਰ ਵਿਰਾਸਤ ਦੇ ਅਜਿਹੇ ਦ੍ਰਿਸ਼ਾਂ ਨੇ ਸਾਨੂੰ ਹੀ ਖੁਸ਼ੀ ਨਹੀਂ ਬਖ਼ਸ਼ੀ ਸਗੋਂ ਅਜਿਹੇ ਦ੍ਰਿਸ਼ਾਂ ਤੇ ਬਣੇ ਗਾਣਿਆਂ ਨੇ ਸਾਰੀ ਦੁਨੀਆ ਨੂੰ ਵੀ ਖ਼ੁਸ਼ ਕੀਤਾ ਹੈ। ਗੈਰ ਭਾਸ਼ਾਈ ਲੋਕ ਭਾਵੇ ਅਜਿਹੇ ਦ੍ਰਿਸ਼ਾਂ 'ਤੇ ਫਿਲਮਾਏ ਗੀਤ ਨਾ ਸਮਝਦੇ ਹੋਣ ਪਰੰਤੂ ਉਹ ਸਾਡੇ ਹਾਵ-ਭਾਵ ਦੇਖ ਕੇ ਜ਼ਰੂਰ ਖੁਸ਼ੀ 'ਚ ਖੀਵੇ ਹੋ ਜਾਂਦੇ ਹਨ। ਭਾਵੇ ਹੌਲੀ-ਹੌਲੀ ਸਾਰਾ ਸੰਸਾਰ ਪੱਛਮੀ ਰੰਗਾਂ 'ਚ ਰੰਗਿਆਂ ਜਾ ਰਿਹਾ ਹੈ, ਜਿੰਨ੍ਹਾਂ 'ਚ ਅਸੀਂ ਵੀ ਕਿਸੇ ਹੱਦ ਤਕ ਸ਼ਾਮਲ ਹੋ ਗਏ ਹਾਂ ਪਰ ਅੱਜ ਵੀ ਪੱਛਮੀ ਤਰਜ ਦੀ ਚਕਾਚੌਂਧ ਰੋਸ਼ਨੀ 'ਚ ਇਕ ਨਣਦ ਆਪਣੀ ਭਰਜਾਈ ਦੇ ਮੂੰਹ 'ਚ ਬੁਰਕੀਆਂ ਪਾ ਰਹੀ ਦਿਖਾਈ ਦਿੰਦੀ ਹੈ, ਜਿਸ ਨੂੰ ਦੇਖਕੇ ਉਹ ਲੋਕ ਆਪਣੀ ਮੂੰਹ 'ਤੇ ਜ਼ਰੂਰ ਮੁਸ਼ਕਰਾਹਟ ਲੈ ਕੇ ਆਉਂਦੇ ਹਨ, ਜਿੰਨ੍ਹਾਂ ਨੂੰ ਅੱਜ ਵੀ ਅਜਿਹਾ ਕੁਝ ਚੰਗਾ ਲੱਗਦਾ ਹੈ। ਸ਼ਾਲਾ ਇਹ ਰੀਤੀ ਰਿਵਾਜ਼ ਇਸ ਤਰ੍ਹਾਂ ਹੀ ਚੱਲਦੇ ਰਹਿਣ ਕਿਉਂਕਿ ਇਨ੍ਹਾਂ ਰੀਤੀ ਰਿਵਾਜ਼ਾਂ 'ਚ ਹੀ ਸਾਡੀ ਹੋਂਦ ਸਮਾਈ ਹੋਈ ਹੈ। ਆਓ ਇਸ ਹੋਂਦ ਨੂੰ ਬਰਕਰਾਰ ਰੱਖਣ ਲਈ ਇਹ ਸਹੁੰ ਲਈਏ ਕਿ ਅਸੀਂ ਕਦੇ ਵੀ ਅਜਿਹੇ ਰੀਤੀ ਰਿਵਾਜ਼ਾਂ ਤੋਂ ਮੂੰਹ ਨਹੀਂ ਮੋੜਾਂਗੇ ਤੇ ਇਸ ਨੂੰ ਲੋਕ ਦਿਖਾਵੇ ਲਈ ਹੀ ਨਹੀਂ ਕਰਾਂਗੇ ਸਗੋਂ ਇਸ ਤੇ ਪੂਰਾ ਪਹਿਰਾ ਵੀ ਦੇਵਾਂਗੇ। •

> ਪੱਛਮੀ ਰੰਗਾਂ ਦੀ ਚਕਾਚੌਂਧ 'ਚ ਰੰਗੇ ਪੰਜਾਬ 'ਚ ਅੱਜ ਵੀ ਨਣਦ ਆਪਣੀ ਭਰਜਾਈ ਦੇ ਮੂੰਹ 'ਚ ਬੁਰਕੀਆਂ ਪਾਉਂਦੀ ਦਿਖਾਈ ਦਿੰਦੀ ਹੈ...

ਮੋਬਾਈਲ : 8872321000

# ਮਾਲਿਸ਼ ਨਾਲ ਦਿਓ ਵਾਲਾਂ ਨੂੰ ਪੋਸ਼ਣ



ਤਨਵੀਰ ਅਹਿਮਦ

> ਵਾਲਾਂ ਲਈ ਤੇਲ ਹਲਕਾ ਹੋਣਾ ਚਾਹੀਦਾ ਹੈ, ਜੋ ਵਾਲਾਂ ਤੇ ਖੋਪੜੀ 'ਚ ਅਰਾਮ ਨਾਲ ਸਮਾ ਸਕੇ।

ਵਾਲਾਂ ਨੂੰ ਪੋਸ਼ਨ ਦੇਣ ਲਈ ਸ਼ੈਂਪੂ ਕਰਨ ਤੋਂ ਪਹਿਲਾਂ ਤੇਲ ਨਾਲ ਸਿਰ ਦੀ ਚੰਗੀ ਤਰ੍ਹਾਂ ਮਾਲਿਸ਼ ਜ਼ਰੂਰ ਕਰੋ। ਰੈਗੂਲਰ ਰੂਪ 'ਚ ਮਾਲਿਸ਼ ਕਰਨ ਨਾਲ ਵਾਲਾਂ ਦੀਆਂ ਜੜ੍ਹਾ ਨੂੰ ਪੋਸ਼ਣ ਤਾਂ ਮਿਲਦਾ ਹੈ ਉਸ ਦੇ ਨਾਲ ਸਾਡੇ ਸਰੀਰ ਨੂੰ ਹੋਰ ਵੀ ਬਹੁਤ ਫ਼ਾਇਦੇ ਹੁੰਦੇ ਹਨ।

- ਸਿਰ 'ਚ ਤੇਲ ਲਗਾਉਂਦੇ ਸਮੇਂ ਹੱਥਾਂ ਦੀ ਗਤੀ 'ਤੇ ਸਭ ਕੁਝ ਨਿਰਭਰ ਹੁੰਦਾ ਹੈ। ਇਸ 'ਚ ਤੁਹਾਡੀਆਂ ਉਂਗਲਾ ਦੀ ਚਾਲ ਤਲੀਆਂ ਨਾਲ ਸਿਰ ਨੂੰ ਝੱਸਣਾ, ਸ਼ਾਮਿਲ ਹੈ। ਸਿਰ 'ਤੇ ਬਹੁਤਾ ਤੇਲ ਨਾ ਲਗਾਉ ਕਿਉਂਕਿ ਜ਼ਿਆਦੇ ਤੇਲ ਨੂੰ ਸਾਫ਼ ਕਰਨ ਲਈ ਸ਼ੈਂਪੂ ਵੀ ਜ਼ਿਆਦਾ ਲੱਗੇਗਾ। ਜਿਸ ਨਾਲ ਵਾਲ਼ਾ 'ਚ ਰੁੱਖਾਪਨ ਆ ਸਕਦਾ ਹੈ। ਧਿਆਨ ਰੱਖੋ ਵਾਲਾਂ ਨੂੰ ਕੋਮਲ ਦੇਖ-ਭਾਲ ਦੀ ਜ਼ਰੂਰਤ ਹੁੰਦੀ ਹੈ। ਜ਼ਿਆਦਾ ਮਾਲਿਸ਼ ਕਰਨ ਨਾਲ ਵੀ ਵਾਲ ਟੁੱਟਣ ਲੱਗ ਜਾਂਦੇ ਹਨ ਤੇ ਇਨ੍ਹਾਂ ਦਾ ਵੱਧਣਾ ਵੀ ਘੱਟ ਹੋ ਸਕਦਾ ਹੈ।
- ਵਾਲਾਂ ਲਈ ਤੇਲ ਹਲਕਾ ਹੋਣਾ ਚਾਹੀਦਾ ਹੈ, ਜੋ ਵਾਲਾਂ ਤੇ ਖੋਪੜੀ 'ਚ ਅਰਾਮ ਨਾਲ ਸਮਾ ਸਕੇ। ਨਾਰੀਅਲ, ਬਦਾਮ ਜਾਂ ਤਿਲਾਂ ਦੇ ਤੇਲ ਦੀ ਵਰਤੋਂ ਕਰੋ। ਭਾਰਤੀ ਲੋਕਾਂ ਦੇ ਵਾਲਾਂ ਦੀ ਬਨਾਵਟ ਲਈ ਇਹ ਤੇਲ ਵਧੀਆ ਰਹਿੰਦੇ ਹਨ। ਜੋਜੋਬਾ ਦਾ ਤੇਲ ਮਾਸਚੇਰਾਈਜ਼ਰ ਹੁੰਦਾ ਹੈ ਜੋ ਭੂਰੇ, ਰੁੱਖੇ, ਤੇ ਖ਼ਰਾਬ ਵਾਲਾਂ ਲਈ ਸਹੀ ਰਹਿੰਦਾ ਹੈ। ਵਾਲਾਂ 'ਚ ਜੈਤੂਨ, ਅਰੰਡੀ ਵਰਗੇ ਤੇਲ ਨਾ ਲਗਾਉ ਕਿਉਂਕਿ ਇਹ ਵਾਲਾਂ ਦੀਆਂ ਜੜ੍ਹਾਂ 'ਚ ਛੇਤੀ ਨਹੀਂ ਰਚਦੇ। ਇਹ ਤੇਲ ਚਮੜੀ ਦੇ ਰੋਮ ਬੰਦ ਕਰ ਦਿੰਦੇ ਹਨ ਜਿਸ ਨਾਲ ਖੋਪੜੀ ਚਿਕਨੀ ਹੋ ਜਾਂਦੀ ਹੈ।
- ਸਿਰ ਦੀ ਮਾਲਿਸ਼ ਨਾਰੀਅਲ ਦੇ ਦੁੱਧ ਨਾਲ ਵੀ ਕੀਤੀ ਜਾ ਸਕਦੀ ਹੈ। ਨਾਰੀਅਲ ਦਾ ਦੁੱਧ ਵਾਲਾਂ ਤੇ ਖੋਪੜੀ ਲਈ ਫ਼ਾਇਦੇਮਦ ਸਾਬਿਤ ਹੁੰਦਾ ਹੈ। ਰੈਗੋਲਰ ਤੇਲ ਦੀ ਮਾਲਿਸ਼ ਕਰਨ ਨਾਲ ਵਾਲ ਜਲਦੀ ਵੱਧਦੇ ਹਨ।
- ਤੇਲ ਨੂੰ ਪਹਿਲਾ ਜੜ੍ਹਾ ਤੋਂ ਲਗਾਉਣਾ ਸ਼ੁਰੂ ਕਰਨਾ ਚਾਹੀਦਾ ਹੈ। ਫਿਰ ਵਾਲਾਂ ਦੇ ਵਿਚਕਾਰ ਤੇ ਅਖ਼ੀਰ 'ਚ ਵਾਲਾਂ ਦੇ ਸਿਰੇ 'ਤੇ ਜਾਉ। ਇਸ ਤਰ੍ਹਾਂ ਕਰਨ ਨਾਲ ਵਾਲਾਂ 'ਚ ਰੁੱਖਾਪਨ ਨਹੀਂ ਐਵੇਗਾ ਤੇ ਵਾਲਾਂ 'ਚ ਚਮਕ ਵੀ ਵਧੇਰੇ ਆਵੇਗੀ। ਮਾਲਿਸ਼ ਕਰਨ ਤੋਂ ਕੁਝ ਸਮੇਂ ਬਾਅਦ ਗਰਮ ਪਾਣੀ ਨਾਲ ਵਾਲ ਧੋ ਲਵੋ ਤੇ ਸਿਰ 'ਤੇ ਤੋਲੀਆ ਲਪੇਟ ਲਉ। ਅਜਿਹਾ ਕਰਨ ਨਾਲ ਸਿਰ ਦੇ ਰੋਮ ਖ਼ੁਲ੍ਹੇ ਰਹਿਣਗੇ ਤੇ ਤੇਲ ਵੀ ਖੋਪੜੀ 'ਚ ਰਚ ਜਾਵੇਗਾ ਤੇ ਵਾਲਾਂ 'ਚ ਚਮਕ ਵੀ ਆਵੇਗੀ। ਨਾਰੀਅਲ ਦੇ ਤੇਲ ਤੋਂ ਇਲਾਵਾ ਆਯੁਰਵੇਦਿਕ ਤੇਲ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ। •



# ਮੁੜ ਆਏ ਦਿਨ ਫੁਲਕਾਰੀ ਤੇ ਸਾਲੂ ਦੇ

• ਜਗਮੋਹਨ ਸਿੰਘ ਲੱਕੀ

ਸਾਲੂ ਵੀ ਫੁਲਕਾਰੀ ਤੇ ਬਾਗ਼ ਵਾਂਗ ਕਢਾਈ ਵਾਲਾ ਸੁੰਦਰ ਕੱਪੜਾ ਹੁੰਦਾ ਹੈ, ਜਿਸ ਨੂੰ ਸਿਰ 'ਤੇ ਲਿਆ ਜਾਂਦਾ ਹੈ ਤੇ ਬੁੱਕਲ ਮਾਰੀ ਜਾਂਦੀ ਹੈ। ਕਈ ਥਾਵਾਂ 'ਤੇ ਪਵਿੱਤਰ ਕਿਤਾਬਾਂ ਨੂੰ ਵੀ ਸਾਲੂ 'ਚ ਲਪੇਟ ਕੇ ਰਖਿਆ ਜਾਂਦਾ ਹੈ। ਸਾਲੂ ਸ਼ਗਨਾਂ ਦਾ ਪ੍ਰਤੀਕ ਹੁੰਦਾ ਹੈ ਇਹ ਹੀ ਕਾਰਨ ਹੈ ਕਿ ਵਿਆਹ ਮੌਕੇ ਲਾਵਾਂ ਮੌਕੇ ਵਿਆਹਦੜ ਕੁੜੀ ਦੇ ਸਿਰ 'ਤੇ ਲਾਲ ਸੂਹਾ ਸਾਲੂ ਦਿੱਤਾ ਜਾਂਦਾ ਹੈ ਤੇ ਸ਼ਗਨ ਮਨਾਏ ਜਾਂਦੇ ਹਨ। ਇਸ ਤੋਂ ਇਲਾਵਾ ਅੱਜ-ਕਲ੍ਹ ਕਾਲੇ ਰੰਗ ਦਾ ਸਾਲੂ ਬਹੁਤ ਪ੍ਰਚਲਿਤ ਹੋ ਗਿਆ ਹੈ। ਅਸਲ 'ਚ ਕਢਾਈ ਵਾਲੀ ਚੁੰਨੀ ਨੂੰ ਸਾਲੂ ਕਿਹਾ ਜਾਂਦਾ ਹੈ। ਕਾਲੇ ਸੂਟ ਤੇ ਕਾਲੀ ਕਢਾਈ ਵਾਲਾ ਸਾਲੂ ਅੱਜ ਹਰ ਮੁਟਿਆਰ ਦੀ ਪਹਿਲੀ ਪਸੰਦ ਬਣ ਗਿਆ ਹੈ। ਅਸਲ 'ਚ ਸਾਲੂ ਨੂੰ ਗਰਮੀਆਂ ਤੇ ਸਰਦੀਆਂ ਦੇ ਮੌਸਮ 'ਚ ਮੁਟਿਆਰਾਂ ਆਪਣੇ ਗਲ਼ ਲਪੇਟਨ ਤੇ ਸਿਰ 'ਤੇ ਲੈਣ ਨੂੰ ਆਪਣੀ ਸ਼ਾਨ ਸਮਝਦੀਆਂ ਹਨ। ਗੋਰੇ ਰੰਗ ਵਾਲੀਆਂ ਮੁਟਿਆਰਾਂ 'ਤੇ ਕਾਲਾ ਸਾਲੂ ਲਿਆ ਬਹੁਤ ਹੀ ਸੋਹਣਾ ਲੱਗਦਾ ਹੈ। ਕਾਲਾ ਸੁਰਖ਼ ਸਾਲੂ ਲੈਣ ਨਾਲ ਗੋਰੀਆਂ ਮੁਟਿਆਰਾਂ ਦਾ ਗੋਰਾ ਗੁਲਾਬੀ ਭਾਅ ਮਾਰਦਾ ਮੁੱਖੜਾ ਹੋਰ ਵੀ ਨਿੱਖ਼ਰ ਜਾਂਦਾ ਹੈ ਜਿਵੇਂ ਮੱਖਣ 'ਚ ਸੰਦੂਰ ਮਿਲਿਆ ਹੋਵੇ।

ਸਾਲੂ ਦੇ ਚਾਰ ਕੋਨਿਆਂ ਤੇ ਵਿਚਕਾਰ ਪੰਜ ਬੂਟੀਆਂ ਕੱਢੀਆਂ ਜਾਂਦੀਆਂ ਹਨ। ਸਾਲੂ ਨੂੰ ਸੁੱਭਰ ਵੀ ਕਿਹਾ ਜਾਂਦਾ ਹੈ। ਜਦੋਂ ਲਾਲ ਸੁਰਖ਼ ਜਾਂ ਕਾਲੇ ਸ਼ਾਹ ਰੰਗ ਦੇ ਕੱਪੜੇ 'ਤੇ ਸੁਨਹਿਰੀ ਤੇ ਹੋਰ ਰੰਗਾਂ ਦੀ ਕਢਾਈ ਕੀਤੀ ਜਾਂਦੀ ਹੈ ਤਾਂ ਉਹ ਸਾਲੂ ਬਣ ਜਾਂਦਾ ਹੈ। ਕਈ ਇਲਾਕਿਆਂ 'ਚ ਸਾਲੂ ਲਈ ਹਲਕੇ ਕੱਪੜੇ 'ਤੇ ਕਢਾਈ ਕੀਤੀ ਜਾਂਦੀ ਹੈ ਤੇ ਕੁਝ ਇਲਾਕਿਆਂ 'ਚ ਲਾਲ ਰੰਗ ਦੇ ਮੋਟੇ ਖੱਦਰ ਦੇ ਕੱਪੜੇ 'ਤੇ ਕਢਾਈ ਕਰਕੇ ਸਾਲੂ ਨੂੰ ਬਨਾਇਆ ਜਾਂਦਾ ਹੈ।

ਜਦੋਂ ਕੋਈ ਭਰ ਜੋਬਨ ਮੁਟਿਆਰ ਲਾਵਾਂ ਤੋਂ ਬਾਅਦ ਗਹਿਣਿਆਂ ਨਾਲ ਲੱਦੀ ਹੋਈ ਡੋਲੀ 'ਚ ਬਹਿ ਕੇ, ਸਹੁਰੇ ਘਰ 'ਚ ਪਹਿਲਾ ਕਦਮ ਰੱਖਦੀ ਹੈ ਤਾਂ ਉਸ ਦੇ ਸਿਰ 'ਤੇ ਸ਼ਗਨਾਂ ਦਾ ਸੂਹਾ ਸਾਲੂ ਲਿਆ ਹੁੰਦਾ ਹੈ ਤੇ ਸਾਲੂ ਦੀ ਕਈ ਵਾਰ ਬੁੱਕਲ ਮਾਰੀ ਹੁੰਦੀ ਹੈ। ਸੱਸ ਵੀ ਆਪਣੀ ਸੱਜ ਵਿਆਹੀ ਨੂੰਹ ਨੂੰ ਸ਼ਗਨਾਂ ਵਜੋਂ ਸਾਲੂ ਹੀ ਦਿੰਦੀ ਹੈ। ਸਾਲੂ 'ਚੋਂ ਸੱਜ ਵਿਆਹੀ ਮੁਟਿਆਰ ਦਾ ਰੂਪ ਡੱਲ੍ਹ-ਡੱਲ੍ਹ ਪੈਂਦਾ ਹੈ।

ਸਾਲੂ ਦਾ ਪ੍ਰਚਲਣ 15 ਵੀਂ ਸਦੀ 'ਚ ਹੀ ਸ਼ੁਰੂ ਹੋ ਗਿਆ ਸੀ। ਸਾਲੂ ਅਸਲ 'ਚ ਫੁਲਕਾਰੀ ਦਾ ਹੀ ਇੱਕ ਰੂਪ ਹੈ।

ਜੇ ਸਾਲੂ ਦੇ ਇਤਿਹਾਸ ਵੱਲ ਨਜ਼ਰ ਮਾਰੀਏ ਤਾਂ ਪਤਾ ਚਲਦਾ ਹੈ ਕਿ ਸਾਲੂ ਦੀ ਵੀ ਸ਼ੁਰੂਆਤ ਫੁਲਕਾਰੀ ਵਾਂਗ ਇਰਾਨ 'ਚ ਹੋਈ ਸੀ। ਇਰਾਨ 'ਚ ਫੁਲਕਾਰੀ ਨੂੰ ਗੁਲਕਾਰ ਜਾਂ ਗੁਲਕਾਰੀ ਕਿਹਾ ਜਾਂਦਾ ਹੈ। ਜਿਸ ਦਾ ਅਰਥ ਹੈ ਫੁੱਲ ਕੱਢਣਾ। ਕਿਹਾ ਤਾਂ ਇਹ ਵੀ ਜਾਂਦਾ ਹੈ ਕਿ ਮੱਧ ਏਸ਼ੀਆਂ ਤੋਂ ਆਉਣ ਵਾਲੇ ਲੋਕ ਫੁਲਕਾਰੀ ਤੇ ਸਾਲੂ ਦੇ ਨਾਲ ਬਾਗ਼ ਦੀ ਵੀ ਕਲਾ ਆਪਣੇ ਨਾਲ ਹੀ ਪੰਜਾਬ ਲੈ ਕੇ ਆਏ ।

ਫੁਲਕਾਰੀ ਦੋ ਸ਼ਬਦਾਂ ਫੁੱਲ ਤੇ ਕਾਰੀ ਤੋਂ ਬਣਿਆ ਹੈ। ਫੁੱਲ ਦਾ ਅਰਥ ਫੁੱਲਾਂ ਤੋਂ ਹੁੰਦਾ ਹੈ ਤੇ ਕਾਰੀ ਦਾ ਮਤਲਬ ਕਾਰੀਗਰੀ ਤੇ ਤਕਨੀਕ ਤੋਂ ਹੁੰਦਾ ਹੈ। ਸੰਘਣੀ ਕਢਾਈ ਵਾਲੇ ਲਾਲ ਕੱਪੜੇ ਨੂੰ ਬਾਗ਼ ਕਹਿੰਦੇ ਹਨ। ਬਾਗ਼ 'ਤੇ ਏਨੇ ਜ਼ਿਆਦਾ ਸੰਘਣੇ ਫੁੱਲ ਪਾਏ ਹੁੰਦੇ ਹਨ ਕਿ ਸੂਈ ਜਿਨਾਂ ਵੀ ਰਸਤਾ ਨਹੀਂ ਹੁੰਦਾ ਤੇ ਹੇਠਲਾ ਲਾਲ ਕੱਪੜਾ ਦਿਖਾਈ ਨਹੀਂ ਦਿੰਦਾ। ਇਹ ਕਢਾਈ ਪੁੱਠੇ ਪਾਸੇ ਤੋਂ ਕੀਤੀ ਜਾਂਦੀ ਹੈ ਤੇ ਕਾਫ਼ੀ ਔਖੀ ਹੁੰਦੀ ਹੈ। ਇਸ ਕਰਕੇ ਹੀ ਇਸ ਨੂੰ ਫੁੱਲਾਂ ਦਾ ਬਾਗ਼ ਕਹਿੰਦੇ ਹਨ। ਫੁਲਕਾਰੀ 'ਚ ਬਾਗ਼ ਵਾਂਗੂ ਸੰਘਣੀ ਕਢਾਈ ਨਹੀਂ ਹੁੰਦੀ ਸਗੋਂ ਵਿਰਲੀ ਕਢਾਈ ਹੁੰਦੀ ਹੈ।

ਸਾਲੂ 'ਚ ਸਿਰਫ਼ ਕਿਨਾਰਿਆਂ ਤੇ ਵਿਚਾਲੇ ਜਿਹੇ ਹੀ ਕਢਾਈ ਕੀਤੀ ਜਾਂਦੀ ਹੈ। ਸਾਲੂ, ਫੁੱਲਕਾਰੀ ਤੇ ਬਾਗ਼ 'ਚ ਲਾਲ ਰੰਗ ਦੇ ਖੱਦਰ ਦੇ ਕੱਪੜੇ 'ਤੇ ਸੁਨਹਿਰੀ, ਹਰੇ ਤੇ ਹੋਰ ਰੰਗਾਂ ਦੇ ਰੇਸ਼ਮੀ ਧਾਗਿਆਂ ਨਾਲ ਕਢਾਈ ਕੀਤੀ ਹੁੰਦੀ ਹੈ। ਫੁੱਲਕਾਰੀ ਦੀ ਕਢਾਈ ਥੋੜ੍ਹੀ ਜਿਹੀ ਵਿਰਲੀ ਹੁੰਦੀ ਹੈ ਤੇ ਹੇਠਲਾ ਲਾਲ ਕੱਪੜਾ ਵੀ ਫੁੱਲਾਂ 'ਚੋਂ ਝਲਕਾਰੇ ਮਾਰਦਾ ਹੈ। ਇਕ ਬਾਗ਼ ਬਨਾਉਣ 'ਚ ਇਕ ਸਾਲ ਜਾਂ ਉਸ ਤੋਂ ਵੱਧ ਸਮਾਂ ਲੱਗਦਾ ਹੈ ਪਰ ਫੁਲਕਾਰੀ ਬਨਾਉਣ ਵਿਚ 7-8 ਮਹੀਨੇ ਹੀ ਲੱਗਦੇ ਹਨ ਪਰ ਸਾਲੂ ਇਸ ਤੋਂ ਵੀ ਘੱਟ ਸਮੇਂ 'ਚ ਤਿਆਰ ਹੋ ਜਾਂਦਾ ਹੈ। ਸਾਲੂ, ਫੁਲਕਾਰੀ ਤੇ ਬਾਗ਼ 'ਤੇ ਰੇਸ਼ਮੀ ਧਾਗਿਆਂ ਨਾਲ ਕਢਾਈ ਕੀਤੀ ਜਾਂਦੀ ਹੈ। ਇਹ ਧਾਗੇ ਚੀਨ ਤੇ ਅਫ਼ਗਾਨਿਸਤਾਨ ਦੇ ਬਣੇ ਹੁੰਦੇ ਹਨ। ਪੁਰਾਣੇ ਸਮੇਂ 'ਚ ਵਪਾਰੀ ਇਨ੍ਹਾਂ ਧਾਗਿਆਂ ਨੂੰ ਵੇਚਣ ਲਈ ਪਿੰਡਾਂ 'ਚ ਜਾਂਦੇ ਸਨ। ਜਿਨ੍ਹਾਂ ਤੋਂ ਔਰਤਾਂ ਇਹ ਧਾਗੇ ਖ਼ਰੀਦ ਦੀਆਂ ਸਨ।

ਸਾਲੂ ਦੀ ਲੰਬਾਈ-ਚੌੜਾਈ ਨਿਸ਼ਚਿਤ ਨਹੀਂ ਹੁੰਦੀ ਪਰ ਕਈ ਵਾਰ ਸਾਲੂ ਦੀ ਲੰਬਾਈ ਦੋ ਤੋਂ ਢਾਈ ਗਜ਼ ਤੇ ਚੌੜਾਈ ਡੇਢ ਗਜ਼ ਵੀ ਹੋ ਜਾਂਦੀ ਹੈ। ਇਸ ਤੋਂ ਇਲਾਵਾ ਛੋਟੇ ਆਕਾਰ ਦੇ ਸਾਲੂ ਵੀ ਵਧੇਰੇ ਪ੍ਰਚਲਿਤ ਹਨ ਕਿਉਂਕਿ ਇਨ੍ਹਾਂ ਨੂੰ ਸੰਭਾਲਨਾ ਆਸਾਨ ਹੁੰਦਾ ਹੈ।

ਪਹਿਲਾਂ ਮੋਟਾ ਖੱਦਰ ਤੇ ਵਧੀਆਂ ਖੱਦਰ ਤੇ ਹਲਵਾਨ ਨਾਮ ਦੇ ਕੱਪੜਿਆਂ 'ਤੇ ਕਢਾਈ ਕੀਤੀ ਜਾਂਦੀ ਸੀ ਪਰ ਹੁਣ ਖੱਦਰ ਦੇ ਨਾਲ ਹੀ ਵਾਇਲ, ਮਲਮਲ, ਰੂਬੀਆ ਤੇ ਵਧੀਆ ਸਿਲਕ 'ਤੇ ਵੀ ਕਢਾਈ ਕੀਤੀ ਜਾਂਦੀ ਹੈ। ਪੁਰਾਣੇ ਸਮੇਂ 'ਚ ਕੁੜੀਆਂ ਤ੍ਰਿਝਣ 'ਚ ਬੈਠਕੇ ਜਾਂ ਛੱਤ 'ਤੇ ਮੰਜਿਆਂ 'ਤੇ ਬੈਠ ਕੇ ਸਾਲੂ ਤੇ ਫੁਲਕਾਰੀ ਕੱਢਦੀਆਂ ਸਨ। ਛੱਤ 'ਤੇ ਮੰਜੇ ਵੀ ਤਰਕੀਬ ਨਾਲ ਜੋੜੇ ਜਾਂਦੇ ਸਨ ਵਿਚਕਾਰ ਮੰਜਾ ਡਾਹ ਕੇ ਆਸੇ ਪਾਸੇ ਮੰਜੇ ਖੜੇ ਕਰ ਦਿੱਤੇ ਜਾਂਦੇ ਸਨ ਇਸ ਨੂੰ ਕਈ ਇਲਾਕਿਆਂ 'ਚ ਬੰਗਲਾ ਪਾਉਣਾ ਵੀ ਕਹਿੰਦੇ ਸਨ। ਉਸ ਸਮੇਂ ਹਰ ਮੁਟਿਆਰ ਦੇ ਦਾਜ 'ਚ ਘੱਗਰਾ ਤੇ ਸਾਲੂ ਜਾਂ ਫੁਲਕਾਰੀ/ਬਾਗ਼ ਜ਼ਰੂਰ ਹੁੰਦੇ ਸਨ।

ਅੱਜ-ਕਲ੍ਹ ਵਿਆਹ ਮੌਕੇ ਮੁਟਿਆਰਾਂ ਵਲੋਂ ਲਹਿੰਗਾ ਪਾਉਣ ਦਾ ਰਿਵਾਜ ਸ਼ੁਰੂ ਹੋ ਗਿਆ ਹੈ। ਤੇੜ ਲਹਿਗਾ ਤੇ ਸਿਰ 'ਤੇ ਲਿਆ ਸਾਲੂ ਨਵੀਂ ਵਿਆਹੀ ਦੇ ਰੂਪ ਨੂੰ ਚਾਰ ਚੰਨ ਲਗਾ ਦਿੰਦੇ ਹਨ। ਜਦੋਂ ਸਾਲੂ ਦੀ ਬੁੱਕਲ ਜਾਂ ਘੁੰਡ 'ਚੋਂ ਗੋਰਾ ਮੁੱਖੜਾ ਦਿਖਾਈ ਦਿੰਦਾ ਹੈ ਤਾਂ ਉਸ ਗੋਰੇ ਮੁੱਖੜੇ 'ਤੇ ਸਾਲੂ ਦੀ ਹਲਕੀ ਲੀਲੱਤਣ ਵੀ ਦਿਖਾਈ ਦਿੰਦੀ ਹੈ, ਜਿਸ ਨੂੰ ਮੂੰਹ 'ਤੇ ਲਾਲੀ ਝਗੜਨੀ ਵੀ ਕਿਹਾ ਜਾਂਦਾ ਹੈ।

ਸਾਲੂ/ਫੁਲਕਾਰੀ ਦੀ ਵਰਤੋਂ ਵਿਆਹ, ਤਿਉਹਾਰਾਂ ਤੇ ਸ਼ਗਨਾਂ ਦੇ ਮੌਕੇ ਕੀਤੀ ਜਾਂਦੀ ਹੈ। ਭਾਵੇਂ ਅੱਜ-ਕਲ੍ਹ ਕਿਸੇ ਕੋਲ ਸਾਲੂ/ਫੁਲਕਾਰੀ, ਬਾਗ਼ ਕੱਢਣ ਦਾ ਸਮਾਂ ਨਹੀਂ ਤੇ ਇਹ ਅਜਾਇਬ ਘਰਾਂ ਦੀ ਸ਼ਾਨ ਬਣਕੇ ਰਹਿ ਗਏ ਹਨ ਪਰ ਕਈ ਘਰਾਂ 'ਚ ਅੱਜ ਵੀ ਸਾਲੂ/ਫੁਲਕਾਰੀ ਤੇ ਬਾਗ਼ ਦੀ ਵਰਤੋਂ ਹੁੰਦੀ ਹੈ। ਸਰਦੀਆਂ 'ਚ ਇਸ ਫੁਲਕਾਰੀ ਦੀ ਬੁੱਕਲ ਵੀ ਮਾਰ ਲਈ ਜਾਂਦੀ ਹੈ। ਅੱਜ-ਕਲ੍ਹ ਹਰ ਸੋਹਣੀ ਮੁਟਿਆਰ ਦੇ ਹੀ ਕਾਲਾ ਸੂਟ ਤੇ ਕਾਲਾ ਸਾਲੂ ਲਿਆ ਹੋਇਆ ਵੇਖਿਆ ਜਾ ਸਕਦਾ ਹੈ। ਇਸ ਤਰ੍ਹਾਂ ਕਾਲੇ ਸਾਲੂ ਤੇ ਫੁਲਕਾਰੀ ਦਾ ਮੁੜ ਰਿਵਾਜ ਆ ਗਿਆ ਹੈ। ਸਾਲੂ / ਫੁਲਕਾਰੀ ਤੇ ਬਾਗ਼ ਵਰਗੀ ਵਿਰਾਸਤੀ ਕਲਾ ਨੂੰ ਸੰਭਾਲਣ ਦੀ ਲੋੜ ਸੀ ਜੋ ਇਨ੍ਹਾਂ ਦੇ ਮੁੜ ਰਿਵਾਜ 'ਚ ਆਉਣ ਨਾਲ ਪੂਰੀ ਹੁੰਦੀ ਲੱਗਦੀ ਹੈ। ਸਾਲੂ ਤੇ ਫੁਲਕਾਰੀ ਦਾ ਮੁੜ ਰਿਵਾਜ 'ਚ ਆਉਣਾ ਸਾਡੇ ਸੱਭਿਆਚਾਰ ਲਈ ਸ਼ੁਭ ਸੰਕੇਤ ਹੈ। •



ਮੋਬਾਇਲ : 9463819174

# 12 ਫਰਵਰੀ ਨੂੰ ਖ਼ਾਲਸਾ ਕਾਲਜ ’ਚ ਲੱਗੇਗਾ ਮਿਲਟਰੀ ਲਿਟਰੇਚਰ ਮੇਲਾ, ਏ.ਡੀ.ਸੀ. ਡਾ. ਇਸਮਤ ਵਿਜੇ ਸਿੰਘ ਵੱਲੋਂ ਤਿਆਰੀਆਂ ਦਾ ਜਾਇਜ਼ਾ

## ਜੋਸ਼, ਜਜ਼ਬੇ ਤੇ ਬਹਾਦਰੀ ਦਾ ਵਰਨਣ, ਬੈਂਡ ਡਿਸਪਲੇ, ਫ਼ੌਜੀ ਟੈਂਕਾਂ ਤੇ ਜੰਗੀ ਸਾਜ਼ੋ-ਸਾਮਾਨ ਦੀ ਪ੍ਰਦਰਸ਼ਨੀ, ਦਾਖਲਾ ਫ਼ਰੀ ਹੋਵੇਗਾ: ਏ.ਡੀ.ਸੀ.

**ਪਟਿਆਲਾ, 10 ਫਰਵਰੀ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਡਾ. ਇਸਮਤ ਵਿਜੇ ਸਿੰਘ ਨੇ ਪਟਿਆਲਾ ਹੈਰੀਟੇਜ ਫੈਸਟੀਵਲ-2026 ਤਹਿਤ 12-13 ਫਰਵਰੀ ਨੂੰ ਪਟਿਆਲਾ ਦੇ ਖ਼ਾਲਸਾ ਕਾਲਜ ਵਿਖੇ ਕਰਵਾਏ ਜਾਣ ਵਾਲੇ ਚੌਥੇ ਮਿਲਟਰੀ ਲਿਟਰੇਚਰ ਫੈਸਟੀਵਲ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਬੈਠਕ ਮੌਕੇ ਆਰ.ਟੀ.ਓ. ਬਬਨਦੀਪ ਸਿੰਘ ਵਾਲੀਆ ਸਮੇਤ ਖ਼ਾਲਸਾ ਕਾਲਜ ਦੇ ਪ੍ਰੋਫੈਸਰ ਤੇ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।


ਪਟਿਆਲਾ ਦੇ ਖ਼ਾਲਸਾ ਕਾਲਜ ਵਿਖੇ ਹੋਣ ਵਾਲੇ ਹੈਰੀਟੇਜ ਤੇ ਮਿਲਟਰੀ ਲਿਟਰੇਚਰ ਫੈਸਟੀਵਲ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦੇ ਹੋਏ ਏ.ਡੀ.ਸੀ. ਡਾ. ਇਸਮਤ ਵਿਜੇ ਸਿੰਘ। ਉਨ੍ਹਾਂ ਦੇ ਨਾਲ ਆਰ.ਟੀ.ਓ. ਬਬਨਦੀਪ ਸਿੰਘ ਵਾਲੀਆ ਵੀ ਨਜ਼ਰ ਆ ਰਹੇ ਹਨ।

ਏ.ਡੀ.ਸੀ. ਡਾ. ਇਸਮਤ ਵਿਜੇ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਮਿਲਟਰੀ ਲਿਟਰੇਚਰ ਫੈਸਟੀਵਲ ਮੌਕੇ 12 ਫਰਵਰੀ ਨੂੰ ਸਵੇਰੇ 9 ਵਜੇ ਵਾਈ.ਪੀ.ਐਸ. ਚੌਂਕ ਸਥਿਤ ਮਿਲਟਰੀ ਸ਼ਹੀਦਾਂ ਦੀ ਯਾਦਗਾਰ ਸੇਨੋਟਾਫ਼ ਵਿਖੇ ਫੁੱਲ ਮਾਲਾ ਅਰਪਣ ਅਤੇ ਪੋਲੋ ਗਰਾਊਂਡ ਤੋਂ ਬ੍ਰੇਵ-ਹਾਰਟ ਮੋਟਰਸਾਈਕਲ ਰੈਲੀ ਹੋਵੇਗੀ। ਉਨ੍ਹਾਂ ਦੱਸਿਆ ਕਿ ਇਹ ਮਿਲਟਰੀ ਲਿਟਰੇਚਰ ਮੇਲਾ, ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਦੇ ਚੇਅਰਮੈਨ ਲੈਫ. ਜਨ. ਟੀ.ਐਸ. ਸ਼ੇਰਗਿੱਲ, ਲੈਫ.ਜਨ (ਰਿਟਾ.) ਚੇਤਿੰਦਰ ਸਿੰਘ, ਮੇਜਰ ਜਨਰਲ ਏ.ਪੀ. ਸਿੰਘ ਅਤੇ ਬ੍ਰਿਗੇਡੀਅਰ ਅਦਵਿੱਤਿਆ ਮਦਾਨ ਆਦਿ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਏ.ਡੀ.ਸੀ. ਨੇ ਅੱਗੇ ਦੱਸਿਆ ਕਿ ਖ਼ਾਲਸਾ ਕਾਲਜ ਵਿਖੇ ਜੋਸ਼, ਜਜ਼ਬੇ ਅਤੇ ਬਹਾਦਰੀ ਦਾ ਵਰਨਣ, ਫ਼ੌਜੀ ਟੈਂਕਾਂ ਤੇ ਜੰਗੀ ਸਾਜ਼ੋ-ਸਾਮਾਨ ਦੀ ਪ੍ਰਦਰਸ਼ਨੀ, ਬੈਂਡ ਡਿਸਪਲੇ, ਵਾਈ.ਪੀ. ਐਸ. ਸਕੂਲੀ ਵਿਦਿਆਰਥੀਆਂ ਦਾ ਘੋੜਸਵਾਰੀ ਸ਼ੋਅ, ਗਤਕਾ, ਪੁਰਾਤਨ ਵਸਤਾਂ ਤੇ ਦੁਰਲੱਭ ਡਾਕ ਟਿਕਟਾਂ ਦੀ ਪ੍ਰਦਰਸ਼ਨੀ ਸਮੇਤ ਫ਼ੌਜ, ਆਈ.ਟੀ.ਬੀ.ਪੀ ਅਤੇ ਪੁਲਿਸ ਭਰਤੀ ਬਾਰੇ ਕਾਊਂਸਲਿੰਗ ਅਤੇ ਫ਼ੂਡ ਕੋਰਟ ਵੀ ਸਥਾਪਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਫ਼ੌਜੀ ਟੈਂਕਾਂ ਤੇ ਜੰਗੀ ਸਾਜ਼ੋ-ਸਾਮਾਨ ਦੀ ਪ੍ਰਦਰਸ਼ਨੀ ਇਸ ਤੋਂ ਅਗਲੇ ਦਿਨ 13 ਫਰਵਰੀ ਨੂੰ ਵੀ ਖ਼ਾਲਸਾ ਕਾਲਜ ਵਿਖੇ ਜਾਰੀ ਰਹੇਗੀ।

ਡਾ. ਇਸਮਤ ਵਿਜੇ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ‘ਰੰਗਲਾ ਪੰਜਾਬ’ ਬਣਾਉਣ ਲਈ ਅਰੰਭੇ ਯਤਨਾਂ ਤਹਿਤ ਪੰਜਾਬ ਵਾਸੀਆਂ ਤੇ ਖਾਸ ਕਰਕੇ ਨੌਜਵਾਨਾਂ ਨੂੰ ਸਾਡੇ ਅਮੀਰ ਵਿਰਸੇ ਤੇ ਮਿਲਟਰੀ ਦੇ ਜੰਗਜੂ ਇਤਿਹਾਸ ਤੋਂ ਜਾਣੂ ਕਰਵਾਉਣ ਲਈ 12 ਫਰਵਰੀ ਨੂੰ ਇਹ ਮਿਲਟਰੀ ਲਿਟਰੇਚਰ ਫੈਸਟੀਵਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਨੇ ਪਟਿਆਲਾ ਵਾਸੀਆਂ ਨੂੰ ਇਸ ਮੇਲੇ ਦੌਰਾਨ ਹੁੰਮ-ਹੁੰਮਾ ਕੇ ਪੁੱਜਣ ਦਾ ਸੱਦਾ ਦਿੱਤਾ ਤੇ ਕਿਹਾ ਕਿ ਇਸ ਫੈਸਟੀਵਲ ਵਿੱਚ ਦਾਖਲਾ ਫ਼ਰੀ ਹੈ।

# ਸਿਹਤ ਮੰਤਰੀ ਨੇ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਾਉਣ ਦੀ ਪ੍ਰਗਤੀ ਦਾ ਲਿਆ ਜਾਇਜ਼ਾ




**ਪਟਿਆਲਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਸਿਹਤ ਕਾਰਡ ਰਜਿਸਟ੍ਰੇਸ਼ਨ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਦਿਹਾਤੀ ਹਲਕੇ ਦੇ ਵੱਖ-ਵੱਖ ਇਲਾਕਿਆਂ ਵਿੱਚ ਅਚਨਚੇਤ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨੇ ਵਾਰਡ ਨੰਬਰ 14,16,27,29, ਅਰਬਨ ਅਸਟੇਟ ਫੇਜ਼ -1 , ਪਿੰਡ ਹਰਦਾਸਪੁਰ, ਚਲੈਲਾ ਅਤੇ ਦੰਦਰਾਲਾ ਵਿੱਚ ਚੱਲ ਰਹੇ ਸਿਹਤ ਕਾਰਡ ਰਜਿਸਟ੍ਰੇਸ਼ਨ ਕੈਂਪਾਂ ਦਾ ਨਿਰੀਖਣ ਕੀਤਾ। ਡਾ. ਬਲਬੀਰ ਸਿੰਘ ਨੇ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ, ਮੌਕੇ ‘ਤੇ ਤਾਇਨਾਤ ਸਟਾਫ਼ ਦੀ ਕਾਰਗੁਜ਼ਾਰੀ ਅਤੇ ਆਮ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹਰ ਨਾਗਰਿਕ ਨੂੰ ਬਿਨਾਂ ਕਿਸੇ ਭੇਦਭਾਵ ਦੇ ਸਮੇਂ ਸਿਰ ਸਿਹਤ ਕਾਰਡ ਜਾਰੀ ਕੀਤਾ ਜਾਵੇ ਅਤੇ ਕਿਸੇ ਵੀ ਕਿਸਮ ਦੀ ਦਿੱਕਤ ਆਉਣ ‘ਤੇ ਤੁਰੰਤ ਹੱਲ ਯਕੀਨੀ ਬਣਾਇਆ ਜਾਵੇ।

ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਸਰਕਾਰ ਦੀ ਇੱਕ ਅਹਿਮ ਅਤੇ ਲੋਕ-ਹਿਤੈਸ਼ੀ ਪਹਿਲ ਹੈ, ਜਿਸਦਾ ਮਕਸਦ ਸੂਬੇ ਦੇ ਹਰ ਵਰਗ ਦੇ ਨਾਗਰਿਕ ਨੂੰ ਮੁਫ਼ਤ ਅਤੇ ਉੱਚ-ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਇਸ ਯੋਜਨਾ ਤਹਿਤ ਸਿਹਤ ਕਾਰਡ ਰਾਹੀਂ ਲਾਭਪਾਤਰੀ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਕਰਵਾ ਸਕਦੇ ਹਨ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਲੋਕਾਂ ਵੱਲੋਂ ਇਸ ਯੋਜਨਾ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਵੱਡੀ ਗਿਣਤੀ ਵਿੱਚ ਨਾਗਰਿਕ ਸਿਹਤ ਕਾਰਡ ਬਣਵਾਉਣ ਲਈ ਅੱਗੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਰਕਾਰ ਅਤੇ ਪ੍ਰਸ਼ਾਸਨ ਲਈ ਖੁਸ਼ੀ ਦੀ ਗੱਲ ਹੈ ਕਿ ਆਮ ਲੋਕ ਸਰਕਾਰੀ ਯੋਜਨਾਵਾਂ ‘ਤੇ ਭਰੋਸਾ ਜਤਾ ਰਹੇ ਹਨ ਅਤੇ ਉਨ੍ਹਾਂ ਦਾ ਲਾਭ ਲੈ ਰਹੇ ਹਨ।

ਦੌਰੇ ਦੌਰਾਨ ਸਿਹਤ ਮੰਤਰੀ ਨੇ ਮੌਕੇ ‘ਤੇ ਮੌਜੂਦ ਲੋਕਾਂ ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਤੋਂ ਫੀਡਬੈਕ ਲਿਆ। ਕਈ ਨਾਗਰਿਕਾਂ ਨੇ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਆਸਾਨ ਅਤੇ ਸੁਗਮ ਦੱਸਦਿਆਂ ਸਰਕਾਰ ਦਾ ਧੰਨਵਾਦ ਕੀਤਾ।

ਡਾ. ਬਲਬੀਰ ਸਿੰਘ ਨੇ ਅਧਿਕਾਰੀਆਂ ਨੂੰ ਆਦੇਸ਼ ਦਿੱਤਾ ਕਿ ਸਾਰੇ ਕੈਂਪਾਂ ਵਿੱਚ ਸਾਫ਼-ਸੁਥਰਾ ਮਾਹੌਲ, ਬੈਠਣ ਦੀ ਸਹੂਲਤ ਅਤੇ ਪੀਣ ਵਾਲੇ ਪਾਣੀ ਦਾ ਪ੍ਰਬੰਧ ਯਕੀਨੀ ਬਣਾਇਆ ਜਾਵੇ।

ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਸਿਹਤ ਨੂੰ ਪਹਿਲ ਦੇ ਆਧਾਰ ‘ਤੇ ਸੁਧਾਰਨ ਲਈ ਵਚਨਬੱਧ ਹੈ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਇਸ ਦਿਸ਼ਾ ਵੱਲ ਇੱਕ ਮੀਲ ਪੱਥਰ ਸਾਬਤ ਹੋਵੇਗੀ। ਇਸ ਮੌਕੇ ਉਹਨਾਂ ਦੇ ਨਾਲ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ , ਸੁਰੇਸ਼ ਰਾਏ, ਪਿੰਡਾਂ ਦੇ ਪੰਚ ਸਰਪੰਚ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।

# ਸਿਵਲ ਡਿਫੈਂਸ ਸਿਖਲਾਈ ਅਤੇ ਸਮਰੱਥਾ ਨਿਰਮਾਣ ਯੋਜਨਾ ਤਹਿਤ ਕੈਂਪ ਦੀ ਸ਼ੁਰੂਆਤ



**ਪਟਿਆਲਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਹੋਮ ਗਾਰਡਜ ਦੇ ਡੀਜੀਪੀ ਅਤੇ ਸਿਵਲ ਡਿਫੈਂਸ ਪੰਜਾਬ ਦੇ ਡਾਇਰੈਕਟਰ ਸੰਜੀਵ ਕਾਲੜਾ ਦੇ ਨਿਰਦੇਸ਼ਾਂ ਅਨੁਸਾਰ 07 ਰੋਜਾ ਸਿਵਲ ਡਿਫੈਂਸ ਦੀ ਸਿਖਲਾਈ ਅਤੇ ਸਮਰੱਥਾ ਨਿਰਮਾਣ ਯੋਜਨਾ ਤਹਿਤ ਕੈਂਪ ਦੀ ਸ਼ੁਰੂਆਤ ਪੰਜਾਬੀ ਯੂਨੀਵਰਸਿਟੀ ਦੇ ਕਲਾ ਭਵਨ ਵਿਖੇ ਹੋਈ।ਇਸ ਕੈਂਪ ਦੀ ਸ਼ੁਰੂਆਤ ਜ਼ਿਲ੍ਹਾ ਕਮਾਂਡਰ ਗਗਨਪ੍ਰੀਤ ਸਿੰਘ ਢਿੱਲੋ ਨੇ ਦੀਪ ਜਲਾ ਕੇ ਕੀਤੀ। ਗਗਨਪ੍ਰੀਤ ਸਿੰਘ ਢਿੱਲੋ ਨੇ ਦੱਸਿਆ ਕਿ ਸਿਖਲਾਈ ਦੌਰਾਨ ਸਿਖਿਆਰਥੀਆਂ ਨੂੰ ਨਾਗਰਿਕ ਸੁੱਰਖਿਆ ਦੀਆਂ 12 ਸਰਵਿਸਸ, ਵਾਰਡਨ ਸਰਵਿਸ ਤੇ, ਫਾਇਰ ਸੇਫਟੀ, ਮੁਢਲੀ ਸਹਾਇਤਾ, ਸੀਪੀਆਰ, ਡੁੱਬਦੇ ਨੂੰ ਬਚਾਉਣਾ, ਕੁਦਰਤੀ ਆਫਤਾਂ, ਰੋਡ ਸੈਫਟੀ, ਲਿਫਟਿੰਗ-ਸਿਫਟਿੰਗ, ਸੁਰੱਖਿਆ ਕਰਦੇ ਹੋਏ ਰਾਹਤ ਕਾਰਜਾਂ ਵਿੱਚ ਹਿੱਸਾ ਲੈਣਾ ਆਦਿ ਬਾਰੇ ਦੱਸਿਆ ਜਾਵੇਗਾ ਤੇ ਅਭਿਆਸ ਕਰਵਾਇਆ ਜਾਵੇਗਾ।

ਇਸ ਮੌਕੇ ਡਾਇਰੈਕਟਰ ਯੂਥ ਸਰਵਿਸਸ ਡਾ ਭੀਮ ਇੰਦਰ ਸਿੰਘ, ਚੀਫ਼ ਵਾਰਡਨ ਸਿਵਲ ਡਿਫੈਂਸ ਪਟਿਆਲਾ ਕਮਰਜੀਤ ਸਿੰਘ ਸੇਖੋਂ ਅਤੇ ਸਿਵਿਲ ਡਿਫੈਂਸ ਦੇ ਨੋਡਲ ਅਫਸਰ ਕੰਪਨੀ ਕਮਾਂਡਰ ਮੋਹਨਦੀਪ ਸਿੰਘ ਵਿਸ਼ੇਸ਼ ਤੌਰ ‘ਤੇ ਹਾਜ਼ਰ ਰਹੇ।ਕਮਰਜੀਤ ਸਿੰਘ ਅਤੇ ਪਲਟੂਨ ਕਮਾਂਡਰ ਤਰਵਿੰਦਰ ਸਿੰਘ ਨਾਲ 120 ਵਲੰਟੀਅਰਜ ਹਾਜਰ ਹੋਏ। ਚੀਫ਼ ਵਾਰਡਨ ਸਿਵਲ ਡਿਫੈਂਸ ਪਟਿਆਲਾ ਕਮਰਜੀਤ ਸਿੰਘ ਸੇਖੋਂ ਨੇ ਦੱਸਿਆ ਕਿ ਇਨ੍ਹਾਂ ਸਾਰੇ ਵਲੰਟੀਅਰਜ ਨੂੰ ਆਖਿਰ ਵਿੱਚ ਸਰਟੀਫਿਕੇਟ, ਟਰੈਕ ਸੂਟ, ਟੀ-ਸਰਟ, ਸਿਵਲ ਡਿਫੈਂਸ ਦੀਆਂ ਕਿਤਾਬਾਂ ਵੰਡੀਆਂ ਜਾਣਗੀਆਂ।

# ਸਮਾਣਾ ਅਤੇ ਪਾਤੜਾਂ ਦੇ ਵੱਖ-ਵੱਖ ਸਕੂਲਾਂ ਵਿੱਚ ਐਨ ਡੀ ਆਰ ਐੱਫ ਵੱਲੋਂ ਆਫ਼ਤ ਪ੍ਰਬੰਧਨ ਟ੍ਰੇਨਿੰਗ




**ਪਟਿਆਲਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਣਾ ਅਤੇ ਪਾਤੜਾਂ ਦੇ ਵੱਖ-ਵੱਖ ਸਕੂਲਾਂ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਆਫ਼ਤ ਪ੍ਰਬੰਧਨ ਬਾਰੇ ਜਾਗਰੂਕ ਕਰਨ ਲਈ ਐਨ ਡੀ ਆਰ ਐੱਫ (ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ) ਦੀਆਂ ਟੀਮਾਂ ਵੱਲੋਂ ਵਿਸ਼ੇਸ਼ ਟ੍ਰੇਨਿੰਗ ਕਰਵਾਈ ਗਈ। ਇਹ ਟ੍ਰੇਨਿੰਗ ਇੰਸਪੈਕਟਰ ਅਨੁਰਾਧਾ ਅਤੇ ਸਬ ਇੰਸਪੈਕਟਰ ਆਸ਼ੀਸ਼ ਦੀ ਅਗਵਾਈ ਹੇਠ ਸਫ਼ਲਤਾਪੂਰਵਕ ਸੰਪੰਨ ਹੋਈ। ਟ੍ਰੇਨਿੰਗ ਦੌਰਾਨ ਵਿਦਿਆਰਥੀਆਂ ਨੂੰ ਭੂਚਾਲ, ਅੱਗ, ਹੜ੍ਹਾਂ ਅਤੇ ਹੋਰ ਕੁਦਰਤੀ ਜਾਂ ਮਨੁੱਖੀ ਆਫ਼ਤਾਂ ਸਮੇਂ ਆਪਣੀ ਅਤੇ ਹੋਰਾਂ ਦੀ ਸੁਰੱਖਿਆ ਲਈ ਲਾਜ਼ਮੀ ਕਦਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਐਨ ਡੀ ਆਰ ਐੱਫ ਟੀਮ ਨੇ ਪ੍ਰੈਕਟੀਕਲ ਡੈਮੋਨਸਟ੍ਰੇਸ਼ਨ ਰਾਹੀਂ ਫਸਟ ਏਡ, ਸੁਰੱਖਿਅਤ ਇਵੈਕੁਏਸ਼ਨ ਅਤੇ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਦੇ ਤਰੀਕੇ ਵੀ ਸਿਖਾਏ। ਇੰਸਪੈਕਟਰ ਅਨੁਰਾਧਾ ਨੇ ਕਿਹਾ ਕਿ ਅਜਿਹੀ ਟ੍ਰੇਨਿੰਗ ਨਾਲ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਵਧਦਾ ਹੈ ਅਤੇ ਉਹ ਕਿਸੇ ਵੀ ਆਫ਼ਤ ਸਮੇਂ ਸਹੀ ਫੈਸਲੇ ਲੈ ਸਕਦੇ ਹਨ। ਸਬ ਇੰਸਪੈਕਟਰ ਆਸ਼ੀਸ਼ ਨੇ ਸਕੂਲ ਪ੍ਰਸ਼ਾਸਨ ਦੀ ਸਹਿਯੋਗ ਭਾਵਨਾ ਦੀ ਸ਼ਲਾਘਾ ਕੀਤੀ। ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੇ ਐਨ ਡੀ ਆਰ ਐੱਫ ਟੀਮ ਦਾ ਧੰਨਵਾਦ ਕਰਦਿਆਂ ਅਜਿਹੇ ਪ੍ਰੋਗਰਾਮਾਂ ਨੂੰ ਬਹੁਤ ਲਾਭਕਾਰੀ ਦੱਸਿਆ।

# ਵਰਲਡ ਬੁੱਕ ਆਫ ਰਿਕਾਰਡ ਲੰਡਨ ਦੇ ਉਪ ਪ੍ਰਧਾਨ ਛਿੰਦਾਂ ਵੱਲੋਂ ਕੈਨੇਡੀਅਨ ਮੰਤਰੀ ਰਾਜਨ ਸਾਹਨੀ ਦਾ ਕੀਤਾ ਸਨਮਾਨ

**ਨਾਭਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਵਰਲਡ ਬੁੱਕ ਆਫ਼ ਰਿਕਾਰਡਜ਼ ਯੂ ਕੇ ਨੇ ਕੈਨੇਡਾ ਦੇ ਅਲਬਰਟਾ ਸਰਕਾਰ ਵਿੱਚ ਆਦਿ ਵਾਸੀ ਸਬੰਧਾਂ ਦੇ ਮੰਤਰੀ ਅਤੇ ਕੈਲਗਰੀ ਨਾਰਥ-ਵੈਸਟ ਦੇ ਵਿਧਾਇਕ, ਰਾਜਨ ਸਾਹਨੀ ਨੂੰ ਸ਼ਾਸਨ, ਸਮਾਜਿਕ ਭਲਾਈ, ਆਰਥਿਕ ਵਿਕਾਸ ਅਤੇ ਸਮਾਵੇਸ਼ੀ ਨੀਤੀ-ਨਿਰਮਾਣ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਦੇ ਲਈ ਇੱਕ ਉੱਤਮਤਾ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਹੈ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਕੰਮਾਂ ਨਾਲ ਅਲਬਰਟਾ, ਕੈਨੇਡਾ ਦੇ ਲੋਕਾਂ ਅਤੇ ਭਾਈਚਾਰਿਆਂ ’ਤੇ ਡੂੰਘਾ ਪ੍ਰਭਾਵ ਪਿਆ ਹੈ।



ਵਰਲਡ ਬੁੱਕ ਆਫ਼ ਰਿਕਾਰਡਜ਼ ਲੰਡਨ ਦੇ ਐਡਜੁਡੀਕੇਟਰ ਅਤੇ ਪੰਜਾਬ ਦੇ ਉਪ-ਪ੍ਰਧਾਨ ਜਸਵੀਰ ਸਿੰਘ ਛਿੰਦਾਂ ਨੇ ਇਹ ਸਨਮਾਨ ਰਾਜਨ ਸਾਹਨੀ ਨੂੰ ਚੰਡੀਗੜ੍ਹ ਵਿਖੇ ਦਿੱਤਾ ਐਲਬਰਟਾ ਸਰਕਾਰ ਦਾ ਪ੍ਰਤੀਨਿਧੀ ਮੰਡਲ ਇੰਨਾਂ ਦਿਨਾਂ ਵਿੱਚ ਭਾਰਤ ਦੇ ਦੌਰੇ ਆਇਆ ਹੋਇਆ ਜਿਸ ਵਿੱਚ ਉਹ ਵੱਡੀਆਂ ਕੰਪਨੀਆਂ ਨਾਲ ਵਪਾਰਕ ਗੱਲਬਾਤ ਕਰਕੇ ਦੋਨਾਂ ਦੇਸ਼ਾਂ ਦੇ ਸਬੰਧਾਂ ਨੂੰ ਮਜ਼ਬੂਤ ਕਰ ਰਹੇ ਹਨ ਇਸ ਮੌਕੇ ਰਾਜਨ ਸਾਹਨੀ ਵੱਲੋਂ ਇਸ ਸਨਮਾਨ ਦੇ ਲਈ ਵਰਲਡ ਬੁੱਕ ਆਫ ਰਿਕਾਰਡ ਲੰਡਨ ਦੇ ਪ੍ਰਧਾਨ ਸੰਤੋਸ਼ ਸ਼ੁਕਲਾ ਅਤੇ ਪੰਜਾਬ ਉਪ ਪ੍ਰਧਾਨ ਜਸਵੀਰ ਸਿੰਘ ਛਿੰਦਾ ਦਾ ਧੰਨਵਾਦ ਕੀਤਾ ਇਸ ਮੌਕੇ ਉਨਾਂ ਦੇ ਨਾਲ ਜਤਿੰਦਰ ਸਿੰਘ ਤਾਤਲਾ ਅਤੇ ਹੈਪੀ ਮਾਨ ਮੌਜੂਦ ਸਨ।

# ਮੁੱਖ ਚੋਣ ਅ.ਫ਼ਸਰ ਅਨਿੰਦਿਤਾ ਮਿਤਰਾ ਵੱਲੋਂ ਚੋਣਾਂ ਨਾਲ ਸਬੰਧਤ ਸਾਜੋ-ਸਮਾਨ ਦੇ ਪਟਿਆਲਾ ਸਥਿਤ ਸੂਬਾ ਪੱਧਰੀ ਚੋਣ ਭੰਡਾਰ ਦਾ ਅਚਨਚੇਤ ਨਿਰੀਖਣ

## ਚੋਣ ਕਮਿਸ਼ਨ ਵੱਲੋਂ ਤਬਦੀਲ ਕੀਤੀ ਜਾ ਚੁੱਕੀ ਵਾਧੂ ਚੋਣ ਸਮੱਗਰੀ ਦਾ ਨਿਯਮਾਂ ਮੁਤਾਬਕ ਨਿਪਟਾਰਾ ਕਰਨ ਦੀ ਹਦਾਇਤ

**ਪਟਿਆਲਾ, 10 ਫਰਵਰੀ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਚੋਣ ਅਫ਼ਸਰ-ਕਮ-ਪ੍ਰਬੰਧਕੀ ਸਕੱਤਰ ਚੋਣਾਂ ਅਨਿੰਦਿਤਾ ਮਿਤਰਾ ਨੇ ਅੱਜ ਪਟਿਆਲਾ ਦੇ ਬਾਰਾਂਦਰੀ ਬਾਗ ਵਿਖੇ ਚੋਣਾਂ ਨਾਲ ਸਬੰਧਤ ਸਾਜੋ-ਸਮਾਨ ਦੇ ਸੂਬਾ ਪੱਧਰੀ ਚੋਣ ਭੰਡਾਰ ਦਾ ਅਚਨਚੇਤ ਨਿਰੀਖਣ ਕੀਤਾ। ਇਸ ਦੌਰਾਨ ਮੁੱਖ ਚੋਣ ਅਫ਼ਸਰ ਨੇ ਇੱਥੇ ਰੱਖੇ ਗਏ ਚੋਣਾਂ ਨਾਲ ਸਬੰਧਤ ਸਮਾਨ ਤੋਂ ਇਲਾਵਾ ਵੋਟਰ ਸੂਚੀਆਂ ਦੀ ਤਿਆਰੀ, ਸ਼ਨਾਖਤੀ ਕਾਰਡ ਤਿਆਰ ਕਰਨ ਤੇ ਇਨ੍ਹਾਂ ਦੀ ਵੰਡ ਕਰਨ ਤੋਂ ਇਲਾਵਾ ਗੁਰੁਦੁਆਰਾ ਚੋਣਾਂ ਨਾਲ ਸਬੰਧਤ ਚੋਣ ਸਮੱਗਰੀ ਫਾਰਮ, ਲਿਫਾਫੇ, ਸਟੇਸ਼ਨਰੀ ਵਸਤਾਂ, ਨਾ ਖਪਤ ਹੋਣ ਵਾਲੀ ਚੋਣ ਸਮੱਗਰੀ ਦਾ ਜਾਇਜ਼ਾ ਲਿਆ।



ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਇੱਥੇ ਰੱਖੇ ਸਮਾਨ ਦੀ ਸਾਂਭ-ਸੰਭਾਲ ਸਮੇਤ ਇਸ ਨੂੰ ਰੱਖਣ ਦੀ ਰਤੀਬ ਤੇ ਸਾਫ-ਸਫ਼ਾਈ ਪ੍ਰਬੰਧਾਂ ’ਤੇ ਤਸੱਲੀ ਪ੍ਰਗਟਾਈ। ਉਨ੍ਹਾਂ ਨੇ ਨਿਰੀਖਣ ਦੌਰਾਨ ਪਾਇਆ ਕਿ ਸਟੋਰ ਵਿੱਚ ਕੁਝ ਵਸਤਾਂ (ਫਾਰਮ, ਕਿਤਾਬਾਂ ਆਦਿ) ਅਜਿਹੀਆਂ ਵੀ ਪਈਆਂ ਹਨ, ਜੋ ਕਿ ਹੁਣ ਚੋਣ ਕਮਿਸ਼ਨ ਵਲੋਂ ਬਦਲ ਦਿੱਤੀਆਂ ਗਈਆਂ ਹਨ ਅਤੇ ਇਨ੍ਹਾਂ ਦੀ ਭਵਿੱਖ ’ਚ ਹੋਣ ਵਾਲੀਆਂ ਕਿਸੇ ਚੋਣਾਂ ਵਿੱਚ ਵਰਤੋਂ ਨਹੀਂ ਕੀਤੀ ਜਾਣੀ ਹੈ। ਉਨ੍ਹਾਂ ਨੇ ਅਜਿਹੀਆਂ ਵਸਤਾਂ ਦਾ ਹਦਾਇਤਾਂ ਅਨੁਸਾਰ ਨਿਪਟਾਰਾ ਕਰਵਾਉਣ ਦੇ ਹੁਕਮ ਜਾਰੀ ਕੀਤੇ, ਤਾਂ ਜੋ ਆਗਾਮੀ ਚੋਣਾਂ ਵਿੱਚ ਵਰਤਿਆ ਜਾਣ ਵਾਲਾ ਸਮਾਨ ਇਸ ਸਟੋਰ ਵਿੱਚ ਸੁਰੱਖਿਅਤ ਰੱਖਿਆ ਜਾ ਸਕੇ ।

ਮੁੱਖ ਚੋਣ ਅਫ਼ਸਰ ਨੇ ਚੋਣ ਭੰਡਾਰ ਦੀ ਬਹੁਤ ਪੁਰਾਣੀ ਹੋ ਚੁੱਕੀ ਇਮਾਰਤ ਦੀ ਲੋੜੀਂਦੀ ਮੁਰੰਮਤ ਕਰਵਾਉਣ ਦੀ ਵੀ ਹਦਾਇਤ ਕੀਤੀ। ਇਸ ਤੋਂ ਪਹਿਲਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੁੱਖ ਚੋਣ ਅਫ਼ਸਰ ਨੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਤੇ ਏ.ਡੀ.ਸੀ. (ਜ) ਸਿਮਰਪ੍ਰੀਤ ਕੌਰ ਨਾਲ ਬੈਠਕ ਕਰਕੇ ਜ਼ਿਲ੍ਹੇ ਅੰਦਰ ਚੋਣ ਪ੍ਰਬੰਧਾਂ ਤੇ ਚੋਣ ਅਮਲ ਨਾਲ ਸਬੰਧਤ ਹੋਰ ਮੁੱਦਿਆਂ ਸਮੇਤ ਈ.ਵੀ.ਐਮ ਵੇਅਰਹਾਊਸ ਦਾ ਵੀ ਜਾਇਜ਼ਾ ਲਿਆ।

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਮੁੱਖ ਚੋਣ ਅਫ਼ਸਰ ਦਾ ਪਟਿਆਲਾ ਪੁੱਜਣ ’ਤੇ ਸਵਾਗਤ ਕੀਤਾ ਅਤੇ ਜ਼ਿਲ੍ਹੇ ਦੇ ਈ.ਵੀ.ਐਮ ਵੇਅਰਹਾਊਸ ਤੇ ਹੋਰ ਚੋਣ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਐਸ.ਪੀ. ਸਿਟੀ ਪਲਵਿੰਦਰ ਸਿੰਘ ਚੀਮਾ, ਚੋਣ ਤਹਿਸੀਲਦਾਰ ਵਿਜੇ ਚੌਧਰੀ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਜੋਬਨਦੀਪ ਕੌਰ ਚੀਮਾ, ਚੋਣ ਕਾਨੂੰਗੋ ਪ੍ਰਿਯੰਕਾ ਰਾਣੀ, ਸੀਨੀਅਰ ਸਹਾਇਕ ਪਰਮਜੀਤ ਸਿੰਘ ਸਮੇਤ ਚੋਣ ਵਿਭਾਗ ਦਾ ਹੋਰ ਅਮਲਾ ਵੀ ਮੌਜੂਦ ਰਿਹਾ।

# ਕੇਦਾਰ ਨਾਥ ਜੀ ਦੇ ਬਾਹਰ ਲੱਗਿਆ ਧਰਨਾ ਐਮ.ਐਲ.ਏ. ਅਤੇ ਐਮ.ਸੀ. ਵਲੋਂ ਕਹਿਣ ’ਤੇ ਚੁੱਕਿਆ



**ਪਟਿਆਲਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: ਵੱਲੋਂ ਮੰਦਿਰ ਸ੍ਰੀ ਕੇਦਾਰ ਨਾਥ ਜੀ ਦੇ ਉਪਰ ਸਰਕਾਰ ਵੱਲੋਂ ਇੱਕ ਸਾਲ ਪਹਿਲਾਂ ਸੁਧਾਰ ਸਭਾ ਦੇ ਲੱਗੇ ਹੋਏ ਬੋਰਡ ਉਤਾਰ ਦਿੱਤੇ ਸਨ ਜਦ ਕਿ ਹੋਰ ਜੋ ਬੋਰਡ ਲੱਗੇ ਹੋਏ ਸਨ ਉਹਨਾਂ ਨੂੰ ਨਹੀਂ ਉਤਾਰਿਆ ਗਿਆ ਇਹ ਕਿਸੀ ਸਾਜਿਸ਼ ਤਹਿਤ ਕੀਤਾ ਗਿਆ ਜਾਪਦਾ ਹੈ। ਇਸ ਦੇ ਰੋਸ ਵਜੋਂ ਸੁਧਾਰ ਸਭਾ ਦੇ ਮੈਂਬਰਾਂ ਅਤੇ ਸ਼ਿਵ ਭਗਤਾਂ (ਜੰਗਮ) ਵੱਲੋਂ ਮੰਦਿਰ ਸ੍ਰੀ ਕੇਦਾਰ ਨਾਥ ਜੀ ਦੇ ਧਰਨਾ ਲਗਾਇਆ ਗਿਆ। ਇਸ ਧਰਨੇ ਮੌਕੇ ਐਮ.ਐਲ.ਏ. ਸ੍ਰ. ਅਜੀਤ ਪਾਲ ਸਿੰਘ ਕੋਹਲੀ ਅਤੇ ਐਮ.ਸੀ. ਵਾਰਡ ਨੰਬਰ 32 ਸ੍ਰ. ਰਣਜੀਤ ਸਿੰਘ ਚੰਡੋਕ ਜੀ ਵਲੋਂ ਸਾਨੂੰ ਮੰਗ ਪੂਰੀ ਹੋਣ ਦਾ ਭਰੋਸਾ ਦਿੱਤਾ ਗਿਆ, ਇਸ ਉਪਰੰਤ ਸਾਡੇ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਗਿਆ। ਇਸ ਮੌਕੇ ਸੁਧਾਰ ਸਭਾ ਦੇ ਸਾਰੇ ਮੈਂਬਰ ਅਤੇ ਸ਼ਿਵ ਭਗਤ (ਜੰਗਮ) ਹਾਜਰ ਸਨ।

# ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਪੰਜਾਬ ਵੱਲੋਂ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਪਟਿਆਲਾ ਦਾ ਦੌਰਾ

**ਪਟਿਆਲਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਪੰਜਾਬ, ਬ੍ਰਿਗੇਡੀਅਰ ਭੁਪਿੰਦਰ ਸਿੰਘ ਢਿੱਲੋ (ਰਿਟਾਇਰਡ) ਵੱਲੋਂ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਪਟਿਆਲਾ ਦਾ ਦੌਰਾ ਕੀਤਾ ਗਿਆ। ਦੌਰੇ ਦੌਰਾਨ ਉਨ੍ਹਾਂ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ। ਬ੍ਰਿਗੇਡੀਅਰ ਢਿੱਲੋ ਵੱਲੋਂ ਯੋਗ ਲਾਭਪਾਤਰੀ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਮਾਲੀ ਮਦਦ ਦੇ ਚੈਕ ਵੰਡੇ ਗਏ। ਇਸ ਮੌਕੇ ਉਨ੍ਹਾਂ ਦਫਤਰੀ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਪਸ਼ਟ ਨਿਰਦੇਸ਼ ਦਿੱਤੇ ਕਿ ਸਾਬਕਾ ਸੈਨਿਕਾਂ ਨਾਲ ਸਬੰਧਿਤ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇ, ਤਾਂ ਜੋ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਅਸੁਵਿਧਾ ਨਾ ਆਵੇ।



ਦੌਰੇ ਦੌਰਾਨ ਉਨ੍ਹਾਂ ਦਫਤਰ ਵਿੱਚ ਚੱਲ ਰਹੇ ਸੈਨਿਕ ਵੋਕੇਸ਼ਨਲ ਸੈਂਟਰ ਦਾ ਮੁਆਇਨਾ ਕੀਤਾ, ਜਿੱਥੇ ਕੰਪਿਊਟਰ ਕੋਰਸ ਅਤੇ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਲੈ ਰਹੇ ਯੁਵਕਾਂ ਨਾਲ ਗੱਲਬਾਤ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਸੈਨਿਕ ਰੈਸਟ ਹਾਊਸ ਦਾ ਵੀ ਦੌਰਾ ਕਰਕੇ ਉਥੋਂ ਦੀਆਂ ਸੁਵਿਧਾਵਾਂ ਦਾ ਜਾਇਜ਼ਾ ਲਿਆ। ਬ੍ਰਿਗੇਡੀਅਰ ਭੁਪਿੰਦਰ ਸਿੰਘ ਢਿੱਲੋ ਨੇ ਦਫਤਰ ਦੀ ਕੁੱਲ ਕਾਰਗੁਜ਼ਾਰੀ ਦੀ ਪ੍ਰਸੰਸਾ ਕਰਦੇ ਹੋਏ ਸਮੂਹ ਸਟਾਫ ਦੀ ਹੌਸਲਾ ਅਫਜ਼ਾਈ ਕੀਤੀ।

# ਕੁਤਾਹੀ ਵਰਤਣ ਵਾਲਿਆਂ ਤੇ ਸ.ਖ਼ਤ ਹੋਈ ਨਗਰ ਕੌਂਸਲ ਮਾਛੀਵਾੜਾ ਮੁਲਾਜ਼ਮ ਕੀਤਾ ਸਸਪੈਂਡ

**ਮਾਛੀਵਾੜਾ ਸਾਹਿਬ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਕੌਂਸਲ ਮਾਛੀਵਾੜਾ ਇਸ ਸਮੇਂ ਵਿਕਾਸ ਕਰਨ ਵਿੱਚ ਕੋਈ ਵੀ ਕਸਰ ਛੱਡ ਨਹੀਂ ਰਹੀ ਹੈ। ਲਗਾਤਾਰ ਸ਼ਹਿਰ ਨੂੰ ਸੁੰਦਰ ਅਤੇ ਸਾਫ ਸੁਥਰਾ ਬਣਾਉਣ ਲਈ ਵੱਡੇ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਕਈ ਅਹਿਮ ਮਤੇ ਵੀ ਪਾਏ ਗਏ ਹਨ।



ਨਗਰ ਕੌਂਸਲ ਦਾ ਪ੍ਰਧਾਨ ਮੋਹਿਤ ਕੁੰਦਰਾ ਸ਼ਹਿਰ ਦੇ ਵਿਕਾਸ ਕਾਰਜ ਅਤੇ ਹੋਰ ਕੰਮਾਂ ਨੂੰ ਲੈ ਕੇ ਸੁਰਖੀਆਂ ਵਿੱਚ ਚੱਲ ਰਹੇ ਹਨ। ਨਗਰ ਕੌਂਸਲ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹਨਾਂ ਨੇ ਖੁਦ ਜਾ ਕੇ ਇੱਕ ਮੈਰਿਜ ਪੈਲਸ ਜੋ ਕਿ ਸ਼ਹਿਰ ਦੀ ਹਦੂਦ ਤੋਂ ਬਾਹਰ ਪੈਂਦਾ ਹੈ। ਜਿਸ ਬਾਰੇ ਸਾਨੂੰ ਇੱਕ ਖੁਫੀਆ ਜਾਣਕਾਰੀ ਮਿਲੀ ਸੀ ਕਿ ਨਗਰ ਕੌਂਸਲ ਦਾ ਇੱਕ ਮੁਲਾਜ਼ਮ ਪਿਛਲੇ 15 ਸਾਲਾਂ ਤੋਂ ਉਸ ਮੈਰਿਜ ਪੈਲੇਸ ਵਿੱਚ ਕਿਸੇ ਵੀ ਸਮਾਗਮ ਤੋਂ ਬਾਅਦ ਜਦੋਂ ਕੂੜੇ ਦਾ ਢੇਰ ਲੱਗ ਜਾਂਦਾ ਸੀ ਤਾਂ ਉਹ ਪੈਸੇ ਲੈ ਕੇ ਨਗਰ ਕੌਂਸਲ ਦੀ ਮਸ਼ੀਨਰੀ ਵਰਤ ਕੇ ਉਸ ਕੂੜੇ ਨੂੰ ਚੁੱਕ ਰਿਹਾ ਸੀ। ਉਸ ਨੂੰ ਮੌਕੇ ਤੇ ਜਾ ਕੇ ਦਬੋਚਿਆ ਤਾਂ ਇਹ ਸਾਰੀ ਕਹਾਣੀ ਪਤਾ ਲੱਗੀ। ਉਹਨਾਂ ਨੇ ਕਿਹਾ ਕਿ ਅਸੀਂ ਉਸ ਮੁਲਾਜ਼ਮ ਨੂੰ ਸਸਪੈਂਡ ਕਰ ਦਿੱਤਾ ਹੈ ਅਤੇ ਉਨ੍ਹਾਂ ਨੇ ਕਿਹਾ ਕਿ ਅਸੀਂ ਉਸ ਮੈਰਿਜ ਪੈਲਸ ਨੂੰ ਵੀ ਇੱਕ ਚਿੱਠੀ ਜਾਰੀ ਕੀਤੀ ਹੈ ਕਿ ਸਾਨੂੰ ਦੱਸਿਆ ਜਾਵੇ ਕਿ ਕਿਸ ਆਧਾਰ ਤੇ ਤੁਸੀਂ ਨਗਰ ਕੌਂਸਲ ਦੇ ਮੁਲਾਜ਼ਮ ਕੋਲੋਂ ਇਹ ਕੂੜਾ ਚੁਕਵਾ ਰਹੇ ਸੀ। ਉਹਨਾਂ ਨੇ ਕਿਹਾ ਕਿ ਜੇਕਰ ਸਾਨੂੰ ਲੱਗਦਾ ਹੋਇਆ ਤਾਂ ਅਸੀਂ ਉਸ ਪੈਲਸ ਖਿਲਾਫ ਵੀ ਬਣਦੀ ਕਾਰਵਾਈ ਕਰਾਂਗੇ। ਇਸ ਤੋਂ ਇਲਾਵਾ ਉਨਾਂ ਨੇ ਅਪੀਲ ਕੀਤੀ ਕਿ ਜੋ ਵੀ ਸ਼ਹਿਰ ਦੀ ਹਦੂਦ ਤੋਂ ਬਾਹਰ ਮੈਰਿਜ ਪੈਲਸ ਜਾਂ ਕੁਝ ਇਹੋ ਜਿਹੀਆਂ ਥਾਵਾਂ ਹਨ । ਜਿੱਥੇ ਕੂੜੇ ਦੀ ਸਮੱਸਿਆ ਆਉਂਦੀ ਹੈ ਉਹ ਨਗਰ ਕੌਂਸਲ ਨੂੰ ਇੱਕ ਚਿੱਠੀ ਲਿਖਣ ਤਾਂ ਕਿ ਅਸੀਂ ਉਸਨੂੰ ਹਾਊਸ ਵਿੱਚ ਮੱਤਾ ਪਾ ਕੇ ਉਹਨਾਂ ਦਾ ਇਹ ਮਸਲਾ ਹੱਲ ਕਰ ਸਕੀਏ। ਪਰ ਕੋਈ ਵੀ ਇਹੋ ਜਿਹੀ ਹਰਕਤ ਨਾ ਕਰੇ ਜਿਸ ਨਾਲ ਨਗਰ ਕੌਂਸਲ ਨੂੰ ਨੁਕਸਾਨ ਹੋਵੇ ਅਤੇ ਕਿਸੇ ਹੋਰ ਨੂੰ ਵੀ ਹਰਜਾਨਾ ਭੁਗਤਣਾ ਨਾ ਪਵੇ।

# ਵਿਦਿਆਰਥੀਆ ਨੂੰ ਨਸ਼ਿਆ ਤੋਂ ਦੂਰ ਰਹਿਣ ਦਾ ਸੱਦਾ : ਉਪਕਾਰ ਸਿੰਘ




**ਪਟਿਆਲਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ( ਰਜਿ)ਪਟਿਆਲਾ ਵੱਲੋ ਪਿਛਲੇ ਕਾਫੀ ਸਮੇਂ ਤੋ ਨਸ਼ਿਆ ਵਿਰੁੱਧ ਜਾਗਰੂਕਤਾ ਮੁਹਿੰਮ ਚਲਾਈ ਹੋਈ ਹੈ।ਇਸ ਮੁਹਿੰਮ ਤਹਿਤ ਅੱਜ ਸਰਕਾਰੀ ਮਿਡਲ ਸਕੂਲ ਚੋਂਹਠ ਸਮਾਣਾ ਵਿੱਚ ਉਪਕਾਰ ਸਿੰਘ ਦੀ ਪ੍ਰਧਾਨਗੀ ਹੇਠ ਨਸ਼ਿਆ ਵਿਰੁੱਧ ਪ੍ਰੋਗਰਾਮ ਅਯੋਜਨ ਕੀਤਾ ਮੁੱਖ ਮਹਿਮਾਨ ਡਾ ਹਰਨੇਕ ਸਿੰਘ ਢੋਟ ਸਹਾਇਕ ਡਾਇਰੈਕਟਰ ਭਾਸ਼ਾ ਵਿਭਾਗ ਸਨ।ਇਸ ਦੀ ਵਿਸੇਸ਼ ਮਹਿਮਾਨ ਗੁਰਿੰਦਰ ਸਿੰਘ ਸੰਧੂ ਸਨ ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਅਧਿਆਪਕਾ ਜੁਗਰੀਤ ਕੌਰ ਨੇ ਸੁਸਾਇਟੀ ਮੈਬਰਾਨ ਨੂੰ ਜੀ ਆਈਆਂ ਨੂੰ ਕਹਿ ਕੇ ਅਰੰਬਤਾ ਕੀਤੀ ਇਸ ਮੋਕੇ ਉਪਕਾਰ ਸਿੰਘ ਨੇ ਕਿਹਾ ਨਸ਼ਿਆ ਵਿਰੁੱਧ ਜਾਗਰੂਕਤਾ ਮੁਹਿੰਮ ਅਸੀ ਕਾਫੀ ਸਮੇਂ ਤੋ ਵੱਖੋ-ਵੱਖ ਸਕੂਲਾ,ਪਿੰਡਾ,ਮਹੱਲੀਆਂ ਵਿੱਚ ਚਲਾਈ ਹੋਈ ਹੈ।ਇਸ ਮੁਹਿੰਮ ਤਹਿਤ ਸਰਕਾਰੀ ਮਿਡਲ ਸਕੂਲ ਚੋਂਹਠ,ਸਮਾਣਾ ਦੇ ਵਿਦਿਆਰਥੀਆ ਨਸ਼ਿਆ ਤੋ ਮਾੜੇ ਪ੍ਰਭਾਵਾਂ ਤੋ ਜਾਗਰੂਕ ਕਰਨਾ ਹੈ।

ਇਸ ਸਮੇ ਜੋ ਪਹਿਲਾ ਹੀ ਨਸ਼ਿਆ ਦੀ ਦਲਦਲ ਵਿੱਚ ਫਸ ਚੁਕੇ ਹਨ।ਇੰਨਾ ਨੂੰ ਨਸ਼ਾ ਛੁਡਾਊ ਮੁੜ ਵਸੇਬਾ ਸੈਂਟਰ ਵਿੱਚ ਭਰਤੀ ਕਰਵਾਕੇ ਨਸ਼ਾ ਛੁਡਵਾਇਆ ਜਾ ਸਕਦਾ ਹੈ।ਸਰਕਾਰ ਵੱਲੋ ਇਸ ਦਾ ਇਲਾਜ ਮੁਫਤ ਕੀਤਾ ਜਾਂਦਾ ਹੈ।ਸਰਕਾਰ ਨੂੰ ਚਾਹੀਦਾ ਹੈ।ਪਿੰਡਾ ਵਿੱਚ ਜੋ ਆਗਣਵਾੜੀ ਵਰਕਰਾਂ ਨੂੰ ਪਿੰਡਾ ਦੇ ਪਹਿਰੇਦਾਰ ਵਜੋਂ ਅੱਗੇ ਲਿਆਉਣਾ ਚਾਹੀਦਾ ਹੈ।ਨੋਜਵਾਨਾ ਦੇ ਕਲੱਬ ਬਣਾਉਣੇ ਚਾਹੀਦੇ ਹਨ।ਤਾਂ ਜੋ ਨਵੀ ਪੀੜੀ ਖੇਡਾ ਵਿੱਚ ਰੁਚੀ ਰੱਖੇ।ਹਰਨੇਕ ਸਿੰਘ ਢੋਟ ਨੇ ਨਸ਼ਿਆ ਤੋ ਖਤਰਨਾਕ ਨਤੀਜਿਆ ਬਾਰੇ ਜਾਣੂ ਕਰਵਾਇਆ। ‘ਨਸ਼ਾ ਛੱਡੋ ਜੀਵਨ ਬਚਾਓ’ ਸਿਹਤਮੰਦ ਪਰਿਵਾਰ ਹੋਣਾ ਚਾਹੀਦਾ।ਗੁਰਿੰਦਰ ਸਿੰਘ ਸੰਧੂ ਨੇ ਦੱਸਿਆ ਕੀ ਸਾਡੀ ਸੁਸਾਇਟੀ ਦਾ ਮੁੱਖ ਮਕਸਦ ਨਸ਼ਿਆ ਤੋ ਵੱਧ ਰਹੇ ਪ੍ਰਕੋਪ ਪ੍ਰਤੀ ਆਮ ਲੋਕਾਂ ਨੂੰ ਸੁਚੇਤ ਕਰਨਾਂ ਨਸ਼ਿਆ ਨਾਲ ਹੋਣ ਵਾਲੇ ਸਰੀਰਕ, ਮਾਨਸਿਕ, ਸਮਾਜਿਕ ਅਤੇ ਆਰਥਿਕ ਨੁਕਸਾਨਾਂ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਪਿੰਡਾ, ਮਹੱਲੀਆਂ ’ਚ ਨਸ਼ਿਆ ਵਿਰੋਧੀ ਮਹੌਲ ਤਿਆਰ ਕਰਨਾ ਹੈ।ਇਸ ਰੈਲੀ ਵਿੱਚ ਸਮੂਹ ਸਟਾਫ ਤੇ ਵਿਦਿਆਰਥੀਆ ਨੇ ਭਾਗ ਲਿਆ।

# ਪੀ.ਆਰ.ਟੀ.ਸੀ. ਪੈਨਸ਼ਨਰਜ਼ ਐਸੋਸੀਏਸ਼ਨ ਦਾ ਵ.ਫਦ ਪੀ.ਆਰ.ਟੀ.ਸੀ. ਦੇ ਚੇਅਰਮੈਨ ਨੂੰ ਮਿਲਿਆ



**ਪਟਿਆਲਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀ.ਆਰ.ਟੀ.ਸੀ. ਪਟਿਆਲਾ ਡਿਪੂ ਪੈਨਸ਼ਨਰਜ਼ ਐਸੋਸੀਏਸ਼ਨ ਦਾ ਵਫਦ ਸ੍ਰੀ ਜ਼ੋਗਿੰਦਰ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਨਵ ਨਿਯੁਕਤ ਚੇਅਰਮੈਨ ਸ੍ਰੀ ਹਰਪਾਲ ਸਿੰਘ ਜੁਨੇਜਾ ਜੀ ਨੂੰ ਮਿਲਿਆ ਅਤੇ ਪੀ.ਆਰ.ਟੀ.ਸੀ. ਪੈਨਸ਼ਨਰਾਂ ਨੂੰ ਸਮੇਂ ਸਿਰ ਪੈਨਸ਼ਨ ਨਾ ਮਿਲਣ ਕਰਕੇ ਜਾਣੂ ਕਰਵਾਇਆ ਗਿਆ ਅਤੇ ਮਾਨਯੋਗ ਚੇਅਰਮੈਨ ਸਾਹਿਬ ਨੇ ਭਰੋਸਾ ਦਿਵਾਇਆ ਕਿ ਬਹੁਤ ਜਲਦ ਹੀ ਪੀ.ਆਰ.ਟੀ.ਸੀ. ਵਿੱਚ ਕੰਮ ਕਰ ਰਹੇ ਕਰਮਚਾਰੀਆਂ ਨੂੰ ਤਨਖਾਹ ਅਤੇ ਪੈਨਸ਼ਨਰਾਂ ਨੂੰ ਪੈਨਸ਼ਨ ਸਮੇਂ ਸਿਰ ਪਾਉਣਾ ਪਹਿਲ ਆਧਾਰ ਤੇ ਯਕੀਨੀ ਬਣਾਇਆ ਜਾ ਰਿਹਾ ਹੈ। ਇਸ ਦੇ ਰਿਜਲਟ ਕੁੱਝ ਦੇਰ ਬਾਅਦ ਆਪ ਸਭ ਨੂੰ ਪਤਾ ਚੱਲ ਜਾਣਗੇ। ਇਹ ਵੀ ਕਿਹਾ ਤੁਹਾਡੇ ਰਾਹੀਂ ਜੇਕਰ ਅੱਗੇ ਤੋਂ ਕੋਈ ਪੈਨਸ਼ਨ ਤਨਖਾਹ ਲੇਟ ਹੁੰਦੀ ਹੈ ਤਾਂ ਤੁਸੀਂ ਇਸ ਸਬੰਧ ਵਿੱਚ ਆ ਕੇ ਮੈਨੂੰ ਮਿਲ ਸਕਦੇ ਹੋ।

ਮੀਟਿੰਗ ਵਿੱਚ ਸਰਵ ਸ੍ਰੀ ਜ਼ੋਗਿੰਦਰ ਸਿੰਘ ਪ੍ਰਧਾਨ, ਸ਼ਿਵ ਕੁਮਾਰ ਸ਼ਰਮਾ ਸਕੱਤਰ ਜਨਰਲ, ਸੁਖਦੇਵ ਸਿੰਘ ਭੁੱਪਾ ਅਤੇ ਨਿਰਪਾਲ ਸਿੰਘ ਸ਼ਾਮਲ ਸਨ। ਮੀਟਿੰਗ ਉਪਰੰਤ ਸ੍ਰੀ ਹਰਪਾਲ ਸਿੰਘ ਜੁਨੇਜਾ ਚੇਅਰਮੈਨ ਜੀ ਨੂੰ ਬੁੱਕਾ ਦੇ ਕੇ ਸਨਮਾਨਿਤ ਕੀਤਾ ਗਿਆ।

# ਹਰਪਾਲ ਜਨੇਜਾ ਨੂੰ ਚੇਅਰਮੈਨ ਪੀਆਰਟੀਸੀ ਲੱਗਣ ’ਤੇ ਦਿੱਤੀਆਂ ਮੁਬਾਰਕਾਂ

**ਪਟਿਆਲਾ, 10 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਚੇਅਰਮੈਨ ਮਾਰਕੀਟ ਕਮੇਟੀ ਪਟਿਆਲਾ ਅਸ਼ੋਕ ਸਿਰਸਵਾਲ ਨੇ ਹਰਪਾਲ ਜਨੇਜਾ ਨੂੰ ਚੇਅਰਮੈਨ ਪੀਆਰਟੀਸੀ ਲੱਗਣ ਤੇ ਮੁਬਾਰਕਾਂ ਦਿੱਤੀਆਂ ਇਸ ਮੌਕੇ ਅਸ਼ੋਕ ਸਿਰਸਵਾਲ ਨੇ ਕਿਹਾ ਕਿ ਜਨੇਜਾ ਪਰਿਵਾਰ ਇੱਕ ਉੱਗੇ ਸਮਾਜ ਸੇਵਕ ਹਨ ਪਾਰਟੀ ਵੱਲੋਂ ਉਨ ?ਾਂ ਨੂੰ ਦਿੱਤੀ ਗਈ ਜਿੰਮੇਵਾਰੀ ਦਾ ਆਮ ਆਦਮੀ ਪਾਰਟੀ ਦੀ ਹਾਈ ਕਮਾਂਡ ਦਾ ਦਿਲੋਂ ਧੰਨਵਾਦ ਕਰਦਾ ਹਾਂ ਹਰਪਾਲ ਜਨੇਜਾ ਪੀ.ਆਰ.ਟੀ.ਸੀ ਦੀ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਕਰਨਗੇ ਜਿਥੇ ਚੈਰਮੇਮਨ ਅਸ਼ੋਕ ਸਿਰਸਵਾਲ ਨੇ ਹਰਪਾਲ ਜਨੇਜਾ ਜੀ ਨੂੰ ਚੇਅਰਮੈਨ ਪੀ.ਆਰ.ਟੀ.ਸੀ ਲਗਾਉਂਣ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ,ਸ੍ਰੀ ਅਰਵਿੰਦ ਕੇਜਰੀਵਾਲ ਸਪਰਿਮੋ ਆਮ ਆਦਮੀ ਪਾਰਟੀ ,ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਜੀ ਦਾ ਧਨਬਾਦ ਕੀਤਾ ਉਥੇ ਹੀ ਮੈਂਬਰ ਬ੍ਰਾਹਮਣ ਭਲਾਈ ਬੋਰਡ ਪੰਜਾਬ ਸ਼ਵਿੰਦਰ ਧਨੰਜੇ ਨੇ ਭੀ ਜਨੇਜਾ ਪਰੀਵਾਰ ਨੂੰ ਮਾਰਬਰਕਬਾਦ ਦਿੱਤੀ ਅਤੇ ਪਾਰਟੀ ਹਾਈ ਕਮਾਨ ਦਾ ਧਨਬਾਦ ਕੀਤਾ ਤੇ ਕਿਹਾ ਮਹਿਨਤ ਕਸ ਵਰਕਰਾਂ ਨੂੰ ਮਾਨ ਸਨਮਾਨ ਮਿਲਦਾ ਰਿਹਾ ਅਤੇ ਮਿਲਦਾ ਰਹੇ ਗਾ ਇਸ ਮੌਕੇ ’ਤੇ ਸ ਬਲਵਿੰਦਰ ਸਿੰਘ ਅਤੇ ਅਜੇ ਕੁਮਾਰ ,ਰਾਹੁਲ ਧੀਮਾਨ ,ਸਤਿੰਦਰ ਭਾਰਦਵਾਜ ਭੀ ਮਜੂਦ ਰਹੇ।



# ਜਥੇਦਾਰ ਟੇਕ ਸਿੰਘ ਧਨੌਲਾ ਦੀ ਹਾਜ਼ਰੀ 'ਚ ਪਿੰਡ ਵਾਸੀਆਂ ਵੱਲੋਂ ਪੁਲਸ ਨੂੰ ਦੋ ਦਿਨ ਦਾ ਅਲਟੀਮੇਟਮ

ਕੌਮੀ ਪੱਤ੍ਰਿਕਾ

ਮਹਿਲ ਕਲਾਂ 10 ਫਰਵਰੀ। ਵਿਧਾਨ ਸਭਾ ਹਲਕਾ ਮਹਿਲ ਕਲਾਂ ਅਧੀਨ ਪੈਂਦੇ ਇਤਿਹਾਸਿਕ ਪਿੰਡ ਠੀਕਰੀਵਾਲਾ ਵਿਖੇ ਅਮਰ ਸ਼ਹੀਦ ਸਰਦਾਰ ਸੇਵਾ ਸਿੰਘ ਠੀਕਰੀਵਾਲਾ ਦੇ ਬਰਸੀ ਸਮਾਗਮਾਂ ਦੌਰਾਨ ਪਵਿੱਤਰ ਗੁਟਕਾ ਸਾਹਿਬ ਦੇ ਅੰਗਾਂ ਦੀ ਹੋਈ ਬੇਅਦਬੀ ਦਾ ਮਾਮਲਾ ਲਗਾਤਾਰ ਭਖਦਾ ਜਾ ਰਿਹਾ ਹੈ। ਇਸ ਮਾਮਲੇ ਨੂੰ ਲੈ ਕੇ ਪਿੰਡ ਵਾਸੀਆਂ ਵਿੱਚ ਭਾਰੀ ਰੋਸ ਹੈ ਅਤੇ ਲੋਕ ਪੁਲਿਸ ਵੱਲੋਂ ਹੁਣ ਤੱਕ ਕੀਤੀ ਗਈ ਕਾਰਵਾਈ ਤੋਂ ਸੰਤੁਸ਼ਟ ਨਜ਼ਰ ਨਹੀਂ ਆ ਰਹੇ। ਵੀਰਵਾਰ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਟੇਕ ਸਿੰਘ ਧਨੌਲਾ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਪੁੱਜੇ, ਜਿੱਥੇ ਉਨ੍ਹਾਂ ਨੇ ਪਿੰਡ ਵਾਸੀਆਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਨਾਲ ਮੀਟਿੰਗ ਕਰਕੇ ਪੂਰੀ ਘਟਨਾ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ। ਪਿੰਡ ਵਾਸੀਆਂ ਨੇ ਜਥੇਦਾਰ ਸਾਹਿਬ ਨੂੰ ਦੱਸਿਆ ਕਿ ਬੇਅਦਬੀ ਮਾਮਲੇ ਵਿਚ ਪਿੰਡ ਦੇ ਦੋ ਵਿਅਕਤੀਆਂ ਦੀ ਗ੍ਰਿਫ਼ਤਾਰੀ ਹੋਣ ਦੇ ਬਾਵਜੂਦ ਵੀ ਪਿੰਡ ਦੀਆਂ ਗਲੀਆਂ ਵਿਚ ਗੁਟਕਾ ਸਾਹਿਬ ਦੇ ਅੰਗ ਖਿਲਰੇ ਮਿਲਣੇ ਇਸ ਗੱਲ ਵੱਲ ਇਸ਼ਾਰਾ ਕਰਦੇ ਹਨ ਕਿ ਇਸ ਘਟਨਾ ਪਿੱਛੇ ਹੋਰ ਵੀ ਸ਼ਰਾਰਤੀ ਅਨਸਰ ਸ਼ਾਮਿਲ ਹੋ ਸਕਦੇ ਹਨ। ਇਸ ਮੌਕੇ ਗੱਲਬਾਤ ਕਰਦਿਆਂ ਜਥੇਦਾਰ ਟੇਕ ਸਿੰਘ ਧਨੌਲਾ ਨੇ ਕਿਹਾ ਕਿ ਪੰਜਾਬ ਵਿਚ ਵਾਪਰ ਰਹੀਆਂ ਬੇਅਦਬੀ ਦੀਆਂ ਲਗਾਤਾਰ ਘਟਨਾਵਾਂ ਸਿਰਫ਼ ਇਤਫ਼ਾਕ ਨਹੀਂ ਹਨ, ਬਲਕਿ ਇਸ ਪਿੱਛੇ ਕੇਂਦਰੀ ਅਤੇ ਸੂਬਾਈ ਏਜੰਸੀਆਂ ਦੀ ਸਾਜ਼ਿਸ਼ ਹੋ ਸਕਦੀ ਹੈ,



ਜੋ ਪੰਜਾਬ ਦਾ ਮਾਹੌਲ ਖ਼ਰਾਬ ਰੱਖਣਾ ਚਾਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨਾਲ ਖੇਡਣਾ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜਥੇਦਾਰ ਧਨੌਲਾ ਦੀ ਹਾਜ਼ਰੀ ਵਿਚ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪਿੰਡ ਵਾਸੀਆਂ ਨੇ ਪੁਲਸ ਪ੍ਰਸ਼ਾਸਨ ਨੂੰ ਦੋ ਦਿਨਾਂ ਦਾ ਸਮਾਂ ਦਿੰਦਿਆਂ ਸਪੱਸ਼ਟ ਚੇਤਾਵਨੀ ਦਿੱਤੀ ਕਿ ਜੇਕਰ ਇਸ ਮਿਆਦ ਦੌਰਾਨ ਦੋਸ਼ੀਆਂ ਦੀ ਗਿਣਤੀ ਵਧਾ ਕੇ ਅਸਲ ਸਾਜ਼ਿਸ਼ ਬੇਨਕਾਬ ਨਾ ਕੀਤੀ ਗਈ ਤਾਂ ਤਿੱਖਾ ਸੰਘਰਸ਼ ਛੇੜਿਆ ਜਾਵੇਗਾ। ਪਿੰਡ ਵਾਸੀਆਂ ਨੇ ਇਹ ਵੀ ਡਰ ਜਤਾਇਆ ਕਿ ਕਿਤੇ ਇਹ ਮਾਮਲਾ ਪਹਿਲਾਂ ਹੋਈਆਂ ਬੇਅਦਬੀ ਘਟਨਾਵਾਂ ਵਾਂਗ ਸਿਰਫ਼ ਕੁਝ ਵਿਅਕਤੀਆਂ 'ਤੇ ਕਾਰਵਾਈ ਕਰਕੇ ਠੰਡੇ ਬਸਤੇ ਵਿੱਚ ਨਾ ਪਾ ਦਿੱਤਾ ਜਾਵੇ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਬੇਅਦਬੀ ਜਿਹੀ ਮੰਦਭਾਗੀ ਘਟਨਾ ਤਾਂ ਆਪਣੇ ਆਪ ਵਿੱਚ ਹੀ ਨਿੰਦਣਯੋਗ ਹੈ, ਪਰ ਸ਼ਹੀਦ ਸਰਦਾਰ ਸੇਵਾ ਸਿੰਘ ਠੀਕਰੀਵਾਲਾ ਦੇ ਬਰਸੀ ਸਮਾਗਮਾਂ ਦੌਰਾਨ ਅਜਿਹੀ ਘਟਨਾ ਵਾਪਰਨਾ ਪਿੰਡ ਦੀ ਸਾਂਝੀ ਆਤਮਾ 'ਤੇ ਗਹਿਰਾ ਜ਼ਖ਼ਮ ਹੈ। ਇਸ ਕਰਕੇ ਲੋਕ ਮੰਗ ਕਰ ਰਹੇ ਹਨ ਕਿ ਸਾਰੇ ਦੋਸ਼ੀਆਂ ਨੂੰ ਬੇਨਕਾਬ ਕਰਕੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ। ਦੂਜੇ ਪਾਸੇ ਪੁਲਿਸ ਅਧਿਕਾਰੀਆਂ ਵੱਲੋਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਗਿਆ ਹੈ ਕਿ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਕੋਈ ਵੀ ਦੋਸ਼ੀ ਬਖ਼ਸ਼ਿਆ ਨਹੀਂ ਜਾਵੇਗਾ। ਪੁਲਿਸ ਦੇ ਇਸ ਭਰੋਸੇ ਤੋਂ ਬਾਅਦ ਹੀ ਪਿੰਡ ਵਾਸੀਆਂ ਨੇ ਦੋ ਦਿਨਾਂ ਦਾ ਹੋਰ ਸਮਾਂ ਦਿੱਤਾ ਹੈ, ਜਿਸ ਤੋਂ ਬਾਅਦ ਵੱਡੀ ਮੀਟਿੰਗ ਬੁਲਾ ਕੇ ਅਗਲੇ ਸੰਘਰਸ਼ ਦੀ ਰੂਪਰੇਖਾ ਤੈਅ ਕੀਤੀ ਜਾਵੇਗੀ। ਇਸ ਮੌਕੇ ਜਥੇਦਾਰ ਟੇਕ ਸਿੰਘ ਧਨੌਲਾ ਨੇ ਇਹ ਵੀ ਕਿਹਾ ਕਿ ਘਟਨਾ ਸਬੰਧੀ ਸਮੇਂ ਸਿਰ ਉੱਚ ਅਧਿਕਾਰੀਆਂ ਨੂੰ ਸੂਚਨਾ ਨਾ ਦੇਣ ਕਾਰਨ ਧਰਮ ਪ੍ਰਚਾਰ ਕਮੇਟੀ ਦੇ ਦੋ ਪ੍ਰਚਾਰਕਾਂ ਖ਼?ਲਾਫ਼ ਵੀ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਕਾਨੂੰਨੀ ਲੜਾਈ ਲਈ ਹਰ ਪੱਧਰ 'ਤੇ ਮਦਦ ਕੀਤੀ ਜਾਵੇਗੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮਹਿਲ ਕਲਾਂ ਨਾਥ ਸਿੰਘ ਹਮੀਦੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਨੇਜਰ ਸੁਰਜੀਤ ਸਿੰਘ ਠੀਕਰੀਵਾਲਾ, ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਹਾਜ਼ਰ ਨ।

## ਕਫ ਸਿਰਪ ਮਾਮਲੇ ਦੇ ਮੁੱਖ ਦੋਸ਼ੀ ਦੀ 28 ਲੱਖ ਰੁਪਏ ਤੋਂ ਵੱਧ ਦੀ ਜਾਇਦਾਦ ਕੁਰਕ

ਵਾਰਾਣਸੀ/ਸੋਨਭੱਦਰ 10 ਫਰਵਰੀ। ਉੱਤਰ ਪ੍ਰਦੇਸ਼ ਦੀ ਸੋਨਭੱਦਰ ਜ਼ਿਲ੍ਹਾ ਪੁਲਸ ਨੇ ਕੋਡੀਨਯੁਕਤ ਕਫ ਸਿਰਪ ਦੇ ਕਾਰੋਬਾਰ ਵਿਰੁੱਧ ਇਕ ਵੱਡੀ ਕਾਰਵਾਈ ਅੰਜਾਮ ਦਿੱਤੀ ਹੈ। ਪੁਲਸ ਨੇ ਇਸ ਸਿੰਡੀਕੇਟ ਦੇ ਮੁੱਖ ਮੁਲਜ਼ਮ ਭੋਲਾ ਜਾਇਸਵਾਲ ਦੀ ਵਾਰਾਣਸੀ ਸਥਿਤ ਲਗਭਗ 28 ਕਰੋੜ 50 ਲੱਖ ਰੁਪਏ ਦੀ ਜਾਇਦਾਦ ਕੁਰਕ ਕਰ ਲਈ ਹੈ। ਇਹ ਕਾਰਵਾਈ ਸੋਨਭੱਦਰ ਦੇ ਪੁਲਸ ਖੇਤਰ ਅਧਿਕਾਰੀ (ਸੀ.ਓ.) ਰਣਧੀਰ ਮਿਸ਼ਰਾ ਦੀ ਅਗਵਾਈ 'ਚ ਵਾਰਾਣਸੀ ਦੇ ਤਿੰਨ ਵੱਖ-ਵੱਖ ਸਥਾਨਾਂ 'ਤੇ ਕੀਤੀ ਗਈ। ਪੁਲਸ ਅਨੁਸਾਰ, ਮੁਲਜ਼ਮ ਭੋਲਾ ਜਾਇਸਵਾਲ ਵਾਰਾਣਸੀ ਦੇ ਆਦਮਪੁਰ ਥਾਣਾ ਖੇਤਰ ਦੇ ਪ੍ਰਹਲਾਦ ਘਾਟ ਦਾ ਰਹਿਣ ਵਾਲਾ ਹੈ। ਉਸ ਨੂੰ ਕੁਝ ਸਮਾਂ ਪਹਿਲਾਂ ਕੋਲਕਾਤਾ ਹਵਾਈ ਅੱਡੇ ਤੋਂ ਉਸ ਸਮੇਂ ਗ੍ਰਿਫ਼ਤਾਰ ਕੀਤਾ ਗਿਆ ਸੀ ਜਦੋਂ ਉਹ ਵਿਦੇਸ਼ ਭੱਜਣ ਦੀ ਫਿਰਾਕ 'ਚ ਸੀ।



ਵਿਸ਼ੇਸ਼ ਜਾਂਚ ਟੀਮ ਦੀ ਜਾਂਚ 'ਚ ਇਹ ਗੱਲ ਸਾਹਮਣੇ ਆਈ ਸੀ ਕਿ ਜਾਇਸਵਾਲ ਇਕ ਸੰਗਠਿਤ ਸਿੰਡੀਕੇਟ ਚਲਾ ਰਿਹਾ ਸੀ, ਜਿਸ ਰਾਹੀਂ ਉਸ ਨੇ ਕਫ ਸਿਰਪ ਦੇ ਨਜਾਇਜ਼ ਧੰਦੇ ਤੋਂ ਕਰੋੜਾਂ ਰੁਪਏ ਦੀ ਜਾਇਦਾਦ ਇਕੱਠੀ ਕੀਤੀ ਸੀ। ਸੋਨਭੱਦਰ ਦੇ ਪੁਲਸ ਸੁਪਰਡੈਂਟ ਅਭਿਸ਼ੇਕ ਵਰਮਾ ਨੇ ਦੱਸਿਆ ਕਿ ਅਦਾਲਤ ਨੇ ਲੋੜੀਂਦੇ ਸਬੂਤਾਂ ਦੇ ਆਧਾਰ 'ਤੇ ਵੀਰਵਾਰ ਨੂੰ ਜਾਇਦਾਦ ਕੁਰਕ ਕਰਨ ਦੇ ਹੁਕਮ ਜਾਰੀ ਕੀਤੇ ਸਨ। ਇਸ ਤੋਂ ਬਾਅਦ ਵਾਰਾਣਸੀ ਦੇ ਜ਼ਿਲ੍ਹਾ ਮੈਜਿਸਟਰੇਟ ਅਤੇ ਸਥਾਨਕ ਪ੍ਰਸ਼ਾਸਨ ਦੇ ਸਹਿਯੋਗ ਨਾਲ ਇਹ ਜ਼ਬਤੀ ਦੀ ਕਾਰਵਾਈ ਪੂਰੀ ਕੀਤੀ ਗਈ। ਪੁਲਸ ਨੇ ਸਪੱਸ਼ਟ ਕੀਤਾ ਹੈ ਕਿ ਨਸ਼ੀਲੇ ਕਫ ਸਿਰਪ ਦੇ ਕਾਰੋਬਾਰ 'ਚ ਸ਼ਾਮਲ ਹੋਰ ਲੋਕਾਂ ਖ਼?ਲਾਫ਼ ਵੀ ਸਖ਼ਤ ਕਾਰਵਾਈ ਜਾਰੀ ਰਹੇਗੀ। ਇਹ ਮਾਮਲਾ ਉੱਤਰ ਪ੍ਰਦੇਸ਼ ਵਿਧਾਨ ਸਭਾ ਦੇ ਸਰਦ ਰੁੱਤ ਇਜਲਾਸ ਦੌਰਾਨ ਵੀ ਚਰਚਾ ਦਾ ਵਿਸ਼ਾ ਬਣਿਆ ਰਿਹਾ। ਜਿੱਥੇ ਵਿਰੋਧੀ ਧਿਰ ਨੇ ਸਰਕਾਰ ਨੂੰ ਘੇਰਨ ਦੀ ਕੋਸ਼ਿਸ਼ ਕੀਤੀ, ਉੱਥੇ ਹੀ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਸਦਨ 'ਚ ਦੱਸਿਆ ਕਿ ਸੂਬੇ 'ਚ ਇਸ ਮਾਮਲੇ 'ਚ ਹੁਣ ਤੱਕ 79 ਕੇਸ ਦਰਜ ਕੀਤੇ ਗਏ ਹਨ ਅਤੇ 78 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ 134 ਫਰਮਾਂ 'ਤੇ ਛਾਪੇਮਾਰੀ ਕੀਤੀ ਗਈ ਹੈ ਅਤੇ ਐਸ.ਟੀ.ਐਫ. ਵੱਲੋਂ ਕੀਤੀ ਜਾ ਰਹੀ ਡੂੰਘੀ ਜਾਂਚ 'ਚ ਕਈ ਹੋਰ ਸਿਆਸੀ ਸਬੰਧ ਵੀ ਸਾਹਮਣੇ ਆ ਸਕਦੇ ਹਨ।

## 700 ਕਿਲੋ ਨਕਲੀ ਪਨੀਰ ਬਰਾਮਦ, ਜੈਪੁਰ 'ਚ ਮਿਲਾਵਟਖੋਰੀ ਖਿਲਾਫ ਵੱਡੀ ਕਾਰਵਾਈ

ਜੈਪੁਰ 10 ਫਰਵਰੀ। ਰਾਜਸਥਾਨ ਦੀ ਰਾਜਧਾਨੀ ਜੈਪੁਰ 'ਚ ਖੁਰਾਕ ਸੁਰੱਖਿਆ ਅਧਿਕਾਰੀਆਂ ਨੇ ਮਿਲਾਵਟਖੋਰੀ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ। ਸ਼ਨੀਵਾਰ ਨੂੰ ਕੀਤੀ ਗਈ ਇਸ ਕਾਰਵਾਈ ਦੌਰਾਨ ਅਧਿਕਾਰੀਆਂ ਨੇ 700 ਕਿਲੋ ਮਿਲਾਵਟੀ ਪਨੀਰ ਜ਼ਬਤ ਕਰਕੇ ਉਸਨੂੰ ਮੌਕੇ 'ਤੇ ਹੀ ਨਸ਼ਟ ਕਰ ਦਿੱਤਾ। ਤਹਿਤ ਛਾਪੇਮਾਰੀ ਫੂਡ ਸੇਫਟੀ ਕਮਿਸ਼ਨਰ ਟੀ. ਸ਼ੁਭਮੰਗਲਾ ਨੇ ਦੱਸਿਆ ਕਿ ਇਹ ਕਾਰਵਾਈ ਸੂਬੇ ਵਿੱਚ ਚੱਲ ਰਹੀ 'ਸ਼ੁੱਧ ਆਹਾਰ, ਮਿਲਾਵਟ ਪਰ ਵਾਰ' ਮੁਹਿੰਮ ਦੇ ਹਿੱਸੇ ਵਜੋਂ ਕੀਤੀ ਗਈ ਹੈ। ਖੁਰਾਕ ਸੁਰੱਖਿਆ ਅਫ਼ਸਰਾਂ ਦੀ ਟੀਮ ਨੇ ਸ਼ਾਸਤਰੀ ਨਗਰ ਦੇ ਭੱਟਾ ਬਸਤੀ ਇਲਾਕੇ 'ਚ ਸਥਿਤ 'ਬਰਸਾਨਾ ਪਨੀਰ ਭੰਡਾਰ' ਦੇ ਗੋਦਾਮ 'ਤੇ ਛਾਪਾ ਮਾਰਿਆ, ਜਿੱਥੇ ਇਹ ਭਾਰੀ ਮਾਤਰਾ 'ਚ ਮਿਲਾਵਟੀ ਪਨੀਰ ਬਰਾਮਦ ਹੋਇਆ। ਸੈਂਪਲ ਲਏ ਗਏ: ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ ਦੇ ਨਿਯਮਾਂ ਅਨੁਸਾਰ ਪਨੀਰ ਦੇ ਸੈਂਪਲ ਭਰ ਕੇ ਜਾਂਚ ਲਈ ਲੈਬਾਰਟਰੀ ਭੇਜ ਦਿੱਤੇ ਗਏ ਹਨ। ਸਸਤੇ ਭਾਅ 'ਤੇ ਸਪਲਾਈ: ਗੋਦਾਮ ਦੇ ਮਾਲਕ ਮੁਸ਼ਤਾਕ ਨੇ ਖੁਲਾਸਾ ਕੀਤਾ ਕਿ ਇਹ ਪਨੀਰ ਅਲਵਰ ਤੋਂ ਮੰਗਵਾਇਆ ਗਿਆ ਸੀ ਅਤੇ ਜੈਪੁਰ ਦੇ ਸਥਾਨਕ ਵਿਕਰੇਤਾਵਾਂ ਨੂੰ 200 ਤੋਂ 220 ਰੁਪਏ ਪ੍ਰਤੀ ਕਿਲੋ ਦੇ ਹਿਸਾਬ ਨਾਲ ਵੇਚਿਆ ਜਾ ਰਿਹਾ ਸੀ। ਮਾਲਕ ਦਾ ਇਕਬਾਲੀਆ ਬਿਆਨ: ਕਮਿਸ਼ਨਰ ਅਨੁਸਾਰ, ਗੋਦਾਮ ਮਾਲਕ ਨੇ ਮੰਨਿਆ ਹੈ ਕਿ ਇਹ ਪਨੀਰ ਮਿਲਾਵਟੀ ਸੀ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਫਿਲਹਾਲ ਸਾਰਾ ਸਟਾਕ ਨਸ਼ਟ ਕਰ ਦਿੱਤਾ ਗਿਆ ਹੈ ਅਤੇ ਲੈਬਾਰਟਰੀ ਦੀ ਰਿਪੋਰਟ ਆਉਣ ਤੋਂ ਬਾਅਦ ਦੋਸ਼ੀਆਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਨਾਬਾਲਗ ਨਾਲ ਜਬਰ-ਜ਼ਿਨਾਹ ਦੇ ਮਾਮਲੇ 'ਚ ਠਾਣੇ ਦੀ ਅਦਾਲਤ ਦਾ ਸਖ਼ਤ ਫੈਸਲਾ

ਠਾਣੇ 10 ਫਰਵਰੀ। ਮਹਾਰਾਸ਼ਟਰ ਦੇ ਠਾਣੇ ਜ਼ਿਲ੍ਹੇ ਦੀ ਇੱਕ ਵਿਸ਼ੇਸ਼ ਅਦਾਲਤ ਨੇ 17 ਸਾਲਾ ਨਾਬਾਲਗ ਲੜਕੀ ਨਾਲ ਵਾਰ-ਵਾਰ ਜਬਰ-ਜ਼ਿਨਾਹ ਕਰਨ ਅਤੇ ਉਸ ਨੂੰ ਗਰਭਵਤੀ ਕਰਨ ਦੇ ਸੰਗੀਨ ਜ਼ੁਰਮ ਵਿੱਚ ਇੱਕ 23 ਸਾਲਾ ਨੌਜਵਾਨ ਨੂੰ 20 ਸਾਲ ਦੀ



ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਮਾਮਲੇ ਦੀ ਜਾਣਕਾਰੀ ਅਨੁਸਾਰ, ਭਾਇੰਦਰ ਪੂਰਬ ਦੇ ਰਹਿਣ ਵਾਲੇ ਦੋਸ਼ੀ ਗੌਰਾਂਗ ਗਿਰੀਸ਼ ਕੰਥਾਰੀਆ ਨੇ ਸਾਲ 2021 ਵਿੱਚ ਪੀੜਤਾ ਨਾਲ ਦੋਸਤੀ ਕੀਤੀ ਸੀ। ਦੋਸ਼ੀ ਨੇ ਲੜਕੀ ਨੂੰ ਵਿਆਹ ਦਾ ਝਾਂਸਾ ਦਿੱਤਾ ਅਤੇ ਉਸ ਨਾਲ ਕਈ ਵਾਰ ਜਬਰ-ਜ਼ਿਨਾਹ ਕੀਤਾ। ਇਸ ਕਾਰਨ ਲੜਕੀ ਗਰਭਵਤੀ ਹੋ ਗਈ ਅਤੇ ਉਸ ਨੇ 15 ਅਗਸਤ, 2023 ਨੂੰ ਇੱਕ ਬੇਟੇ ਨੂੰ ਜਨਮ ਦਿੱਤਾ। ਇਸ ਸਬੰਧੀ 30 ਜਨਵਰੀ, 2022 ਨੂੰ ਪੁਲਸ ਕੋਲ ਮਾਮਲਾ ਦਰਜ ਕਰਵਾਇਆ ਗਿਆ ਸੀ। ਅਦਾਲਤ ਸੁਣਵਾਈ ਦੌਰਾਨ ਬਚਾਅ ਪੱਖ ਨੇ ਦਲੀਲ ਦਿੱਤੀ ਸੀ ਕਿ ਇਹ ਰਿਸ਼ਤਾ ਆਪਸੀ ਸਹਿਮਤੀ ਨਾਲ ਸੀ, ਪਰ ਵਿਸ਼ੇਸ਼ ਪੋਕਸੋ ਅਦਾਲਤ ਦੀ ਜੱਜ ਰੂਬੀ ਯੂ. ਮਾਲਵੰਕਰ ਨੇ ਇਸ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ। ਅਦਾਲਤ ਨੇ ਆਪਣੇ ਫੈਸਲੇ ਵਿੱਚ ਕਿਹਾ ਕਿ ਇਹ ਸਾਬਤ ਹੋ ਚੁੱਕਾ ਹੈ ਕਿ ਘਟਨਾ ਦੇ ਸਮੇਂ ਪੀੜਤਾ ਨਾਬਾਲਗ ਸੀ। ਸਥਾਪਿਤ ਕਾਨੂੰਨ ਅਨੁਸਾਰ, ਇੱਕ ਨਾਬਾਲਗ ਕਿਸੇ ਵੀ ਤਰ੍ਹਾਂ ਦਾ ਇਕਰਾਰਨਾਮਾ ਕਰਨ ਦੇ ਅਯੋਗ ਹੁੰਦਾ ਹੈ ਅਤੇ ਸਹਿਮਤੀ ਦੇਣ ਦੇ ਸਮਰੱਥ ਨਹੀਂ ਹੁੰਦਾ, ਇਸ ਲਈ ਕਾਨੂੰਨ ਦੀ ਨਜ਼ਰ ਵਿੱਚ ਨਾਬਾਲਗ ਦੀ ਸਹਿਮਤੀ ਦੀ ਕੋਈ ਮਾਨਤਾ ਨਹੀਂ ਹੈ। ਪ੍ਰੌਸੀਕਿਊਸ਼ਨ ਨੇ ਦੋਸ਼ਾਂ ਨੂੰ ਸਾਬਤ ਕਰਨ ਲਈ ਤਿੰਨ ਗਵਾਹ ਪੇਸ਼ ਕੀਤੇ ਸਨ। ਅਦਾਲਤ ਨੇ ਦੋਸ਼ੀ ਨੂੰ ਆਈ.ਪੀ.ਸੀ. ਦੀ ਧਾਰਾ 376(2)(✪) ਅਤੇ ਪੋਕਸੋ ਐਕਟ ਤਹਿਤ ਦੋਸ਼ੀ ਕਰਾਰ ਦਿੱਤਾ। ਹਾਲਾਂਕਿ ਦੋਸ਼ੀ ਨੇ ਆਪਣੀ ਉਮਰ ਅਤੇ ਪਰਿਵਾਰਕ ਜ਼ਿੰਮੇਵਾਰੀਆਂ ਦਾ ਹਵਾਲਾ ਦਿੰਦਿਆਂ ਨਰਮੀ ਦੀ ਅਪੀਲ ਕੀਤੀ ਸੀ, ਪਰ ਅਦਾਲਤ ਨੇ ਅਪਰਾਧ ਦੀ ਗੰਭੀਰਤਾ ਨੂੰ ਦੇਖਦੇ ਹੋਏ ਉਸ ਨੂੰ 20 ਸਾਲ ਦੀ ਸਖ਼ਤ ਸਜ਼ਾ ਅਤੇ 2,000 ਰੁਪਏ ਜੁਰਮਾਨਾ ਅਦਾ ਕਰਨ ਦਾ ਹੁਕਮ ਦਿੱਤਾ। ਇਹ ਜੁਰਮਾਨਾ ਰਾਸ਼ੀ ਪੀੜਤਾ ਨੂੰ ਮੁਆਵਜ਼ੇ ਵਜੋਂ ਦਿੱਤੀ ਜਾਵੇਗੀ।

## ਸੱਟੇਬਾਜ਼ ਘਰ ਪਿਆ ਛਾਪਾ, ਹੱਥ ਲੱਗਾ ਕਰੋੜਾਂ ਦਾ ਖਜ਼ਾਨਾ, ਨੋਟ ਗਿਣ-ਗਿਣ ਥੱਕੇ ਅਧਿਕਾਰੀ

ਕੌਮੀ ਪੱਤ੍ਰਿਕਾ

ਨੈਸ਼ਨਲ ਡੈਸਕ 10 ਫਰਵਰੀ। ਪੁਲਸ ਨੇ 'ਧਨਕੁੱਟੀ' ਦੀਆਂ ਤੰਗ ਗਲੀਆਂ ਵਿੱਚ ਚੱਲ ਰਹੇ ਇੱਕ ਵੱਡੇ ਮਨੀ ਲਾਂਡਰਿੰਗ ਅਤੇ ਸੱਟੇਬਾਜ਼ੀ ਰੈਕੇਟ ਦਾ ਪਰਦਾਫਾਸ਼ ਕੀਤਾ। ਪੁਲਸ ਦੀ ਇਸ ਕਾਰਵਾਈ ਦੌਰਾਨ ਅਧਿਕਾਰੀਆਂ ਦੇ ਉਸ ਸਮੇਂ ਹੋਸ਼ ਉੱਡ ਗਏ, ਜਦੋਂ ਉਨ੍ਹਾਂ ਨੂੰ ਸੱਟੇਬਾਜ਼ ਦੇ ਘਰ ਦੀ ਤਲਾਸ਼ੀ ਦੌਰਾਨ ਕਰੋੜਾਂ ਰੁਪਏ ਮਿਲੇ। ਇਸ ਦੌਰਾਨ ਬਰਾਮਦ ਹੋਏ ਨੋਟਾਂ ਨੂੰ ਗਿਣ-ਗਿਣ ਅਧਿਕਾਰੀ ਵੀ ਥੱਕ ਗਏ। ਇਹ ਮਾਮਲਾ ਉੱਤਰ ਪ੍ਰਦੇਸ਼ ਦੇ ਕਾਨਪੁਰ ਦਾ ਕਲੈਕਟਰਗੰਜ ਇਲਾਕੇ ਤੋਂ ਸਾਹਮਣੇ ਆਇਆ ਹੈ, ਜਿਥੇ ਸੱਟੇਬਾਜ਼ ਦੇ ਘਰੋਂ ਪੁਲਸ ਨੂੰ ਲਗਭਗ 4 ਕਰੋੜ ਰੁਪਏ ਦੀ ਨਾਜਾਇਜ਼ ਜਾਇਦਾਦ ਬਰਾਮਦ ਹੋਈ। ਪੁਲਸ ਕਮਿਸ਼ਨਰ ਦੇ ਨਿਰਦੇਸ਼ਾਂ 'ਤੇ ਏ.ਡੀ.ਸੀ.ਪੀ. ਸੁਮਿਤ ਸੁਧਾਕਰ ਰਾਮਟੇਕੇ ਦੀ ਅਗਵਾਈ ਹੇਠ ਪੁਲਸ ਟੀਮ ਨੇ ਰਾਤ ਕਰੀਬ 8 ਵਜੇ ਰਮਾਕਾਂਤ ਨਾਮਕ ਵਿਅਕਤੀ ਦੇ ਘਰ ਛਾਪਾ ਮਾਰਿਆ। ਪੁਲਸ ਨੂੰ ਪੁਖ਼ਤਾ ਸੂਚਨਾ ਮਿਲੀ ਸੀ ਕਿ ਇਸ ਘਰ ਦੇ ਅੰਦਰੋਂ ਹਵਾਲਾ, ਗੈਰ-ਕਾਨੂੰਨੀ ਟ?ਰੇਡਿੰਗ ਅਤੇ ਸੱਟੇਬਾਜ਼ੀ ਦਾ ਵੱਡਾ ਸਿੰਡੀਕੇਟ ਚਲਾਇਆ ਜਾ ਰਿਹਾ ਹੈ। ਘੇਰਾਬੰਦੀ ਇੰਨੀ ਸਖ਼ਤ ਸੀ ਕਿ ਦੋਸ਼ੀਆਂ ਨੂੰ ਭੱਜਣ ਦਾ ਮੌਕਾ ਨਹੀਂ ਮਿਲਿਆ। ਜਦੋਂ ਪੁਲਸ ਟੀਮ ਕਮਰੇ ਦੇ ਅੰਦਰ ਦਾਖਲ ਹੋਈ, ਤਾਂ ਉੱਥੇ ਨੋਟਾਂ ਦੇ ਢੇਰ ਲੱਗੇ ਹੋਏ ਸਨ ਅਤੇ ਨੋਟ ਗਿਣਨ ਲਈ ਮਸ਼ੀਨਾਂ ਚੱਲ ਰਹੀਆਂ ਸਨ। ਪੁਲਸ ਨੇ ਮੌਕੇ ਤੋਂ 2 ਕਰੋੜ ਰੁਪਏ ਨਕਦ ਤੇ 59 ਕਿੱਲੋ ਚਾਂਦੀ ਬਰਾਮਦ ਕੀਤੀ ਹੈ, ਜਿਸ ਦੀ ਕੀਮਤ ਲਗਭਗ 2 ਕਰੋੜ ਰੁਪਏ ਦੱਸੀ ਜਾ ਰਹੀ ਹੈ। ਏ.ਡੀ.ਸੀ.ਪੀ. ਰਾਮਟੇਕੇ ਨੇ ਦੱਸਿਆ ਕਿ ਇਹ ਗਿਰੋਹ ਹਵਾਲਾ ਤੇ



ਗੈਰ-ਕਾਨੂੰਨੀ ਸੱਟੇਬਾਜ਼ੀ ਰਾਹੀਂ ਕਾਲਾ ਧਨ ਇਕੱਠਾ ਕਰ ਰਿਹਾ ਸੀ। ਪੁਲਸ ਨੇ 5 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਕੋਲੋਂ ਕੁਝ ਸ਼ੱਕੀ ਮੋਬਾਈਲ ਐਪਸ ਤੇ ਟ?ਰੇਡਿੰਗ ਸਾਈਟਾਂ ਦੇ ਲਿੰਕ ਮਿਲੇ ਹਨ, ਜਿਸ ਕਾਰਨ ਇਸ ਧੰਦੇ ਦੇ ਤਾਰ ਵਿਦੇਸ਼ਾਂ ਜਾਂ ਹੋਰ ਰਾਜਾਂ ਨਾਲ ਜੁੜੇ ਹੋਣ ਦਾ ਸ਼ੱਕ ਹੈ। ਪੁਲਸ ਦੀ ਸਾਈਬਰ ਸੈੱਲ ਹੁਣ ਫੜੇ ਗਏ ਮੋਬਾਈਲ ਫੋਨਾਂ ਅਤੇ ਐਪਸ ਦੀ ਜਾਂਚ ਕਰ ਰਹੀ ਹੈ। ਸ਼ੁਰੂਆਤੀ ਪੁੱਛਗਿੱਛ ਵਿੱਚ ਕਈ ਅਹਿਮ ਸੁਰਾਗ ਮਿਲੇ ਹਨ, ਜਿਸ ਤੋਂ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਇਸ ਰੈਕੇਟ ਵਿੱਚ ਸ਼ਹਿਰ ਦੇ ਕਈ ਨਾਮਵਰ ਵਪਾਰੀ ਅਤੇ ਸਫੇਦਪੋਸ਼ ਸ਼ਾਮਲ ਹੋ ਸਕਦੇ ਹਨ। ਪੁਲਸ ਹੁਣ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਇਹ ਪੈਸਾ ਕਿੱਥੋਂ ਆ ਰਿਹਾ ਸੀ ਅਤੇ ਕਿੱਥੇ ਵਰਤਿਆ ਜਾਣਾ ਸੀ।

### ਫਰਨੀਚਰ ਗੋਦਾਮ 'ਚ ਲੱਗੀ ਅੱਗ ਨੇ ਮਚਾਈ ਤਬਾਹੀ: 5 ਲੋਕਾਂ ਦੀ ਮੌਤ, ਕਰੋੜਾਂ ਦਾ ਸਾਮਾਨ ਸੜਿਆ

ਨੈਸ਼ਨਲ ਡੈਸਕ 10 ਫਰਵਰੀ। ਹੈਦਰਾਬਾਦ ਦੇ ਨਾਮਪੱਲੀ ਇਲਾਕੇ ਤੋਂ ਇਕ ਦਰਦਨਾਕ ਖ਼ਬਰ ਸਾਹਮਣੇ ਆਈ ਹੈ, ਜਿੱਥੇ ਇਕ ਚਾਰ ਮੰਜ਼ਿਲਾ ਫਰਨੀਚਰ ਦੀ ਦੁਕਾਨ ਦੀ ਇਮਾਰਤ ਵਿੱਚ ਭਿਆਨਕ ਅੱਗ ਲੱਗਣ ਕਾਰਨ ਇੱਕ ਔਰਤ ਸਮੇਤ ਪੰਜ ਲੋਕਾਂ ਦੀ ਮੌਤ ਹੋ ਗਈ। ਅਧਿਕਾਰੀਆਂ ਅਨੁਸਾਰ ਇਹ ਹਾਦਸਾ ਸ਼ਨੀਵਾਰ ਦੁਪਹਿਰ ਨੂੰ ਵਾਪਰਿਆ ਤੇ ਐਤਵਾਰ ਨੂੰ ਇਮਾਰਤ ਦੇ ਬੇਸਮੈਂਟ ਵਿੱਚੋਂ ਪੰਜ ਲੋਕਾਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਪੁਲਸ, ਫਾਇਰ ਬ੍ਰਿਗੇਡ, ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ ਅਤੇ ਹੈਦਰਾਬਾਦ ਡਿਜ਼ਾਸਟਰ ਰਿਸਪਾਂਸ ਐਂਡ ਐਸੇਟ ਪ੍ਰੋਟੈਕਸ਼ਨ ਏਜੰਸੀ ਨੇ ਸਾਂਝੇ ਤੌਰ 'ਤੇ ਬਚਾਅ ਮੁਹਿੰਮ ਚਲਾਈ। ਹਾਲਾਂਕਿ ਅੱਗ 'ਤੇ ਕਾਬੂ ਪਾ ਲਿਆ ਗਿਆ ਸੀ, ਪਰ ਇਮਾਰਤ ਵਿੱਚੋਂ ਉੱਠ ਰਹੇ ਸੰਘਣੇ ਧੂੰਏਂ ਕਾਰਨ ਬਚਾਅ ਕਾਰਜ ਵਿੱਚ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਜਾਣਕਾਰੀ ਅਨੁਸਾਰ ਇਮਾਰਤ ਦੇ ਬੇਸਮੈਂਟ ਵਿੱਚ ਕਰਮਚਾਰੀਆਂ ਦੇ ਰਹਿਣ ਦਾ ਪ੍ਰਬੰਧ ਕੀਤਾ ਗਿਆ ਸੀ। ਮਰਨ ਵਾਲਿਆਂ ਵਿੱਚ ਇੱਕ ਸੁਰੱਖਿਆ ਗਾਰਡ ਅਤੇ ਸਟਾਫ ਦੇ ਪਰਿਵਾਰਕ ਮੈਂਬਰ ਸ਼ਾਮਲ ਹਨ

## ਆਧਾਰ ਕਾਰਡ ਧਾਰਕਾਂ ਨੂੰ ਤੁਰੰਤ ਮਿਲਣਗੇ 90,000 ਰੁਪਏ

ਕੌਮੀ ਪੱਤ੍ਰਿਕਾ

ਬਿਜ਼ਨੈੱਸ ਡੈਸਕ 10 ਫਰਵਰੀ। ਜੇਕਰ ਤੁਸੀਂ ਛੋਟਾ ਕਾਰੋਬਾਰ ਸ਼ੁਰੂ ਕਰਨਾ ਚਾਹੁੰਦੇ ਹੋ ਪਰ ਫੰਡਾਂ ਦੀ ਘਾਟ ਕਾਰਨ ਅਜਿਹਾ ਕਰਨ ਵਿੱਚ ਅਸਮਰੱਥ ਹੋ, ਤਾਂ ਮੋਦੀ ਸਰਕਾਰ ਨੇ ਇਸ ਉਦੇਸ਼ ਲਈ ਇੱਕ ਵਿਸ਼ੇਸ਼ ਸਹੂਲਤ ਪ੍ਰਦਾਨ ਕੀਤੀ ਹੈ। ਕੋਵਿਡ-19 ਮਹਾਂਮਾਰੀ ਦੌਰਾਨ ਗਲੀ ਵਿਕਰੇਤਾਵਾਂ ਅਤੇ ਛੋਟੇ ਵਪਾਰੀਆਂ ਲਈ ਸ਼ੁਰੂ ਕੀਤੀ ਗਈ ਪ੍ਰਧਾਨ ਮੰਤਰੀ ਸਵਨਿਧੀ ਯੋਜਨਾ ਹੁਣ 2030 ਤੱਕ ਜਾਰੀ ਰਹੇਗੀ। ਇਸ ਯੋਜਨਾ ਤਹਿਤ, ਸਰਕਾਰ 90,000 ਰੁਪਏ ਤੱਕ ਦੇ ਕਰਜ਼ੇ ਪ੍ਰਦਾਨ ਕਰਦੀ ਹੈ, ਜਿਸ ਨਾਲ ਲੋਕ ਆਸਾਨੀ ਨਾਲ ਆਪਣੇ ਕਾਰੋਬਾਰ ਸ਼ੁਰੂ ਜਾਂ ਮੁੜ ਸ਼ੁਰੂ ਕਰ ਸਕਦੇ ਹਨ। ਇਸ ਯੋਜਨਾ ਦੇ ਤਹਿਤ, ਕੁੱਲ 90,000 ਰੁਪਏ ਦਾ ਕਰਜ਼ਾ ਤਿੰਨ ਕਿਸ਼ਤਾਂ ਵਿੱਚ ਵੰਡਿਆ ਜਾਂਦਾ ਹੈ: ਪਹਿਲੀ ਕਿਸ਼ਤ ਵਿੱਚ 15,000, ਦੂਜੀ ਵਿੱਚ 25,000, ਅਤੇ ਤੀਜੀ ਵਿੱਚ 50,000 ਰੁਪਏ। ਇਸ ਕਰਜ਼ੇ ਦੀ ਸਭ ਤੋਂ ਮਹੱਤਵਪੂਰਨ ਵਿਸ਼ੇਸ਼ਤਾ ਇਹ ਹੈ ਕਿ ਇਹ ਬਿਨਾਂ ਕਿਸੇ ਗਰੰਟੀ ਜਾਂ ਕੋਈ ਜਾਇਦਾਦ ਗਿਰਵੀ ਰੱਖੇ ਬਗੈਰ ਪ੍ਰਾਪਤ ਕੀਤਾ ਜਾ ਸਕਦਾ ਹੈ। ਅਗਲੀ ਕਿਸ਼ਤ ਪਹਿਲੀ ਕਿਸ਼ਤ ਦੇ ਭੁਗਤਾਨ ਤੋਂ ਬਾਅਦ ਹੀ ਪ੍ਰਾਪਤ ਹੁੰਦੀ ਹੈ, ਅਤੇ ਪੂਰੀ ਰਕਮ ਪੜਾਵਾਂ ਵਿੱਚ ਵੰਡੀ ਜਾਂਦੀ ਹੈ। ਕਰਜ਼ਾ ਪ੍ਰਾਪਤ ਕਰਨ ਲਈ ਕਿਸੇ ਕਾਗਜ਼ੀ ਕਾਰਵਾਈ ਦੀ ਲੋੜ ਨਹੀਂ ਹੈ। ਤੁਸੀਂ ਸਿਰਫ਼ ਆਪਣੇ ਆਧਾਰ ਕਾਰਡ ਨਾਲ ਕਿਸੇ ਵੀ



ਸਰਕਾਰੀ ਬੈਂਕ ਵਿੱਚ ਅਰਜ਼ੀ ਦੇ ਸਕਦੇ ਹੋ। ਲੋੜੀਂਦੀ ਜਾਣਕਾਰੀ ਵਾਲਾ ਅਰਜ਼ੀ ਫਾਰਮ ਭਰੋ ਅਤੇ ਇਸਨੂੰ ਆਧਾਰ ਕਾਰਡ ਦੀ ਕਾਪੀ ਦੇ ਨਾਲ ਜਮ?ਹਾਂ ਕਰੋ। ਬੈਂਕ ਦੁਆਰਾ ਜਾਣਕਾਰੀ ਦੀ ਪੁਸ਼ਟੀ ਕਰਨ ਤੋਂ ਬਾਅਦ, ਕਰਜ਼ਾ ਮਨਜ਼ੂਰ ਹੋ ਜਾਂਦਾ ਹੈ। ਛੋਟੇ 5$9 ਵਿੱਚ ਕਰਜ਼ੇ ਦੀ ਰਕਮ ਵਾਪਸ ਕਰਨ ਦਾ ਵਿਕਲਪ ਵੀ ਉਪਲਬਧ ਹੈ। ਸੜਕ ਵਿਕਰੇਤਾਵਾਂ ਅਤੇ ਛੋਟੇ ਵਪਾਰੀਆਂ ਨੂੰ "♦9-ਲਿੰਕਡ ਕ੍ਰੈਡਿਟ ਕਾਰਡ ਵੀ ਪ੍ਰਦਾਨ ਕੀਤਾ ਜਾਂਦਾ ਹੈ। ਡਿਜੀਟਲ ਭੁਗਤਾਨਾਂ 'ਤੇ ਕੈਸ਼ਬੈਕ ਵੀ ਉਪਲਬਧ ਹੈ, ਜੋ ਕਾਰੋਬਾਰ ਨੂੰ ਉਤਸ਼ਾਹਿਤ ਕਰਨ ਵਿੱਚ ਮਦਦ ਕਰਦਾ ਹੈ। 9 ਦਸੰਬਰ, 2025 ਤੱਕ, ਪ੍ਰਧਾਨ ਮੰਤਰੀ ਸਵੈਨਿਧੀ ਯੋਜਨਾ ਦੇ ਤਹਿਤ 69.66 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ 15,191 ਕਰੋੜ ਰੁਪਏ ਤੋਂ ਵੱਧ ਦੇ 1.01 ਕਰੋੜ ਕਰਜ਼ੇ ਵੰਡੇ ਗਏ ਹਨ। ਇਨ੍ਹਾਂ ਵਿੱਚੋਂ, ਲਗਭਗ 4.8 ਮਿਲੀਅਨ ਲਾਭਪਾਤਰੀ ਡਿਜੀਟਲ ਤੌਰ 'ਤੇ ਸਰਗਰਮ ਹਨ। ਸਰਕਾਰ ਦਾ ਟੀਚਾ ਇਸ ਯੋਜਨਾ ਦੇ ਤਹਿਤ 1.15 ਕਰੋੜ ਸਟ?ਰੀਟ ਵਿਕਰੇਤਾਵਾਂ ਅਤੇ ਛੋਟੇ ਵਪਾਰੀਆਂ ਨੂੰ ਲਾਭ ਪਹੁੰਚਾਉਣਾ ਹੈ।

### ਚੋਰਾਂ ਨੇ ਕਰਿਆਨੇ ਦੀ ਦੁਕਾਨ ਨੂੰ ਬਣਾਇਆ ਨਿਸ਼ਾਨਾ, ਹਜ਼ਾਰਾਂ ਦੀ ਨਕਦੀ ਤੇ ਸਾਮਾਨ ਕੀਤਾ ਚੋਰੀ

ਕਪੂਰਥਲਾ 10 ਫਰਵਰੀ। ਥਾਣਾ ਢਿੱਲਵਾਂ ਅਧੀਨ ਪੈਂਦੇ ਪਿੰਡ ਰਾਏਪੁਰ ਅਰਾਈਆਂ ਵਿੱਚ ਚੋਰਾਂ ਵੱਲੋਂ ਇਕ ਕਰਿਆਨੇ ਦੀ ਦੁਕਾਨ ਨੂੰ ਨਿਸ਼ਾਨਾ ਬਣਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਦੁਕਾਨ ਮਾਲਕ ਬਲਜਿੰਦਰ ਸਿੰਘ ਪੁੱਤਰ ਸੁਰਜਨ ਸਿੰਘ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਸਵੇਰੇ ਕਰੀਬ 8 ਵਜੇ ਆਪਣੀ ਦੁਕਾਨ 'ਤੇ ਪਹੁੰਚਿਆ ਤਾਂ ਵੇਖਿਆ ਕਿ ਦੁਕਾਨ ਦੇ ਸ਼ਟਰ ਦੇ ਤਾਲੇ ਟੁੱਟੇ ਹੋਏ ਸਨ। ਸ਼ਟਰ ਚੁੱਕ ਕੇ ਅੰਦਰ ਜਾ ਕੇ ਜਦੋਂ ਉਸ ਨੇ ਸਾਮਾਨ ਦੀ ਜਾਂਚ ਕੀਤੀ ਤਾਂ ਕਾਊਂਟਰ ਦੇ ਦਰਾਜ ਵਿੱਚੋਂ ਲਗਭਗ 12 ਤੋਂ 15 ਹਜ਼ਾਰ ਰੁਪਏ ਦੀ ਨਕਦੀ, ਕੂਲ-ਲਿਪ ਦੇ ਪੈਕਟ, ਲਾਈਟਰ, ਸਿਲਵਰ ਪੇਪਰ ਸਮੇਤ ਹੋਰ ਕਈ ਸਾਮਾਨ ਗਾਇਬ ਪਾਇਆ ਗਿਆ।

## ਠੰਡ ਨੇ ਲੈ ਲਈ ਫੁੱਫੜ-ਭਤੀਜੇ ਦੀ ਜਾਨ, ਕੋਲੇ ਦੀ ਅੰਗੀਠੀ ਤੋਂ ਚੜ੍ਹੀ ਜ਼ਹਿਰੀਲੀ ਗੈਸ, ਘੁੱਟਿਆ ਦਮ

ਮਾਛੀਵਾੜਾ ਸਾਹਿਬ 10 ਫਰਵਰੀ। ਮਾਛੀਵਾੜਾ ਦੇ ਪਿੰਡ ਭੱਟੀਆਂ ਵਿਖੇ ਸਥਿਤ ਇੱਕ ਫੈਕਟਰੀ 'ਚ ਅੱਜ ਸਵੇਰੇ ਕੈਂਟਰ ਦੇ ਕੈਬਿਨ 'ਚ ਦੋ ਨੌਜਵਾਨਾਂ ਦੀਆਂ ਸ਼ੱਕੀ ਹਾਲਾਤ 'ਚ ਲਾਸ਼ਾਂ ਪਈਆਂ ਮਿਲੀਆਂ। ਸ਼ੰਕਾ ਜਤਾਈ ਜਾ ਰਹੀ ਹੈ ਕਿ ਉਨ੍ਹਾਂ ਵਲੋਂ ਠੰਡ ਤੋਂ ਬਚਾਅ ਲਈ ਕੋਲੇ ਪਾ ਕੇ ਅੰਗੀਠੀ ਬਾਲੀ ਹੋਈ ਸੀ, ਜਿਸ ਦੀ ਗੈਸ ਨਾਲ ਦਮ ਘੁੱਟਣ ਕਾਰਨ ਉਨ੍ਹਾਂ ਦੀ ਮੌਤ ਹੋਈ। ਫੈਕਟਰੀ ਦੇ ਸਕਿਓਰਿਟੀ ਸੁਪਰਵਾਈਜ਼ਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਕੈਂਟਰ ਰਿਫਾਇੰਡ ਤੇਲ ਲੈਣ ਲਈ 5 ਜਨਵਰੀ ਨੂੰ ਫੈਕਟਰੀ 'ਚ ਆਇਆ ਸੀ, ਜਿਸ ਦੇ ਚਾਲਕ ਦਾ ਨਾਂ ਛੋਟੂ ਵਾਸੀ ਪਿੰਡ ਡੂੰਗਰਾਂਵਾਲਾ, ਤਹਿਸੀਲ ਖੇਰਾਗੜ੍ਹ (ਯੂ. ਪੀ.) ਜਦੋਂ ਕਿ ਉਸ ਦੇ ਸਾਥੀ ਦਾ ਨਾਮ ਸ੍ਰੀ ਭਗਵਾਨ ਵਾਸੀ ਪਿੰਡ ਮਹਿਤਾ, ਜ਼ਿਲ੍ਹਾ ਭਰਤਪੁਰ (ਰਾਜਸਥਾਨ) ਸੀ। ਉਹ ਦੋਵੇਂ ਰਿਸ਼ਤੇ 'ਚ ਫੁੱਫੜ ਅਤੇ ਭਤੀਜਾ ਲੱਗਦੇ ਹਨ। ਜਦੋਂ ਇਹ ਦੋਵੇਂ ਅੱਜ ਕੈਬਿਨ 'ਚ ਮ੍ਰਿਤਕ ਪਾਏ ਗਏ ਤਾਂ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਗਿਆ। ਮੌਕੇ 'ਤੇ ਪੁੱਜੇ ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਫੈਕਟਰੀ ਦੇ ਪ੍ਰਬੰਧਕਾਂ ਅਨੁਸਾਰ ਇਹ ਦੋਵੇਂ ਨੌਜਵਾਨ ਰਾਤ ਖਾਣਾ ਖਾ ਕੇ ਕੈਂਟਰ ਦੇ ਕੈਬਿਨ 'ਚ ਸੌਂ ਗਏ ਅਤੇ ਇਨ੍ਹਾਂ ਨੇ ਠੰਡ ਤੋਂ ਬਚਾਅ ਲਈ ਕੋਲਿਆਂ ਵਾਲੀ ਅੰਗੀਠੀ ਬਾਲੀ ਹੋਈ ਸੀ। ਮੁੱਢਲੀ ਜਾਂਚ ਦੌਰਾਨ ਇਹ ਸਾਹਮਣੇ ਆ ਰਿਹਾ ਹੈ ਕਿ ਕੋਲਿਆਂ ਵਾਲੀ ਅੰਗੀਠੀ ਤੋਂ ਗੈਸ ਚੜ੍ਹਨ ਕਾਰਨ ਇਨ੍ਹਾਂ ਦਾ ਦਮ ਘੁੱਟਿਆ ਗਿਆ ਅਤੇ ਇਨ੍ਹਾਂ ਦੀ ਮੌਤ ਹੋ ਗਈ। ਥਾਣਾ ਮੁਖੀ ਅਨੁਸਾਰ ਫਾਰੈਂਸਿਕ ਟੀਮ ਬੁਲਾਈ ਗਈ ਹੈ, ਜੋ ਸਾਰੇ ਮਾਮਲੇ ਦੀ ਜਾਂਚ ਕਰੇਗੀ ਕਿ ਮੌਤ ਦੇ ਅਸਲ ਕਾਰਨ ਕੀ ਹਨ। ਪੁਲਸ ਅਨੁਸਾਰ ਦੋਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਉਹ ਅੱਜ ਬਾਅਦ ਦੁਪਹਿਰ ਤੱਕ ਮਾਛੀਵਾੜਾ ਥਾਣਾ ਵਿਖੇ ਪਹੁੰਚ ਜਾਣਗੇ। ਉਨ੍ਹਾਂ ਕਿਹਾ ਕਿ ਪੁਲਸ ਵਲੋਂ ਲਾਸ਼ਾਂ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭਿਜਵਾ ਦਿੱਤਾ ਗਿਆ ਹੈ, ਜਿਸ ਤੋਂ ਬਾਅਦ ਹੀ ਮੌਤ ਦੇ ਕਾਰਨਾਂ ਦਾ ਪਤਾ ਲੱਗੇਗਾ। ਕੈਬਿਨ 'ਚ ਪਈਆਂ ਦੋਵੇਂ ਲਾਸ਼ਾਂ ਕੋਲ ਕੋਲੇ ਦੀ ਅੰਗੀਠੀ ਵੀ ਬਰਾਮਦ ਹੋਈ ਹੈ, ਜਿਨ੍ਹਾਂ ਨੇ ਗੈਸ ਚੜ੍ਹਨ ਕਾਰਨ ਉਲਟੀਆਂ ਵੀ ਕੀਤੀਆਂ ਸਨ ਪਰ ਇਹ ਗੈਸ ਇੰਨੀ ਜ਼ਹਿਰੀਲੀ ਸੀ ਕਿ ਉਨ੍ਹਾਂ ਨੂੰ ਦਰਵਾਜ਼ਾ ਖੋਲ੍ਹਣ ਦਾ ਮੌਕਾ ਵੀ ਨਹੀਂ ਮਿਲਿਆ। ਮਾਛੀਵਾੜਾ ਨੇੜ੍ਹੇ ਅੱਜ ਵਾਪਰੇ ਦਰਦਨਾਕ ਹਾਦਸੇ 'ਚ ਜੋ ਜ਼ਹਿਰੀਲੀ ਗੈਸ ਚੜ੍ਹਨ ਕਾਰਨ 2 ਵਿਅਕਤੀਆਂ ਦੀ ਮੌਤ ਹੋਈ ਹੈ, ਉਸ 'ਚ ਮ੍ਰਿਤਕ ਸ੍ਰੀ ਭਗਵਾਨ ਦਾ ਡੇਢ ਸਾਲ ਪਹਿਲਾਂ ਵਿਆਹ ਹੋਇਆ ਸੀ ਅਤੇ ਜਦੋਂ ਉਸਦੀ ਪਤਨੀ ਨੂੰ ਫੋਨ 'ਤੇ ਸੂਚਨਾ ਮਿਲੀ ਕਿ ਉਹ ਦੁਨੀਆਂ 'ਚ ਨਹੀਂ ਰਿਹਾ ਤਾਂ ਉਸਦਾ ਰੋ-ਰੋ ਕੇ ਬੁਰਾ ਹਾਲ ਸੀ। ਦੂਜਾ ਮ੍ਰਿਤਕ ਡਰਾਈਵਰ ਛੋਟੂ ਪਰਿਵਾਰ ਦਾ ਪਾਲਣ-ਪੋਸ਼ਣ ਕਰਨ ਵਾਲਾ ਇਕਲੌਤਾ ਵਿਕਅਤੀ ਸੀ ਕਿਉਂਕਿ ਉਸਦੇ ਪਿਤਾ ਦੀ ਮੌਤ ਹੋ ਚੁੱਕੀ ਹੈ ਅਤੇ ਪਤਨੀ ਤੋਂ ਇਲਾਵਾ 2 ਛੋਟੇ-ਛੋਟੇ ਬੱਚੇ ਹਨ।

# ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ 'ਚ ਭ੍ਰਿਸ਼ਟਾਚਾਰ ਦੀ ਖੁੱਲ੍ਹੀ ਖੇਡ ! ਕਾਰਵਾਈ ਸਿਰਫ ਚੁਣੇ ਹੋਏ ਲੋਕਾਂ 'ਤੇ

ਕੌਮੀ ਪੱਤ੍ਰਿਕਾ

ਲੁਧਿਆਣਾ 10 ਫਰਵਰੀ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦਾ ਮੂਲ ਮਕਸਦ ਸੂਬੇ ਵਿਚ ਵਾਤਾਵਰਣ ਦੀ ਰੱਖਿਆ ਕਰਨਾ, ਉਦਯੋਗਾਂ ਤੋਂ ਨਿਕਲਣ ਵਾਲੇ ਪ੍ਰਦੂਸ਼ਣ 'ਤੇ ਕੰਟਰੋਲ ਰੱਖਣਾ ਅਤੇ ਆਮ ਲੋਕਾਂ ਦੀ ਸਿਹਤ ਦੀ ਸੁਰੱਖਿਆ ਕਰਨਾ ਹੈ ਪਰ ਜ਼ਮੀਨੀ ਹਕੀਕਤ ਇਸ ਤੋਂ ਬਿਲਕੁਲ ਉਲਟ ਨਜ਼ਰ ਆਉਂਦੀ ਹੈ। ਪੰਜਾਬ ਦੇ ਕਈ ਸ਼ਹਿਰਾਂ ਅਤੇ ਉਦਯੋਗਿਕ ਇਲਾਕਿਆਂ 'ਚ ਆਲਾਤ ਅਜਿਹੇ ਹਨ ਕਿ ਪ੍ਰਦੂਸ਼ਣ ਬੋਰਡ ਖੁਦ ਸਵਾਲਾਂ ਦੇ ਕਟਹਿਰੇ ਵਿਚ ਖੜ੍ਹਾ ਦਿਖਾਈ ਦਿੰਦਾ ਹੈ। ਸਥਾਨਕ ਲੋਕਾਂ, ਸਮਾਜਿਕ ਜਥੇਬੰਦੀਆਂ ਅਤੇ ਵਾਤਾਵਰਣ ਨਾਲ ਜੁੜੇ ਜਾਣਕਾਰਾਂ ਦਾ ਦੋਸ਼ ਹੈ ਕਿ ਬੋਰਡ 'ਚ ਭ੍ਰਿਸ਼ਟਾਚਾਰ ਇਸ ਕਦਰ ਹਾਵੀ ਹੋ ਚੁੱਕਾ ਹੈ ਕਿ ਨਿਯਮਾਂ ਦੀ ਪਾਲਣਾ ਕਰਵਾਉਣ ਵਾਲੀ ਸੰਸਥਾ ਹੀ ਨਿਯਮਾਂ ਨੂੰ ਤੋੜਨ ਵਾਲਿਆਂ ਦੀ ਢਾਲ ਬਣ ਗਈ ਹੈ। ਨਾਜਾਇਜ਼ ਤਰੀਕੇ ਨਾਲ ਚੱਲ ਰਹੀਆਂ ਇਕਾਈਆਂ 'ਤੇ ਅੱਖਾਂ ਮੀਟ ਲਈਆਂ ਜਾਂਦੀਆਂ ਹਨ, ਜਦੋਂ ਕਿ ਜਿਨ੍ਹਾਂ ਉਦਯੋਗਾਂ ਕੋਲ ਸਾਰੇ ਦਸਤਾਵੇਜ਼ ਅਤੇ ਮਨਜ਼ੂਰੀਆਂ ਹੁੰਦੀਆਂ ਹਨ, ਉਨ੍ਹਾਂ ਨੂੰ ਬਿਨਾਂ ਕਾਰਨ ਨੋਟਿਸ ਅਤੇ ਕਾਰਵਾਈ ਦਾ ਸਾਹਮਣਾ ਕਰਨਾ ਪੈਂਦਾ ਹੈ। ਸੂਤਰਾਂ ਦਾ ਕਹਿਣਾ ਹੈ ਕਿ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਕਾਰਵਾਈ ਪੂਰੀ ਤਰ੍ਹਾਂ ਨਿਰਪੱਖ ਨਹੀਂ ਹੈ, ਜਿਨ੍ਹਾਂ ਉਦਯੋਗਾਂ ਅਤੇ ਯੂਨਿਟਾਂ ਨੂੰ ਸਿਆਸੀ ਸਰਪ੍ਰਸਤੀ ਪ੍ਰਾਪਤ ਹੈ, ਉਨ੍ਹਾਂ ਖਿਲਾਫ ਸ਼ਾਇਦ ਹੀ ਕੋਈ ਠੋਸ ਕਾਰਵਾਈ ਹੁੰਦੀ ਹੋਵੇ, ਚਾਹੇ ਉਹ ਖੁੱਲ੍ਹੇਆਮ ਜ਼ਹਿਰੀਲਾ ਪਾਣੀ ਨਾਲਿਆਂ ਵਿਚ ਛੱਡ ਰਹੇ ਹੋਣ ਜਾਂ ਬਿਨਾਂ ਕਿਸੇ ਮਨਜ਼ੂਰੀ ਦੇ ਕੰਮ ਕਰ ਰਹੇ ਹੋਣ, ਉਨ੍ਹਾਂ ਨੂੰ ਹੱਥ ਪਾਉਣ ਤੋਂ ਅਧਿਕਾਰੀ ਕਤਰਾਉਂਦੇ ਹਨ। ਇਸ ਦੇ ਉਲਟ ਛੋਟੇ ਅਤੇ ਮੱਧ ਵਰਗੀ ਉਦਯੋਗ, ਜਿਨ੍ਹਾਂ ਕੋਲ ਸਿਆਸੀ ਪਹੁੰਚ ਨਹੀਂ ਹੁੰਦੀ, ਉਨ੍ਹਾਂ ਨੂੰ ਵਾਰ-ਵਾਰ ਨੋਟਿਸ ਭੇਜੇ ਜਾਂਦੇ ਹਨ। ਕਈ ਮਾਮਲਿਆਂ ਵਿਚ ਬਿਨਾਂ ਠੋਸ ਕਾਰਨ ਦੇ ਯੂਨਿਟ ਸੀਲ ਕਰ ਦਿੱਤੇ ਜਾਂਦੇ ਹਨ ਜਾਂ ਭਾਰੀ ਜੁਰਮਾਨਾ ਲਗਾਇਆ ਜਾਂਦਾ ਹੈ। ਸਵਾਲ ਇਹ ਉੱਠਦਾ ਹੈ ਕਿ ਕੀ ਪ੍ਰਦੂਸ਼ਣ ਕੰਟਰੋਲ ਕਾਨੂੰਨ ਸਾਰਿਆਂ ਲਈ ਬਰਾਬਰ ਨਹੀਂ ਹੈ ਜਾਂ ਫਿਰ ਇਹ ਸਿਰਫ ਕਮਜ਼ੋਰਾਂ 'ਤੇ ਲਾਗੂ ਹੁੰਦੇ ਹਨ? ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ 'ਚ ਸਟਾਫ ਦੀ ਭਾਰੀ ਕਮੀ ਵੀ ਇਕ ਗੰਭੀਰ ਸਮੱਸਿਆ ਹੈ। ਕਈ ਜ਼ਿਲਿਆਂ ਵਿਚ ਇਕ-ਇਕ ਐੱਸ. ਈ. ਅਤੇ ਜੇ. ਈ. ਦੇ ਜ਼ਿੰਮੇ ਪੂਰਾ ਜ਼ਿਲਾ ਸੌਂਪ ਦਿੱਤਾ ਗਿਆ ਹੈ। ਇੰਨੀ ਸੀਮਤ ਗਿਣਤੀ ਵਿਚ ਅਧਿਕਾਰੀ ਹੋਣ ਕਾਰਨ ਨਿਯਮ ਨਾਲ ਨਿਰੀਖਣ ਸੰਭਵ ਹੀ ਨਹੀਂ ਹੋ ਪਾਉਂਦਾ ਪਰ ਸਵਾਲ ਇਹ ਵੀ ਉੱਠਦਾ ਹੈ ਕਿ ਕੀ ਇਹ ਕਮੀ ਅਸਲ ਵਿਚ ਮਜਬੂਰੀ ਹੈ ਜਾਂ ਫਿਰ ਇਕ ਯੋਜਨਾਬੱਧ ਵਿਵਸਥਾ? ਵਾਤਾਵਰਣ ਮਾਹਰਾਂ ਦਾ ਮੰਨਣਾ ਹੈ ਕਿ ਸਟਾਫ ਦੀ ਕਮੀ ਦਾ ਬਹਾਨਾ ਬਣਾ ਕੇ ਕਈ ਨਾਜਾਇਜ਼ ਗਤੀਵਿਧੀਆਂ ਨੂੰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ। ਸਥਾਨਕ ਉਦਯੋਗਪਤੀਆਂ ਅਤੇ ਸਮਾਜਿਕ ਵਰਕਰਾਂ ਦਾ ਦੋਸ਼ ਹੈ ਕਿ ਕਈ ਐੱਸ. ਈ. ਅਤੇ ਜੇ. ਈ. ਪੂਰੀ ਤਰ੍ਹਾਂ ਬੇਲਗਾਮ ਹੋ ਚੁੱਕੇ ਹਨ। ਨਿਯਮਾਂ ਮੁਤਾਬਕ ਉਨ੍ਹਾਂ ਨੂੰ ਫੀਲਡ ਵਿਚ ਜਾ ਕੇ ਯੂਨਿਟਾਂ ਦੀ ਜਾਂਚ ਕਰਨੀ ਚਾਹੀਦੀ ਹੈ ਪਰ ਹਕੀਕਤ ਵਿਚ ਜ਼ਿਆਦਾਤਰ ਸਮਾਂ ਅਧਿਕਾਰੀ ਦਫਤਰਾਂ ਵਿਚ ਬੈਠ ਕੇ ਹੀਟਰ ਚਲਾ ਕੇ ਆਰਾਮ ਫਰਮਾਉਂਦੇ ਨਜ਼ਰ ਆਉਂਦੇ ਹਨ। ਫੀਲਡ ਦੌਰਾ ਕੇਵਲ ਉਨ੍ਹਾਂ ਮਾਮਲਿਆਂ 'ਚ ਹੁੰਦਾ ਹੈ, ਜਿਥੇ ਪਹਿਲਾਂ ਤੋਂ ਤੈਅ ਹੋਵੇ ਕਿ ਕਿਸ ਨੂੰ ਪ੍ਰੇਸ਼ਾਨ ਕਰਨਾ ਹੈ ਅਤੇ ਕਿਸ ਨੂੰ ਛੱਡ ਦੇਣਾ ਹੈ। ਕਈ ਵਾਰ ਸ਼ਿਕਾਇਤਾਂ ਦੇ ਬਾਵਜੂਦ ਅਧਿਕਾਰੀ ਮੌਕੇ 'ਤੇ ਜਾਣ ਦੀ ਹਿੰਮਤ ਤੱਕ ਨਹੀਂ ਕਰਦੇ। ਲੁਧਿਆਣਾ ਸਮੇਤ ਕਈ ਸ਼ਹਿਰਾਂ ਵਿਚ ਬੁੱਢਾ ਨਾਲੇ ਅੱਜ ਵੀ ਉਦਯੋਗਿਕ ਜ਼ਹਿਰ ਦਾ ਸਭ ਤੋਂ ਵੱਡੇ ਗਵਾਹ ਬਣੇ ਹੋਏ ਹਨ। ਇਲੈਕਟ?ਰੋਪਲੇਟਿੰਗ ਯੂਨਿਟ, ਡਾਇੰਗ ਯੂਨਿਟ, ਪ੍ਰਿੰਟਿੰਗ ਪ੍ਰੈੱਸ ਅਤੇ ਕੈਮੀਕਲ ਫੈਕਟਰੀਆਂ ਬਿਨਾਂ ਕਿਸੇ ਟ?ਰੀਟਮੈਂਟ ਦੇ ਆਪਣਾ ਗੰਦਾ ਪਾਣੀ ਸਿੱਧਾ ਨਾਲੇ ਵਿਚ ਛੱਡ ਰਹੀਆਂ ਹਨ। ਨਾਲੇ ਦਾ ਪਾਣੀ ਕਾਲਾ, ਬਦਬੂਦਾਰ ਅਤੇ ਜ਼ਹਿਰੀਲਾ ਹੋ ਚੁੱਕਾ ਹੈ। ਇਸ ਦੇ ਬਾਵਜੂਦ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਠੋਸ ਕਾਰਵਾਈ ਦਿਖਾਈ ਨਹੀਂ ਦਿੰਦੀ। ਸਵਾਲ ਇਹ ਹੈ ਕਿ ਜਦੋਂ ਪ੍ਰਦੂਸ਼ਣ ਖੁੱਲ੍ਹੇਆਮ ਹੋ ਰਿਹਾ ਹੈ ਤਾਂ ਬੋਰਡ ਦੀ ਨਿਗਰਾਨੀ ਵਿਵਸਥਾ ਕਿੱਥੇ ਹੈ? ਸ਼ਹਿਰਾਂ ਅਤੇ ਰਿਹਾਇਸ਼ੀ ਇਲਾਕਿਆਂ ਵਿਚ ਵੱਡੀ ਗਿਣਤੀ ਵਿਚ ਇਲੈਕਟ?ਰੋਪਲੇਟਿੰਗ, ਪ੍ਰਿੰਟਿੰਗ ਪ੍ਰੈੱਸ ਅਤੇ ਛੋਟੀਆਂ ਫੈਕਟਰੀਆਂ ਬਿਨਾਂ ਕਿਸੇ ਜਾਇਜ਼ ਮਨਜ਼ੂਰੀ ਦੇ ਚੱਲ ਰਹੀਆਂ ਹਨ। ਨਾ ਤਾਂ ਇਨ੍ਹਾਂ ਦੇ ਕੋਲ ਵਾਤਾਵਰਣ ਕਲੀਅਰੈਂਸ, ਨਾ ਹੀ ਪ੍ਰਦੂਸ਼ਣ ਕੰਟਰੋਲ ਦੇ ਯੰਤਰ। ਇਸ ਦੇ ਬਾਵਜੂਦ ਇਹ ਯੂਨਿਟ ਸਾਲਾਂ ਤੋਂ ਧੜੱਲੇ ਨਾਲ ਕੰਮ ਕਰ ਰਹੇ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਕਈ ਵਾਰ ਸ਼ਿਕਾਇਤਾਂ ਕੀਤੀਆਂ ਗਈਆਂ ਪਰ ਕਾਰਵਾਈ ਕੇਵਲ ਕਾਗਜ਼ਾਂ ਤੱਕ ਸੀਮਤ ਰਹੀ। ਕੁਝ ਮਾਮਲਿਆਂ 'ਚ ਅਧਿਕਾਰੀ ਆਏ ਵੀ ਤਾਂ ਮੈਨੇਜ ਤੋਂ ਬਾਅਦ ਮਾਮਲਾ ਠੰਢੇ ਬਸਤੇ ਵਿਚ ਪਾ ਦਿੱਤਾ ਗਿਆ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਸਿਰਫ ਇਕ ਸਰਕਾਰੀ ਵਿਭਾਗ ਨਹੀਂ ਸਗੋਂ ਕਰੋੜਾਂ ਲੋਕਾਂ ਦੀ ਸਿਹਤ ਨਾਲ ਜੁੜੀ ਸੰਸਥਾ ਹੈ। ਜੇਕਰ ਇਹੀ ਸੰਸਥਾ ਭ੍ਰਿਸ਼ਟਾਚਾਰ, ਪੱਖਪਾਤ ਅਤੇ ਲਾਪ੍ਰਵਾਹੀ ਦਾ ਅੱਡਾ ਬਣ ਜਾਵੇਗੀ ਤਾਂ ਆਮ ਆਦਮੀ ਕਿੱਥੇ ਜਾਵੇਗਾ? ਅੱਜ ਲੋੜ ਹੈ ਕਿ ਸਰਕਾਰ ਅਤੇ ਉੱਚ ਅਧਿਕਾਰੀ ਇਨ੍ਹਾਂ ਸਵਾਲਾਂ ਦਾ ਜਵਾਬ ਦੇਣ, ਕਿਉਂਕਿ ਇਹ ਲੜਾਈ ਸਿਰਫ ਨਿਯਮਾਂ ਦੀ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਦੀ ਹੈ।